ਰੋਜ਼ਾਨਾ ਲੋਕ ਬਾਣੀ ਨੂੰ ਪੱਤਰਕਾਰਾਂ ਦੀ ਲੋੜ
99155-94111

ਰੋਜ਼ਾਨਾ ਸੱਚ ਤੇ ਨਿਡਰ ਆਵਾਜ਼


# ਲੋਕ ਬਾਣੀ

Email : lokbani08@gmail.com    ਬੁੱਧਵਾਰ, 11 ਮਈ 2022    ਮੁੱਖ ਸੰਪਾਦਕ :- ਅਮਨ ਮਹਿਰਾ (ਜਲੰਧਰ)

ਇਸ਼ਤਿਹਾਰ ਲਵਾਓ ਵਪਾਰ ਵਧਾਓ
ਰੋਜ਼ਾਨਾ ਲੋਕ ਬਾਣੀ
ਅਖਬਾਰ ਵਿਚ ਸੰਪਰਕ ਕਰੋ
0181-2211009
Newslokbani@gmail.com

R.N.I. Punpun/29016/2008 ✲ ਸਾਲ : 14 ✲ ਅੰਕ : 423 ✲ ਮੁੱਲ : 5.00 ਰੁਪਏ ✲ ਕੁੱਲ ਪੇਜ਼ : 10 ✲ ਫੈਕਸ : 0181-2211009 ✲ M. 99155-94111

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm



# ਯੂਕਰੇਨ ਨੂੰ ਬਾਈਡੇਨ ਨੇ ਦਿੱਤੀ 40 ਬਿਲੀਅਨ ਡਾਲਰ ਦੀ ਸਹਾਇਤਾ

**ਵਾਸ਼ਿੰਗਟਨ/ਲੋਕ ਬਾਣੀ:-** ਅਮਰੀਕਾ ਦੇ ਰਾਸਟਰਪਤੀ ਜੋਅ ਬਾਈਡੇਨ ਨੇ ਯੂਕ੍ਰੇਨ ਨੂੰ 40 ਬਿਲੀਅਨ ਡਾਲਰ ਦੀ ਸਹਾਇਤਾ ਦੇਣ ਦੇ ਪ੍ਰਸਤਾਵ 'ਤੇ ਹਸਤਾਖਰ ਕਰਕੇ ਮਨਜ਼ੂਰੀ ਦੇ ਦਿੱਤੀ ਹੈ। ਯੂਕ੍ਰੇਨ 'ਤੇ ਰੂਸ ਦੇ ਹਮਲੇ ਖ?ਲਾਫ ਅਮਰੀਕਾ ਇੱਕ ਸੰਯੁਕਤ ਮੋਰਚਾ ਬਣਾਉਣ ਦੀ ਕੋਸ?ਸ ਕਰ ਰਿਹਾ ਹੈ। ਅਮਰੀਕਾ ਦੀ ਉਧਾਰ ਦੇਣ ਦੀ ਇਸ ਨੀਤੀ ਨੇ ਦੂਜੇ ਵਿਸਵ ਯੁੱਧ ਵਿੱਚ ਨਾਜੀ ਜਰਮਨੀ ਨੂੰ ਹਰਾਉਣ ਵਿੱਚ ਮਦਦ ਕੀਤੀ ਸੀ। ਯੂਕ੍ਰੇਨ ਨੂੰ ਦਿੱਤੀ ਜਾਣ ਵਾਲੀ ਇਸ ਵਿੱਤੀ ਸਹਾਇਤਾ ਨੂੰ ਅਮਰੀਕਾ ਦੀਆਂ ਰਿਪਬਲਿਕਨ ਅਤੇ ਡੈਮੋਕ੍ਰੇਟਿਕ ਪਾਰਟੀਆਂ ਦੇ ਨੇਤਾਵਾਂ ਨੇ ਮਨਜ਼ੂਰੀ ਦਿੱਤੀ ਹੈ। ਅਮਰੀਕੀ ਕਾਂਗਰਸ ਨੇ ਰੂਸ ਵਿਰੁੱਧ ਜੰਗ ਲੜਨ ਲਈ ਯੂਕ੍ਰੇਨ ਨੂੰ ਅਰਬਾਂ ਡਾਲਰ ਦੀ ਸਹਾਇਤਾ ਦੇਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਅਮਰੀਕਾ ਵੱਲੋਂ ਯੂਕ੍ਰੇਨ ਨੂੰ 40 ਬਿਲੀਅਨ ਡਾਲਰ ਦੀ ਫੌਜੀ ਅਤੇ ਮਨੁੱਖੀ ਸਹਾਇਤਾ ਪ੍ਰਦਾਨ ਕਰਾਈ ਜਾਵੇਗੀ। ਹਾਲਾਂਕਿ, ਰਾਸਟਰਪਤੀ ਬਾਈਡੇਨ ਨੇ ਕਾਂਗਰਸ ਨੂੰ 33 ਬਿਲੀਅਨ ਡਾਲਰ ਦੀ ਰਕਮ ਪ੍ਰਦਾਨ ਕਰਨ ਦੀ ਬੇਨਤੀ ਕੀਤੀ।



# ਪੰਜਾਬ 'ਚ ਮਿੰਨੀ ਬੱਸ ਪਲਟੀ 50 ਜਖਮੀ 3 ਦੀ ਮੌਤ

**ਫਾਜ਼ਿਲਕਾ/ਲੋਕ ਬਾਣੀ**

ਫਾਜਿਲਕਾ ਜਿਲ੍ਹੇ ਦੇ ਵਿਧਾਨ ਸਭਾ ਹਲਕਾ ਜਲਾਲਾਬਾਦ ਅਧੀਨ ਪਿੰਡ ਮੰਨੇਵਾਲਾ ਦੇ ਨੇੜੇ ਪੁਲ ਕੋਲ ਮਿੰਨੀ ਬੱਸ ਹਾਦਸੇ ਦਾ ਸ਼ਿਕਾਰ ਹੋ ਗਈ, ਜਿਸ ਕਾਰਨ ਦੋ ਔਰਤਾਂ ਸਣੇ ਤਿੰਨ ਜਾਨਾਂ ਚਲੀਆਂ ਗਈਆਂ ਤੇ 50 ਕਰੀਬ ਜਖਮੀ ਹੋ ਗਏ। ਇਹ ਬੱਸ ਮੰਡੀ ਰੋੜਾਂਵਾਲੀ ਤੋਂ ਜਲਾਲਾਬਾਦ ਵੱਲ ਜਾ ਰਹੀ ਸੀ ਅਤੇ ਖੇਤਾਂ ਵਿੱਚ ਪਲਟ ਗਈ। ਹਾਦਸੇ 'ਚ ਹੁਣ ਤੱਕ ਤਿੰਨ ਵਿਅਕਤੀਆਂ ਦੀ ਮੌਤ ਹੋ ਜਾਣ ਦੀ ਪੁਸ਼ਟੀ ਹੋਈ ਹੈ ਅੱਖੀਂ ਵੇਖਣ ਵਾਲਿਆਂ ਦਾ ਕਹਿਣਾ ਹੈ ਕਿ ਬੱਸ ਦੀ ਰਫਤਾਰ ਇੰਨੀ ਤੇਜ਼ ਸੀ ਕਿ ਬੱਸ ਦਾ ਡਰਾਈਵਰ ਉਸ ਨੂੰ ਕਾਬੂ ਵਿੱਚ ਨਹੀਂ ਕਰ ਸਕਿਆ ਤੇ ਬੱਸ ਖੇਤਾਂ ਵਿੱਚ ਜਾ ਕੇ ਪਲਟ ਗਈ। ਪੁਲੀਸ ਨੇ ਡਰਾਈਵਰ ਖਿਲਾਫ ਕੇਸ ਦਰਜ ਕਰ ਲਿਆ ਹੈ।

# ਹਿਮਾਚਲ ਦੇ ਮੁੱਖ ਮੰਤਰੀ ਨੂੰ ਦਿੱਤੀ ਐਸਜੇਐਫ ਨੇ ਧਮਕੀ



'ਸਿੱਖਸ ਫਾਰ ਜਸਟਿਸ' (ਐੱਸਐੱਫਜੇ) ਨੇ ਆਡੀਓ ਸੰਦੇਸ ਵਿੱਚ ਹਿਮਾਚਲ ਦੇ ਮੁੱਖ ਮੰਤਰੀ ਜੈ ਰਾਮ ਠਾਕੁਰ ਨੂੰ ਮੁਹਾਲੀ ਹਮਲੇ ਤੋਂ ਸਬਕ ਲੈਣ ਅਤੇ ਖਾਲਿਸਤਾਨ ਪੱਖੀ ਗਰੁੱਪ ਨਾਲ ਨਾ ਉਲਝਣ ਦੀ ਚਿਤਾਵਨੀ ਦਿੱਤੀ ਹੈ।

ਰਾਜ ਦੇ ਕੁੱਝ ਪੱਤਰਕਾਰਾਂ ਨੂੰ ਭੇਜੇ ਆਡੀਓ ਸੰਦੇਸ ਵਿੱਚ ਜਥੇਬੰਦੀ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂ ਨੇ ਸ੍ਰੀ ਠਾਕੁਰ ਨੂੰ ਧਮਕੀ ਦਿੱਤੀ ਕਿ ਜੇ ਉਹ ਧਰਮਸਾਲਾ ਵਿੱਚ ਖਾਲਿਸਤਾਨੀ ਝੰਡਾ ਲਹਿਰਾਉਣ ਵਿਰੁੱਧ ਕੋਈ ਕਾਰਵਾਈ ਕਰਦੇ ਹਨ ਤਾਂ ਇਸ ਦਾ ਜਵਾਬ ਹਿੰਸਾ ਵਿੱਚ ਦਿੱਤਾ ਜਾਵੇਗਾ।

ਮੁਹਾਲੀ ਵਿੱਚ ਪੰਜਾਬ ਪੁਲਿਸ ਖੁਫੀਆ ਵਿਭਾਗ ਹੈੱਡਕੁਆਰਟਰ 'ਤੇ ਹਮਲੇ ਦਾ ਹਵਾਲਾ ਦਿੰਦੇ ਹੋਏ ਕਿਹਾ, 'ਇਹ ਸ?ਮਿਲਾ ਵੀ ਹੋ ਸਕਦਾ ਸੀ।' ਧਮਕੀ ਵਿਚ ਇਹ ਵੀ ਕਿਹਾ ਗਿਆ ਹੈ ਕਿ ਅਜਿਹਾ ਹਮਲਾ ਸ਼ਿਮਲਾ ਵਿਚ ਵੀ ਹੋ ਸਕਦਾ ਹੈ। ਧਮਕੀ ਵਿਚ ਅੱਗੇ ਕਿਹਾ ਗਿਆ ਹੈ ਕਿ ਸਿੱਖ ਫ਼ਾਰ ਜਸਟਿਸ ਨੇ ਧਰਮਸ਼ਾਲਾ ਵਿਚ ਝੰਡੇ ਲਗਾਏ ਹਨ, ਇਸ ਭਾਈਚਾਰੇ ਨੂੰ ਨਾ ਭੜਕਾਓ ਨਹੀਂ ਤਾਂ ਇਸਦੇ ਨਤੀਜੇ ਭੁਗਤਣੇ ਪੈਣਗੇ।



# ਇੰਟੈਲੀਜੈਂਸ ਹੈੱਡਕੁਆਟਰ ਤੇ ਬਲਾਸਟ ਮਾਮਲੇ ਵਿੱਚ 12 ਵਿਅਕਤੀ ਲਏ ਹਿਰਾਸਤ ਵਿੱਚ

**ਚੰਡੀਗੜ੍ਹ/ਵਿਨੋਦ ਸ਼ਰਮਾ:-** ਮੋਹਾਲੀ ਦੇ ਸੈਕਟਰ 77 ਸਥਿਤ ਪੰਜਾਬ ਪੁਲਸ ਦੇ ਇੰਟੈਲੀਜੈਂਸ ਹੈੱਡਕੁਆਰਟਰ 'ਤੇ ਰਾਕੇਟ ਸੰਚਾਲਿਤ ਗ੍ਰਨੇਡ ਹਮਲੇ ਤੋਂ ਬਾਅਦ ਜ਼ਿਲ੍ਹਾ ਪੁਲਸ ਨੇ ਇਸ ਸਬੰਧ 'ਚ ਲਗਭਗ 12 ਵਿਅਕਤੀਆਂ ਨੂੰ ਹਿਰਾਸਤ 'ਚ ਲਿਆ ਹੈ ਅਤੇ ਉਨ੍ਹਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਇਸ ਦੌਰਾਨ ਪੁਲਿਸ ਨੇ ਸੋਹਾਣਾ ਥਾਣੇ ਵਿਚ ਧਾਰਾ 307, ਗੈਰਕਾਨੂੰਨੀ ਗਤੀਵਿਧੀਆਂ (ਰੋਕੂ) ਸੋਧ ਐਕਟ, 2008 (ਯੂ. ਏ. ਪੀ. ਏ) ਦੀ ਧਾਰਾ 16, ਅਤੇ ਵਿਸਫੋਟਕ ਐਕਟ ਦੀ ਧਾਰਾ 16 ਦੇ ਤਹਿਤ ਅਣਪਛਾਤੇ ਵਿਅਕਤੀਆਂ ਵਿਰੁੱਧ ਕੇਸ ਦਰਜ ਕੀਤਾ ਹੈ। ਇਹ ਮਾਮਲਾ ਪੰਜਾਬ ਪੁਲਸ ਇੰਟੈਲੀਜੈਂਸ ਹੈੱਡਕੁਆਰਟਰ, ਮੋਹਾਲੀ ਦੇ ਇੰਚਾਰਜ ਸਬ-ਇੰਸਪੈਕਟਰ ਬਲਕਾਰ ਸਿੰਘ ਦੇ ਬਿਆਨਾਂ 'ਤੇ ਦਰਜ ਕੀਤਾ ਗਿਆ ਹੈ। ਦਰਜ ਕਰਵਾਈ ਸ਼ਿਕਾਇਤ ਅਨੁਸਾਰ, ਪੰਜਾਬ ਪੁਲਸ ਇੰਟੈਲੀਜੈਂਸ ਹੈੱਡਕੁਆਰਟਰ ਮੋਹਾਲੀ ਦੇ ਸੁਰੱਖਿਆ ਇੰਚਾਰਜ ਬਲਕਾਰ ਸਿੰਘ ਨੇ ਦੱਸਿਆ ਕਿ ਉਹ ਸਾਮ ਨੂੰ ਡਿਊਟੀ 'ਤੇ ਸੀ ਅਤੇ ਸੋਮਵਾਰ ਸਾਮ 7.45 ਵਜੇ ਦੇ ਕਰੀਬ ਧਮਾਕਾ ਹੋਇਆ ਅਤੇ ਜਦੋਂ ਉਹ ਤੀਜੀ ਮੰਜ?ਲ 'ਤੇ ਗਿਆ ਤਾਂ ਉਸ ਨੇ ਕਮਰਾ ਨੰਬਰ 41 ਵਿਚੋਂ ਧੂੰਆਂ ਨਿਕਲਦਾ ਦੇਖਿਆ।



# ਨਹੀਂ ਰਹੇ ਦੇਸ਼ ਦੇ ਮਹਾਨ ਸੰਤੂਰ ਵਾਦਕ ਪੰਡਿਤ ਸ਼ਿਵ ਕੁਮਾਰ ਸ਼ਰਮਾ

**ਦਿੱਲੀ/ਕਪੂਰ**

ਮਸ਼ਹੂਰ ਭਾਰਤੀ ਸੰਗੀਤਕਾਰ ਅਤੇ ਸੰਤੂਰ ਵਾਦਕ ਪੰਡਿਤ ਸ਼ਿਵ ਕੁਮਾਰ ਸ਼ਰਮਾ ਯਾਂਚੇ ਦਾ ਅੱਜ ਦਿਹਾਂਤ ਹੋ ਗਿਆ ਹੈ। ਦਸ ਦੇਈਏ ਕਿ ਪ੍ਰਸਿੱਧ ਭਾਰਤੀ ਸੰਗੀਤਕਾਰ ਅਤੇ ਸੰਤੂਰ ਵਾਦਕ ਪੰਡਿਤ ਸ?ਿਵ ਕੁਮਾਰ ਸਰਮਾ ਨੇ ਭਾਰਤੀ ਸੰਗੀਤ ਨੂੰ ਆਪਣੀ ਵਿਸੇਸ ਸੈਲੀ ਕਾਰਨ ਅੰਤਰਰਾਸਟਰੀ ਪਛਾਣ ਦਵਾਈ।

# 17 ਨੂੰ ਕਿਸਾਨ ਜਥੇਬੰਦੀਆਂ ਕਰਨਗੀਆਂ ਪ੍ਰਦਰਸ਼ਨ



**ਜਲੰਧਰ/ਵਿਸ਼ਾਲ ਸ਼ੈਲੀ :-** ਕਿਸਾਨ ਜਥੇਬੰਦੀਆਂ ਦੀ ਬਿਜਲੀ ਮੰਤਰੀ ਨਾਲ ਬੈਠਕ ਬੇਸਿੱਟਾ ਰਹੀ ਹੈ, ਜਿਸ ਦੇ ਚੱਲਦਿਆਂ ਜਥੇਬੰਦੀਆਂ ਵੱਲੋਂ 17 ਮਈ ਨੂੰ ਪ੍ਰਦਰਸ਼ਨ ਦਾ ਐਲਾਨ ਕਰ ਦਿੱਤਾ ਹੈ। ਕਿਸਾਨ ਆਗੂਆਂ ਦਾ ਕਹਿਣਾ ਹੈ ਬਿਜਲੀ ਮੰਤਰੀ ਦੇ ਨਾਲ ਬੈਠਕ ਹੋਈ ਪਰ ਬੈਠਕ 'ਚ ਜਿਸ ਤਰ੍ਹਾਂ ਮੰਗਾਂ ਰੱਖੀਆਂ ਗਈਆਂ, ਉਸ 'ਚ ਕੋਈ ਸਹਿਮਤੀ ਬਣਦੀ ਨਜ਼ਰ ਨਹੀਂ ਆਈ। ਕਿਸਾਨ ਆਗੂਆਂ ਦਾ ਕਹਿਣਾ ਹੈ ਕਿ ਸਰਕਾਰ ਅੱਗੇ 25 ਮੰਗਾਂ ਰੱਖੀਆਂ ਗਈਆਂ ਸਨ। ਸਰਕਾਰ ਨਾਲ ਜਿਆਦਾਤਰ ਮੰਗਾਂ ਉਤੇ ਸਹਿਮਤ ਵੀ ਹੋ ਗਈ ਪਰ ਜੋ ਦੋ-ਚਾਰ ਜਰੂਰੀ ਮੰਗਾਂ ਹਨ, ਉਨ੍ਹਾਂ ਤੋਂ ਸਰਕਾਰ ਸਾਫ ਪੱਲਾ ਝਾੜ ਗਈ। ਉਨ੍ਹਾਂ ਕਿਹਾ ਕਿ ਸਰਕਾਰ ਰੈਗੂਲੇਟਰੀ ਕਮਿਸ਼ਨ ਦਾ ਬਹਾਨਾ ਲਾ ਕੇ ਟਾਲ ਰਹੀ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਝੋਨਾਂ ਲਾਉਣ ਬਾਰੇ ਐਲਾਨਿਆ ਫਾਰਮੂਲਾ ਬਿਲਕੁਲ ਮਨਜ਼ੂਰ ਨਹੀਂ ਹੈ।



ਰੋਜ਼ਾਨਾ ਲੋਕ ਬਾਣੀ ਗਰੁੱਪ ਨੂੰ ਹਰ ਦਿਨ ਮਿਲ ਰਹੇ ਪਿਆਰ ਤੇ ਲੋਕਾਂ ਦੇ ਹੱਕਾਂ ਦੇ ਰਾਖੇ ਬਣਨ ਲਈ ਹਰ ਵੇਲੇ ਤਿਆਰ ਰਹਿਣ ਵਾਲੀ ਪੂਰੇ ਪੰਜਾਬ ਦੀ ਟੀਮ ਵੀ ਵਧਾਈ ਦੀ ਪਾਤਰ ਹੈ।

**ਵੱਲੋਂ:- ਸ਼੍ਰੀ ਕੁਲਵੰਤ ਰਾਏ**

ਐਮਡੀ ਰੋਜ਼ਾਨਾ ਲੋਕ ਬਾਣੀ ਜਲੰਧਰ

0181-2211009

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਭਾਕਿਯੂ ਏਕਤਾ-ਉਗਰਾਹਾਂ ਵੱਲੋਂ ਠੇਕਾ ਕਾਮਿਆਂ ਦੇ ਸੰਘਰਸ਼ ਦੀ ਹਮਾਇਤ ਦਾ ਐਲਾਨ ਅਤੇ ਬੇਰੁਜ਼ਗਾਰ ਅਧਿਆਪਕਾਂ ਤੇ ਹੋਏ ਲਾਠੀਚਾਰਜ ਦੀ ਕੀਤੀ ਨਿਖੇਧੀ

**ਚੰਡੀਗੜ੍ਹ/ਲੋਕ ਬਾਣੀ**

ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਅਤੇ ਜਰਨਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਵਲੋਂ ਅੱਜ ਇੱਥੇ ਸਾਂਝਾ ਪ੍ਰੈਸ ਬਿਆਨ ਜਾਰੀ ਕਰਦਿਆਂ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ, ਠੇਕਾ ਭਰਤੀ ਟੀਚਰ ਯੂਨੀਅਨ ਅਤੇ ਪੀਆਰਟੀਸੀ ਠੇਕਾ ਕਾਮਿਆਂ ਦੇ ਚੱਲ ਰਹੇ ਸੰਘਰਸ਼ਾਂ ਦੀ ਹਮਾਇਤ ਕਰਨ ਦਾ ਐਲਾਨ ਕੀਤਾ ਗਿਆ ਹੈ। ਇਸ ਫ਼ੈਸਲੇ ਤਹਿਤ ਜਲ ਸਪਲਾਈ ਕਾਮਿਆਂ ਦੇ ਸੰਗਰੂਰ ਧਰਨੇ ਵਿੱਚ ਸੰਕੇਤਕ



ਸ਼ਮੂਲੀਅਤ ਵੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੁਲਾਜ਼ਮ ਆਗੂਆਂ ਮੁਤਾਬਿਕ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਇੱਕ ਪਾਸੇ ਤਾਂ ਵੱਖ ਵੱਖ ਸਰਕਾਰੀ ਵਿਭਾਗਾਂ ਵਿਚ ਕੰਮ ਕਰਦੇ ਕੱਚੇ ਮੁਲਾਜਮਾਂ ਨੂੰ ਪੱਕੇ ਕਰਨ ਦੇ ਵੱਡੇ ਵੱਡੇ ਦਾਅਵੇ ਕੀਤੇ ਜਾ ਰਹੇ ਹਨ ਪਰ ਦੂਜੇ ਪਾਸੇ ਇਨ੍ਹਾਂ ਮੁਲਾਜਮਾਂ ਦੇ ਕੱਚੇ ਰੁਜ਼ਗਾਰ ਵੀ ਖੋਹਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਸੰਗਰੂਰ ਵਿਖੇ ਸ਼ਾਂਤਮਈ ਧਰਨੇ 'ਤੇ ਬੈਠੇ ਕੱਚੇ ਅਧਿਆਪਕਾਂ ਦੀਆਂ ਹੱਕੀ ਮੰਗਾਂ ਮੰਨਣ ਦੀ ਬਜਾਏ ਪੁਲਿਸ ਵੱਲੋਂ ਧਰਨਾਕਾਰੀ ਮਰਦ ਔਰਤਾਂ ਸਮੇਤ ਬੱਚਿਆਂ ਦੀ ਬੇਕਿਰਕ ਖਿੱਚ ਧੂਹ ਕਰਨ, ਕੱਪੜੇ ਪਾੜਨ ਅਤੇ ਗ੍ਰਿਫ਼ਤਾਰੀਆਂ ਕਰਨ ਦੀ ਕਿਸਾਨ ਆਗੂਆਂ ਵੱਲੋਂ ਸਖ਼ਤ ਨਿਖੇਧੀ ਕੀਤੀ ਗਈ ਹੈ। ਇਸ ਜਾਬਰ ਕਾਰਵਾਈ ਸਮੇਂ ਦੋ ਅਧਿਆਪਕਾਂਵਾਂ ਦੇ ਬੇਹੋਸ਼ ਹੋਣ ਦੀ ਮੰਦਭਾਗੀ ਖ਼ਬਰ ਵੀ ਨਸ਼ਰ ਹੋਈ ਹੈ। ਇਸ ਮੌਕੇ ਗ੍ਰਿਫਤਾਰ ਕੀਤੇ ਗਏ ਸਾਰੇ ਮੁਲਾਜ਼ਮਾਂ ਨੂੰ ਰਿਹਾਅ ਕਰਨ ਅਤੇ ਇਸ ਅਣਮਨੁੱਖੀ ਕਾਰੇ ਲਈ ਜ਼ਿੰਮੇਵਾਰ ਪੁਲਿਸ ਅਧਿਕਾਰੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਗਈ ਹੈ। ਕਿਸਾਨ ਆਗੂਆਂ ਦਾ ਕਹਿਣਾ ਹੈ ਕਿ ਬੇਰੁਜ਼ਗਾਰੀ ਅਤੇ ਅਰਧ-ਰੁਜ਼ਗਾਰੀ ਦਾ ਸੰਤਾਪ ਹੰਢਾ ਰਹੇ ਇਹ ਨੌਜਵਾਨ ਆਮ ਕਿਸਾਨਾਂ ਮਜ਼ਦੂਰਾਂ ਤੇ ਹੋਰ ਗਰੀਬ ਕਿਰਤੀ ਪ੍ਰਵਾਰਾਂ ਦੇ ਹੀ ਜੰਮਪਲ਼ ਹਨ। ਜਿਹੜੇ ਕਿ ਭਾਰੀ ਕਰਜ਼ਿਆਂ ਥੱਲੇ ਦੱਬੇ ਹੋਏ ਖੁਦਕੁਸ਼ੀਆਂ ਦਾ ਸ਼ਿਕਾਰ ਹੋ ਰਹੇ ਹਨ। ਉਨ੍ਹਾਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਆਪਣੀ ਪਾਰਟੀ ਦੇ ਚੋਣ ਵਾਅਦਿਆਂ ਮੁਤਾਬਕ ਇਨ੍ਹਾਂ ਸਮੂਹ ਕੱਚੇ ਮੁਲਾਜ਼ਮਾਂ ਨੂੰ ਪੱਕੇ ਕੀਤਾ ਜਾਵੇ।

## ਭਾਜਪਾ ਲੀਡਰ ਤਜਿੰਦਰਪਾਲ ਬੱਗਾ ਨੂੰ ਵੱਡੀ ਰਾਹਤ, ਗ੍ਰਿਫ਼ਤਾਰੀ 'ਤੇ ਲੱਗੀ ਰੋਕ

**ਚੰਡੀਗੜ੍ਹ/ਲੋਕ ਬਾਣੀ**

ਭਾਜਪਾ ਲੀਡਰ ਤਜਿੰਦਰਪਾਲ ਬੱਗਾ ਨੂੰ ਹਾਈਕੋਰਟ ਤੋਂ ਵੱਡੀ ਰਾਹਤ ਦਿੰਦਿਆਂ ਹੋਇਆ ਗ੍ਰਿਫ਼ਤਾਰੀ 'ਤੇ ਰੋਕ ਲਗਾ ਦਿੱਤੀ ਹੈ। ਖ਼ਬਰਾਂ ਮੁਤਾਬਿਕ, 7 ਜੁਲਾਈ ਤੱਕ ਕੋਰਟ ਦੇ ਵੱਲੋਂ ਬੱਗਾ ਦੀ ਗ੍ਰਿਫਤਾਰੀ 'ਤੇ ਰੋਕ ਲਗਾ ਦਿੱਤੀ ਹੈ। ਇਸ ਦੇ ਨਾਲ ਹੀ ਦੱਸਿਆ ਇਹ ਵੀ ਜਾ ਰਿਹਾ ਹੈ ਕਿ, ਪੁਲਿਸ ਬੱਗਾ ਤੋਂ ਪੁੱਛਗਿੱਛ ਲਈ ਉਹਦੇ ਘਰ ਦਿੱਲੀ ਜਾ ਸਕਦੀ ਹੈ।

## ਕੁੱਲੂ ਮਨਾਲੀ ਘੁੰਮਣ ਵਾਲੇ ਯਾਤਰੀ ਹੁਣ 600 ਰੁਪਏ 'ਚ ਕਰ ਸਕਣਗੇ ਰੋਹਤਾਂਗ ਦੇ ਦਰਸ਼ਨ

**ਕੁੱਲੂ/ਲੋਕ ਬਾਣੀ**

ਵਿਸ਼ਵ ਪ੍ਰਸਿੱਧ ਰੋਹਤਾਂਗ ਪਾਸ, ਜਿਸ ਨੂੰ ਸੈਲਾਨੀਆਂ ਦੇ ਪਸੰਦੀਦਾ ਸਥਾਨਾਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ, ਅੱਜਕੱਲ੍ਹ ਇਹ ਸੈਰ-ਸਪਾਟਾ ( ) ਸਥਾਨ ਕਿਸੇ ਫਿਰਦੌਸ ਤੋਂ ਘੱਟ ਨਹੀਂ ਹੈ। ਕੁੱਲੂ ਮਨਾਲੀ ( ) ਆਉਣ ਵਾਲੇ ਸੈਲਾਨੀਆਂ ( ) ਨੂੰ ਮਈ ਮਹੀਨੇ 'ਚ ਵੀ ਬਰਫਬਾਰੀ ਹੋ ਰਹੀ ਹੈ। ਅਜਿਹੇ 'ਚ ਮਨਾਲੀ 'ਚ ਸੈਲਾਨੀਆਂ ਦੀ ਵਧਦੀ ਗਿਣਤੀ ਨੂੰ ਦੇਖਦੇ ਹੋਏ ਹੁਣ ਸੂਬਾ ਸਰਕਾਰ ( ) ਨੇ ਰੋਹਤਾਂਗ ਜਾਣ



ਵਾਲੇ ਸੈਲਾਨੀਆਂ ਲਈ ਇਲੈਕਟ੍ਰਿਕ ਬੱਸ ਸੇਵਾ ਸੁਰੂ ਕੀਤੀ ਹੈ। ਰੋਹਤਾਂਗ ਜਾਣ ਵਾਲੇ ਸੈਲਾਨੀ ਹੁਣ 'ਚ 600 ਰੁਪਏ ਪ੍ਰਤੀ ਸੀਟ 'ਤੇ ਐਡਵਾਂਸ ਬੁਕਿੰਗ ਕਰਵਾ ਕੇ ਰੋਹਤਾਂਗ ਘੁੰਮ ਸਕਦੇ ਹਨ। ਇਹ ਬੱਸਾਂ ਦੇ ਮਨਾਲੀ ਬੱਸ ਸਟੈਂਡ ਤੋਂ ਸਵੇਰੇ 8.30 ਅਤੇ 9.30 ਵਜੇ ਰਵਾਨਾ ਹੋਣਗੀਆਂ। ਹਾਲਾਂਕਿ, ਅੱਜ ਦੇ ਸੁਰੂਆਤੀ ਦਿਨਾਂ ਵਿੱਚ, ਐਚਆਰਟੀਸੀ ਨੇ ਰੋਹਤਾਂਗ ਲਈ ਸਿਰਫ ਤਿੰਨ ਬੱਸਾਂ ਸੁਰੂ ਕੀਤੀਆਂ ਹਨ, ਪਰ ਮੰਗ ਹੋਣ 'ਤੇ ਗਿਣਤੀ ਵਧਾਈ ਜਾਵੇਗੀ। ਸਰਕਾਰ ਦੇ ਇਸ ਫੈਸਲੇ ਨਾਲ ਮਈ-ਜੂਨ 'ਚ ਬਰਫ ਦੇਖਣ ਲਈ ਮਨਾਲੀ ਆਉਣ ਵਾਲੇ ਸੈਲਾਨੀਆਂ ਨੂੰ ਵੱਡੀ ਰਾਹਤ ਮਿਲੇਗੀ।

## ਪੰਜਾਬ 'ਚ ਆਯੁਸ਼ਮਾਨ ਸਕੀਮ ਨੂੰ ਬੰਦ ਕਰਨਾ ਮਾਨ ਸਰਕਾਰ ਦੀ ਵੱਡੀ ਨਾਕਾਮੀ : ਜੀਵਨ ਗੁਪਤਾ

**ਚੰਡੀਗੜ੍ਹ/ਲੋਕ ਬਾਣੀ**:- ਪੰਜਾਬ ਦੇ ਹਸਪਤਾਲਾਂ ਵੱਲੋਂ ਸੋਮਵਾਰ ਤੋਂ ਪ੍ਰਧਾਨ ਮੰਤਰੀ ਆਯੁਸ਼ਮਾਨ ਭਾਰਤ ਯੋਜਨਾ ਦੇ ਕਾਰਡ ਧਾਰਕਾਂ ਦਾ ਇਲਾਜ ਬੰਦ ਕੀਤੇ ਜਾਣ ਦਾ ਸਖਤ ਨੋਟਿਸ ਲੈਂਦਿਆਂ ਭਾਜਪਾ ਦੇ ਸੂਬਾ ਜਨਰਲ ਸਕੱਤਰ ਜੀਵਨ ਗੁਪਤਾ ਨੇ ਕਿਹਾ ਕਿ ਇਹ ਸਭ ਸਰਕਾਰ ਦੀ ਨਾਕਾਮੀ ਦਾ ਹਿੱਸਾ ਹੈ। ਪੰਜਾਬ ਦੀ ਭਗਵੰਤ ਮਾਨ ਸਰਕਾਰ ਅਤੇ ਇਸਦੀ ਪ੍ਰਤੱਖ ਮਿਸਾਲ ਹੈ। ਗੁਪਤਾ ਨੇ ਕਿਹਾ ਕਿ ਇਸ ਦੇ ਬੰਦ ਹੋਣ ਨਾਲ ਪੰਜਾਬ ਦੇ ਲੋੜਵੰਦ ਲੋਕਾਂ ਦਾ ਵੱਡਾ ਨੁਕਸਾਨ ਹੋਵੇਗਾ।



ਜੀਵਨ ਗੁਪਤਾ ਨੇ ਕਿਹਾ ਕਿ ਪੰਜਾਬ ਦੇ ਕਰੀਬ 45 ਲੱਖ ਲੋਕ ਇਸ ਸਕੀਮ ਦਾ ਲਾਭ ਲੈ ਰਹੇ ਹਨ। ਪਰ ਪਿਛਲੇ ਪੰਜ ਮਹੀਨਿਆਂ ਦੌਰਾਨ ਕਾਂਗਰਸ ਦੀ ਚੰਨੀ ਸਰਕਾਰ ਅਤੇ ਪੰਜਾਬ ਦੀ ਮੌਜੂਦਾ ਭਗਵੰਤ ਮਾਨ ਸਰਕਾਰ ਦੀਆਂ ਨਾਕਾਮੀਆਂ ਅਤੇ ਗਲਤ ਨੀਤੀਆਂ ਕਾਰਨ ਪ੍ਰਾਈਵੇਟ ਹਸਪਤਾਲਾਂ ਨੂੰ 250 ਕਰੋੜ ਰੁਪਏ ਤੋਂ ਵੱਧ ਦੀ ਅਦਾਇਗੀ ਨਹੀਂ ਕੀਤੀ ਗਈ, ਜਦੋਂ ਕਿ ਕੇਂਦਰ ਸਰਕਾਰ ਵੱਲੋਂ ਇਸ ਦਾ 60 ਫੀਸਦੀ ਹਿੱਸਾ ਦਿੱਤਾ ਗਿਆ। ਪੰਜਾਬ ਸਰਕਾਰ ਵੱਲੋਂ 250 ਕਰੋੜ ਤੋਂ ਵੱਧ ਰਾਸੀ ਦੀ ਅਦਾਇਗੀ ਨਾ ਕੀਤੇ ਜਾਣ ਕਾਰਨ ਪੰਜਾਬ ਦੇ 45 ਲੱਖ ਲੋੜਵੰਦ ਅਤੇ ਗਰੀਬ ਪਰਿਵਾਰ ਇਸ ਸਕੀਮ ਦੇ ਲਾਭ ਤੋਂ ਵਾਂਝੇ ਰਹਿ ਰਹੇ ਹਨ।

ਜੀਵਨ ਗੁਪਤਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਨੇ 2011 ਦੀ ਜਨਗਣਨਾ ਅਨੁਸਾਰ ਦੇਸ ਦੇ 10 ਕਰੋੜ ਪਰਿਵਾਰਾਂ ਨੂੰ ਲਾਭ ਪਹੁੰਚਾਉਣ ਦੇ ਉਦੇਸ ਨਾਲ 'ਪ੍ਰਧਾਨ ਮੰਤਰੀ ਆਯੁਸਮਾਨ ਭਾਰਤ ਯੋਜਨਾ' ਤਹਿਤ ਸੁਰੂ ਕੀਤੀ ਸੀ। ਇਸ ਸਕੀਮ ਤਹਿਤ ਸਰਕਾਰ ਵੱਲੋਂ ਦੇਸ ਦੇ 50 ਕਰੋੜ ਲੋਕਾਂ ਨੂੰ ਮੁਫਤ ਇਲਾਜ ਮੁਹੱਈਆ ਕਰਵਾਉਣਾ ਯਕੀਨੀ ਬਣਾਇਆ ਗਿਆ ਸੀ। ਯਾਨੀ 50 ਕਰੋੜ ਲੋਕਾਂ ਨੂੰ 5 ਲੱਖ ਰੁਪਏ ਪ੍ਰਤੀ ਪਰਿਵਾਰ ਸਾਲਾਨਾ ਸਿਹਤ ਸੁਰੱਖਿਆ ਦਿੱਤੀ ਜਾ ਰਹੀ ਹੈ। ਪ੍ਰਧਾਨ ਮੰਤਰੀ ਆਯੁਸਮਾਨ ਭਾਰਤ ਯੋਜਨਾ ਦੇ ਤਹਿਤ ਦੇਸ ਵਿੱਚ ਹਰ 12 ਸੈਕਿੰਡ ਵਿੱਚ ਇੱਕ ਗਰੀਬ ਵਿਅਕਤੀ ਦਾ ਮੁਫਤ ਇਲਾਜ ਹੋ ਰਿਹਾ ਹੈ। ਦੇਸ ਦੇ ਲੋੜਵੰਦ ਅਤੇ ਗਰੀਬ ਲੋਕ ਪ੍ਰਧਾਨ ਮੰਤਰੀ ਮੋਦੀ ਦੁਆਰਾ ਚਲਾਈ ਗਈ ਇਸ ਆਯੁਸਮਾਨ ਯੋਜਨਾ ਦਾ ਲਾਭ ਲੈ ਰਹੇ ਹਨ ਅਤੇ ਪ੍ਰਧਾਨ ਮੰਤਰੀ ਮੋਦੀ ਨੂੰ ਆਸੀਰਵਾਦ ਦੇ ਰਹੇ ਹਨ। ਪਰ ਪੰਜਾਬ ਸਰਕਾਰ ਦੀਆਂ ਅਯੋਗਤਾ ਅਤੇ ਗਲਤ ਨੀਤੀਆਂ ਕਾਰਨ ਪੰਜਾਬ ਦੇ ਲੋਕ ਇਸ ਸਕੀਮ ਦਾ ਲਾਭ ਲੈਣ ਤੋਂ ਵਾਂਝੇ ਰਹਿ ਗਏ ਹਨ।

ਜੀਵਨ ਗੁਪਤਾ ਨੇ ਦੱਸਿਆ ਕਿ ਇਸ ਸਕੀਮ ਤਹਿਤ ਕੇਂਦਰ ਸਰਕਾਰ ਦਾ ਹਿੱਸਾ 60 ਫੀਸਦੀ ਅਤੇ ਪੰਜਾਬ ਸਰਕਾਰ ਦਾ ਹਿੱਸਾ 40 ਫੀਸਦੀ ਸੀ। ਜਿਸ ਤਹਿਤ ਪੰਜਾਬ ਦੇ 700 ਦੇ ਕਰੀਬ ਪ੍ਰਾਈਵੇਟ ਹਸਪਤਾਲਾਂ ਨੂੰ ਪੰਜਾਬ ਸਰਕਾਰ ਵੱਲੋਂ 250 ਕਰੋੜ ਰੁਪਏ ਤੋਂ ਵੱਧ ਆਪਣੇ ਹਿੱਸੇ ਦਾ ਦੇਣਾ ਸੀ, ਜੋ ਕਿ ਭਗਵੰਤ ਮਾਨ ਸਰਕਾਰ ਵੱਲੋਂ ਅਜੇ ਤੱਕ ਨਹੀਂ ਦਿੱਤਾ ਗਿਆ। ਜਿਸ ਕਾਰਨ ਪ੍ਰਾਈਵੇਟ ਹਸਪਤਾਲਾਂ ਨੂੰ ਆਪਣੇ ਖਰਚੇ ਚਲਾਉਣ ਵਿੱਚ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਤੋਂ ਨਾਰਾਜ ਹੋ ਕੇ ਇੰਡੀਅਨ ਮੈਡੀਕਲ ਐਸੋਸੀਏਸਨ ਪੰਜਾਬ ਨੇ ਸੋਮਵਾਰ ਤੋਂ ਆਯੂਸਮਾਨ ਕਾਰਡ ਧਾਰਕਾਂ ਦਾ ਇਲਾਜ ਬੰਦ ਕਰਨ ਦਾ ਐਲਾਨ ਕੀਤਾ ਹੈ। ਗੁਪਤਾ ਨੇ ਮੰਗ ਕੀਤੀ ਕਿ ਭਗਵੰਤ ਮਾਨ ਸਰਕਾਰ ਪੰਜਾਬ ਦੇ ਪ੍ਰਾਈਵੇਟ ਹਸਪਤਾਲਾਂ ਦੀ 250 ਕਰੋੜ ਰੁਪਏ ਤੋਂ ਵੱਧ ਦੀ ਰੋਕੀ ਗਈ ਰਾਸੀ ਤੁਰੰਤ ਜਾਰੀ ਕਰੇ ਤਾਂ ਜੋ ਪੰਜਾਬ ਦੇ ਲੋੜਵੰਦ ਅਤੇ ਗਰੀਬ ਲੋਕ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਚਲਾਈ ਗਈ ਆਯੂਸਮਾਨ ਭਾਰਤ ਯੋਜਨਾ ਦਾ ਲਾਭ ਲੈ ਸਕਣ।

## ਤਰਨ ਤਾਰਨ ਨਸ਼ਾ ਛੁਡਾਊ ਕੇਂਦਰ ਵਿਚ ਦਵਾਈ ਲੈਣ ਆਏ ਨੌਜਵਾਨ ਨੇ ਲਿਆ ਫਾਹਾ



ਤਰਨ ਤਾਰਨ ਦੇ ਸਿਵਲ ਹਸਪਤਾਲ ਵਿਖੇ ਉਸ ਸਮੇ ਹਫੜਾ ਦਫੜੀ ਮੱਚ ਗਈ ਜਦ ਲੋਕਾਂ ਨੇ ਇੱਕ ਨੌਜਵਾਨ ਦੀ ਲਾਸ ਨੂੰ ਦਰੱਖਤ ਨਾਲ ਲਟਕਦੇ ਹੋਏ ਦੇਖਿਆ। ਇਸ ਬਾਰੇ ਤੁਰਤ ਸਿਵਲ ਹਸਪਤਾਲ ਦੇ ਐਸਐਮਓ ਨੂੰ ਸੂਚਿਤ ਕੀਤਾ ਗਿਆ ਅਤੇ ਪੁਲਿਸ ਨੂੰ ਮੌਕੇ ਉਤੇ ਬੁਲਾਇਆ ਗਿਆ। ਫਿਲਹਾਲ ਪੁਲਿਸ ਨੇ ਲਾਸ ਨੂੰ ਕਬਜੇ ਵਿਚ ਲੈ ਕੇ ਮਾਮਲੇ ਦੀ ਜਾਂਚ ਸੁਰੂ ਕਰ ਦਿੱਤੀ ਹੈ। ਮ੍ਰਿਤਕ ਦੀ ਪਛਾਣ ਗੁਰਪ੍ਰੀਤ ਸਿੰਘ ਗੋਪੀ ਵਜੋਂ ਹੋਈ ਹੈ ਜੋ ਕਿ ਤਰਨ ਤਾਰਨ ਦਾ ਰਹਿਣ ਵਾਲਾ ਹੈ ਅਤੇ ਨਸਾ ਕਰਨ ਦਾ ਆਦੀ ਸੀ। ਮ੍ਰਿਤਕ ਗੁਰਪ੍ਰੀਤ ਸਿੰਘ ਗੋਪੀ ਵਿਆਹ ਹੋਇਆ ਸੀ ਤੇ ਉਸ ਦੇ ਦੋ ਬੱਚੇ ਵੀ ਹਨ। ਦੱਸਿਆ ਜਾ ਰਿਹਾ ਹੈ ਕਿ ਉਹ ਕਾਫੀ ਲੰਮੇ ਸਮੇਂ ਤੋਂ ਨਸਾ ਕਰਨ ਦਾ ਆਦੀ ਸੀ ਜਿਸ ਕਾਰਨ ਇਸ ਦੀ ਪਤਨੀ ਅਤੇ ਬੱਚਿਆਂ ਨੇ ਇਸ ਨੂੰ ਛੱਡ ਦਿੱਤਾ ਸੀ। ਜਿਸ ਕਾਰਨ ਮ੍ਰਿਤਕ ਗੁਰਪ੍ਰੀਤ ਸਿੰਘ ਪ੍ਰੇਸਾਨ ਰਹਿੰਦਾ ਸੀ। ਤਰਨ ਤਾਰਨ ਨਸਾ ਛੁਡਾਊ ਕੇਂਦਰ ਵਿੱਚ ਇਸ ਦੀ ਦਵਾਈ ਵੀ ਚੱਲਦੀ ਸੀ। ਅੱਜ ਵੀ ਰੋਜਾਨਾ ਦੀ ਤਰ੍ਹਾਂ ਆਪਣੀ ਦਵਾਈ ਲੈਣ ਆਇਆ ਤੇ ਉਸ ਤੋਂ ਬਾਅਦ ਹਸਪਤਾਲ ਵਿਚ ਹੀ ਇਸ ਨੇ ਫਾਹਾ ਲਗਾ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ। ਤਰਨਤਾਰਨ ਹਸਪਤਾਲ ਦੇ ਐਸਐਮਓ ਡਾਕਟਰ ਧਵਨ ਨੇ ਦੱਸਿਆ ਕਿ ਘਟਨਾ ਦਾ ਪਤਾ ਚਲਦਿਆਂ ਪੁਲਿਸ ਨੂੰ ਸੁਚਨਾ ਦਿੱਤੀ ਜਿਸ ਤੋਂ ਬਾਅਦ ਘਟਨਾ ਵਾਲੀ ਥਾਂ ਉਤੇ ਪੁੱਜੀ ਪੁਲਿਸ ਨੇ ਨੌਜਵਾਨ ਦੀ ਲਾਸ਼ ਉਤਾਰ ਕੇ ਪੋਸਟਮਾਟਮ ਲਈ ਭੇਜ ਦਿੱਤਾ ਗਈ ਹੈ। ਐਸ.ਐਮ.ਓ ਡਾ ਧਵਨ ਨੇ ਕਿਹਾ ਕਿ ਇਹ ਵਿਅਕਤੀ ਨਸ਼ੇ ਦਾ ਆਦੀ ਸੀ ਜੋ ਕਾਫੀ ਸਮੇਂ ਤੋਂ ਓ.ਐਸ.ਟੀ ਸੈਂਟਰ ਤੋਂ ਦਵਾਈ ਖਾ ਰਿਹਾ ਸੀ। ਮ੍ਰਿਤਕ ਗੁਰਪ੍ਰੀਤ ਸਿੰਘ ਗੋਪੀ ਦੇ ਭਰਾ ਨੇ ਦੱਸਿਆ ਕਿ ਉਹ ਨਸੇ ਕਰਨ ਦਾ ਆਦੀ ਸੀ ਅਤੇ ਘਰ ਦਾ ਵੀ ਸਾਰਾ ਸਾਮਾਨ ਨਸੇ ਦੇ ਵਿੱਚ ਹੀ ਵੇਚ ਚੁੱਕਾ ਸੀ ਅਤੇ ਇਸ ਦੀ ਪਤਨੀ ਵੀ ਇਸ ਨੂੰ ਛੱਡ ਕੇ ਚਲੀ ਗਈ ਸੀ ਜਿਸ ਕਾਰਨ ਪ੍ਰੇਸਾਨ ਰਹਿੰਦਾ ਸੀ। ਮੌਕੇ ਉਤੇ ਪਹੁੰਚੇ ਥਾਣਾ ਸਿਟੀ ਤਰਨ ਤਾਰਨ ਦੇ ਪੁਲਿਸ ਅਧਿਕਾਰੀ ਨੇ ਦੱਸਿਆ ਕਿ ਲਾਸ ਨੂੰ ਕਬਜੇ ਵਿਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ।

## ਭੱਠਾ ਮਜ਼ਦੂਰ ਯੂਨੀਅਨ ਨੇ ਫ਼ਿਰੋਜ਼ਪੁਰ ਫ਼ਾਜ਼ਿਲਕਾ ਹਾਈਵੇਅ ਕੀਤਾ ਜਾਮ

**ਮੰਡੀ ਘੁਬਾਇਆ/ਲੋਕ ਬਾਣੀ**

ਜ਼ਿਲ੍ਹਾ ਫ਼ਾਜ਼ਿਲਕਾ ਅਧੀਨ ਪੈਂਦੀ ਮੰਡੀ ਘੁਬਾਇਆ ਦੇ ਨੇੜੇ ਮੌਜੇ ਵਾਲਾ ਦੀ ਪੁਲ ਤੇ ਭੱਠਾ ਮਜ਼ਦੂਰ ਯੂਨੀਅਨ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਧਰਨਾ ਲਗਾਇਆ ਹੈ ਤੇ ਫ਼ਿਰੋਜਪੁਰ-ਫ਼ਾਜ਼ਿਲਕਾ ਹਾਈਵੇਅ ਜਾਮ ਕਰ ਦਿੱਤਾ ਹੈ। ਜਾਣਕਾਰੀ ਅਨੁਸਾਰ ਭੱਠਾ ਮਾਲਕਾਂ ਵਲੋਂ ਸਰਕਾਰੀ ਰੇਟ ਦੀ ਬਜਾਇ ਆਪਣੀ ਮਰਜ਼ੀ ਦਾ ਰੇਟ ਦੇਣ ਦੇ ਚੱਲਦਿਆਂ ਇਹ ਧਰਨਾ ਲਗਾਇਆ ਗਿਆ ਹੈ ਅਤੇ ਇਹ ਧਰਨਾ ਅਣਮਿਥੇ ਸਮੇਂ ਲਈ ਲਗਾਇਆ ਗਿਆ ਹੈ।

## ਪੰਜਾਬ ਸਰਕਾਰ ਵੱਲੋਂ ਨਾਇਬ ਤਹਿਸੀਲਦਾਰ ਸਸਪੈਂਡ

**ਚੰਡੀਗੜ੍ਹ/ਲੋਕ ਬਾਣੀ**

ਪੰਜਾਬ ਸਰਕਾਰ ਵੱਲੋਂ ਜੀਕਰਪੁਰ ਦੇ ਨਾਇਬ ਤਹਿਸੀਲਦਾਰ ਹਰਮਿੰਦਰ ਸਿੰਘ ਨੂੰ ਸਸਪੈਂਡ ਕਰ ਦਿੱਤਾ ਗਿਆ ਹੈ।

# ਭਾਰਤ ਵਿਕਾਸ ਪ੍ਰੀਸਦ ਵੱਲੋਂ 11 ਮਈ ਨੂੰ ਬਾਬਾ ਗੇਦੀ ਰਾਮ ਵਿਖੇ ਲਗਾਇਆ ਜਾਵੇਗਾ ਅੱਖਾਂ ਦਾ ਫ੍ਰੀ ਚੈੱਕਅਪ ਕੈਂਪ



**ਧਰਮਕੋਟ/ਦਵਿੰਦਰ ਸਿੰਘ ਬਿੱਟੂ**

ਭਾਰਤ ਵਿਕਾਸ ਪ੍ਰੀਸ਼ਦ ਧਰਮਕੋਟ ਦੀ ਅਹਿਮ ਮੀਟਿੰਗ ਪ੍ਰਧਾਨ ਗੌਰਵ ਸ਼ਰਮਾ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿਚ ਬਾਬਾ ਗੇਦੀ ਰਾਮ ਦੇ ਭੰਡਾਰੇ ਤੇ 11 ਮਈ ਨੂੰ ਹਰ ਸਾਲ ਦੀ ਤਰ੍ਹਾਂ ਲਾਏ ਜਾ ਰਹੇ ਮੁਫ਼ਤ ਅੱਖਾਂ ਦੇ ਜਾਂਚ ਕੈਂਪ ਦਾ ਪੋਸਟਰ ਅਤੇ ਕਾਰਡ ਜਾਰੀ ਕੀਤਾ ਗਿਆ।

ਇਸ ਮੌਕੇ ਉਨ੍ਹਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਕੈਂਪ ਦਾ ਉਦਘਾਟਨ ਗੁਰਦਿਆਲ ਸਿੰਘ ਬੁੱਟਰ ਡਾਇਰੈਕਟਰ ਭਾਈ ਘਨਈਆ ਏਕਤਾ ਨਰਸਿੰਗ ਕਾਲਜ ਧਰਮਕੋਟ ਅਤੇ ਅਸ਼ਵਨੀ ਕੁਮਾਰ ਪੰਜਾਬ ਪ੍ਰਧਾਨ ਅਰੋੜਾ ਵੰਸ਼ ਸਭਾ ਕਰਨਗੇ। ਸੰਸਥਾ ਦੇ ਪ੍ਰਧਾਨ ਗੌਰਵ ਸ਼ਰਮਾ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਮਰੀਜ਼ਾਂ ਨੂੰ ਦਵਾਈਆਂ ਅਤੇ ਐਨਕਾਂ ਮੁਫ਼ਤ ਦਿੱਤੀਆਂ ਜਾਣਗੀਆਂ। ਇਸ ਮੌਕੇ ਅੱਖਾਂ ਦੀ ਜਾਂਚ ਸਿਵਲ ਸਰਜਨ ਮੋਗਾ ਵੱਲੋਂ ਕੀਤੀ ਜਾਵੇਗੀ। ਕੈਂਪ ਨੂੰ ਵਿਸ਼ੇਸ਼ ਸਹਿਯੋਗ ਬਾਬਾ ਜਗਦੇਵ ਸਿੰਘ ਜੀ ਨਿਰਮਲ ਕੁਟੀਆ ਵਾਲੇ ਵੱਲੋਂ ਦਿੱਤਾ ਜਾ ਰਿਹਾ ਹੈ।

ਮੀਟਿੰਗ 'ਚ ਡਾਕਟਰ ਰਾਜੇਸ਼ ਪੁਰੀ ਨੈਸ਼ਨਲ ਸੈਕਟਰੀ, ਰਾਕੇਸ਼ ਸਚਦੇਵਾ ਸੇਵਾ ਮੁਕਤ ਪ੍ਰਿੰਸੀਪਲ, ਡਾਕਟਰ ਹਰਵਿੰਦਰ ਸਿੰਘ ਲਾਡੀ, ਤਰਸੇਮ ਲਾਲ ਅਰੋੜਾ ਚੇਅਰਮੈਨ, ਚੇਅਰਮੈਨ ਅਤੁਲ ਕੁਮਾਰ ਨੌਹਰੀਆ ,ਰਾਜ ਕੁਮਾਰ ਦੇਵਗਨ, ਬਬਲੂ ਅਹੂਜਾ, ਨਰਿੰਦਰ ਗਰੋਵਰ, ਰਾਜਾ ਬਤਰਾ, ਮਾਸਟਰ ਪਵਨ ਕੁਮਾਰ, ਮਨਜੀਤ ਸਿੰਘ, ਰੁਪਿੰਦਰ ਸਿੰਘ ਰਿੰਪੀ, ਰਕੇਸ਼ ਕੁਮਾਰ ਲੱਕੀ, ਲੱਕੀ ਨਰੂਲਾ, ਭੂਸ਼ਨ ਬਾਂਸਲ, ਰਮੇਸ਼ ਢੀਂਗਰਾ, ਚੰਦਰ ਮੋਹਨ ਸੇਠੀ, ਵਿਜੈ ਗੋਇਲ,f ਛੰਦਰਪਾਲ ਸਿੰਘ, ਬਲਕਾਰ ਸਿੰਘ ਛਾਬੜਾ, ਅਨੰਦ ਗੁਪਤਾ, ਮਦਨ ਤਲਵਾੜ, ਨਵੀਨ ਕੁਮਾਰ, ਬੌਬੀ ਪ੍ਰਿੰਗਿ ਪ੍ਰੈੱਸ, ਵਾਸੂ ਆਦਿ ਹਾਜ਼ਰ ਸਨ।

# ਰਾਹੋਂ ਬੱਸ ਸਟੈਂਡ ਤੇ ਪਈ ਗੰਦਗੀ ਦੇ ਢੇਰਾਂ ਤੋਂ ਹੋਏ ਮੁਸਾਫਿਰ ਤੇ ਦੁਕਾਨਦਾਰ ਪ੍ਰੇਸ਼ਾਨ



**ਸ਼ਹੀਦ ਭਗਤ ਸਿੰਘ ਨਗਰ,ਰਾਹੋਂ/ਲੋਕ ਬਾਣੀ**

ਕਿਰਨ ਬਾਲਾ) ਸਥਾਨਕ ਬੱਸ ਸਟੈਂਡ ਤੇ ਪਈ ਗੰਦਗੀ ਅਤੇ ਮੁਸਾਫਿਰ ਖਾਨਾ ਬਣਾਉਂਣ ਤੋਂ ਬਾਅਦ ਰੇਤਾ,ਬਜਰੀ,ਅਤੇ ਉਸ ਤੇ ਹੋਰ ਪਏ ਕੂੜੇ ਦੇ ਢੇਰਾਂ ਤੋਂ ਦੁਕਾਨਦਾਰ ਅਤੇ ਆਉਂਣ ਜਾਉਂਣ ਵਾਲੇ ਮੁਸਾਫਿਰ ਭਾਰੀ ਪ੍ਰੇਸ਼ਾਨੀ ਵਿੱਚ ਹਨ।ਬੱਸ ਸਟੈਂਡ ਤੇ ਸਥਿਤ ਦੁਕਾਨਦਾਰਾਂ ਅਤੇ ਬੱਸਾਂ ਦੀ ਉਡੀਕ ਕਰ ਰਹੇ ਮੁਸਾਫਿਰਾਂ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਪਿਛਲੇ ਇੱਕ ਸਾਲ ਤੋਂ ਬੱਸ ਸਟੈਂਡ ਤੇ ਮੁਸਾਫਿਰ ਖਾਨਾ ਬਣਾਇਆ ਜਾ ਰਿਹਾ ਸੀ ਤੇ ਉਹ ਬਣ ਕੇ ਪੂਰਾ ਵੀ ਹੋ ਚੁੱਕਿਆ ਹੈ ਪਰ ਠੇਕੇਦਾਰ ਵਲੋਂ ਇਥੋਂ ਵਾਧੂ ਪਿਆ ਮਟੀਰੀਅਲ ਰੇਤਾ-ਬਜਰੀ ਅਤੇ ਮਿੱਟੀ ਨਹੀਂ ਚੁੱਕ ਕੇ ਗਏ।ਇਹ ਰੇਤਾ ਬਜਰੀ ਸਾਰੇ ਬੱਸ ਸਟੈਂਡ ਵਿੱਚ ਖਿਲਰ ਚੁੱਕਾ ਹੈ ਤੇ ਬਣ-ਠਣ ਕੇ ਆਏ ਮੁਸਾਫਿਰਾਂ ਨੇ ਦੀ ਟੋਹਰ ਖਰਾਬ ਕਰਦਾ ਹੈ।ਮੁਸਾਫਿਰਾਂ ਨੇ ਦੱਸਿਆ ਕਿ ਇਥੇ ਬੱਸਾਂ ਦੀ ਉਡੀਕ ਲਈ ਦੱਸ ਤੋਂ ਪੰਦਰਾਂ ਮਿੰਟ ਖੜਨਾ ਵੀ ਔਖਾ ਹੈ।ਕਿਉਂਕਿ ਬੱਸ ਸਟੈਂਡ ਤੇ ਬੈਠ ਕੇ ਇੰਤਜਾਰ ਕਰਨ ਦਾ ਕੋਈ ਪ੍ਰਬੰਧ ਨਹੀਂ ਹੈ ਅਤੇ ਜਦੋਂ ਹਵਾ ਚਲਦੀ ਹੈ ਤਾਂ ਸਾਰੀ ਗੰਦਗੀ ਉਡਦੀ ਹੈ ਅਤੇ ਉਹਨਾਂ ਸਿਰ ਭਰ ਦਿੰਦੀ ਹੈ ਕਪੜੇ ਵੀ ਮਿੱਟੀ ਗੰਦੇ ਕਰ ਦਿੰਦੀ ਹੈ।ਮੁਸਾਫਿਰਾਂ ਨੂੰ ਬੱਸ ਸਟੈਂਡ ਸਥਿਤ ਦੁਕਾਨਾਂ ਦੇ ਅੰਦਰ ਬੈਠਣਾ ਪੈਂਦਾ ਹੈ ਜਿਸ ਕਰਕੇ ਦੁਕਾਨਦਾਰ ਵੀ ਪ੍ਰੇਸ਼ਾਨ ਪ੍ਰੇਸ਼ਾਨ ਹੁੰਦੇ ਹਨ।ਉਹਨਾਂ ਕਿਹਾ ਕਿ ਇਸ ਸੰਬਧੀ ਕਈ ਵਾਰ ਨਗਰ ਕੌਂਸਲ ਅਧਿਕਾਰੀਆਂ ਤੇ ਨਗਰ ਕੌਂਸਲ ਪ੍ਰਧਾਨ ਦੇ ਧਿਆਨ ਵਿੱਚ ਲਿਆਂਦਾ ਪਰ ਕੋਈ ਵੀ ਇਸ ਪਾਸੇ ਵੱਲ੍ਹ ਧਿਆਨ ਨਹੀਂ ਦਿੰਦਾ।ਉਹਨਾਂ ਨਗਰ ਕੌਂਸਲ ਅਧਿਕਾਰੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਘਰ ਦੇ ਭਾਗ ਘਰ ਦੀ ਡਿਓੜੀ ਤੋਂ ਹੀ ਪਤਾ ਲੱਗ ਜਾਂਦੇ ਹਨ। ਇਸ ਨੂੰ ਜਲਦ ਤੋਂ ਜਲਦ ਸਾਫ ਕੀਤਾ ਜਾਵੇ ਤੇ ਮੁਸਾਫਿਰ ਖਾਨੇ ਵਿੱਚ ਬੈਠਣ ਦਾ ਪ੍ਰਬੰਧ ਕੀਤਾ ਜਾਵੇ।

# ਪੰਜਾਬ ਸਕਿੱਲ ਡਿਵੈਲਪਮੈਂਟ ਮਿਸ਼ਨ ਵੱਲੋਂ ਨੌਜਵਾਨਾਂ ਲਈ ਮੁਫ਼ਤ ਕਿੱਤਾਮੁਖੀ ਸਿਖਲਾਈ

**ਲੁਧਿਆਣਾ/ਸੁਖਚੈਨ ਮਹਿਰਾ**

ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ੍ਰੀ ਅਮਿਤ ਕੁਮਾਰ ਪੰਚਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਕਿੱਲ ਡਿਵੈੱਲਪਮੈਂਟ ਮਿਸ਼ਨ ਅਤੇ ਐੱਲ ਐਂਡ ਟੀ ਸੀ ਐੱਸ ਟੀ ਆਈ ਪਿਲਖੁਵਾ ਦੁਆਰਾ ਪੰਜਾਬ ਦੇ ਨੌਜਵਾਨਾਂ ਲਈ 45-90 ਦਿਨਾਂ ਦੀ ਕਿੱਤਾਮੁਖੀ ਰਿਹਾਇਸ਼ੀ ਟ੍ਰੇਨਿੰਗ ਦਿੱਤੀ ਜਾਵੇਗੀ। ਸ੍ਰੀ ਪੰਚਾਲ ਨੇ ਦੱਸਿਆ ਕਿ ਇਨ੍ਹਾਂ ਕਿੱਤਾਮੁਖੀ ਕੋਰਸਾਂ ਵਿੱਚ ਫਾਰਮਵਰਕ, ਸਕੈਫੋਲਡਿੰਗ, ਬਾਰ ਬੈਂਡਿੰਗ ਅਤੇ ਸਟੀਲ ਫਿਕਸਿੰਗ ਨਿਰਮਾਣ ਇਲੈਕਟ੍ਰੀਸ਼ੀਅਨ, ਸੋਲਰ ਪੀ.ਵੀ. ਟੈਕਨੀਸ਼ੀਅਨਜ, ਕੰਕਰੀਟ ਲੈਬ ਅਤੇ ਫੀਲਡ ਟੈਸਟਿੰਗ ਅਤੇ ਪਲੰਬਰ ਦੇ ਕੋਰਸ ਸ਼ਾਮਲ ਹਨ। ਜ਼ਿਕਰਯੋਗ ਹੈ ਕਿ ਪੰਜਾਬ ਸੂਬੇ ਵਿੱਚ ਬੇਰੁਜ਼ਗਾਰੀ ਨੂੰ ਘਟਾਉਣ ਦੇ ਮੰਤਵ ਨਾਲ ਪੰਜਾਬ ਹੁਨਰ ਵਿਕਾਸ ਮਿਸ਼ਨ ਵੱਲੋਂ ਗਰੀਬ ਬੇਰੋਜ਼ਗਾਰ ਨੌਜਵਾਨ ਲੜਕੇ-ਲੜਕੀਆਂ ਲਈ ਮੁਫ਼ਤ ਕਿੱਤਾਮੁਖੀ ਕੋਰਸ ਕਰਵਾਏ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਫਾਰਮਵਰਕ ਕੋਰਸ ਲਈ ਕਾਰਪੈਂਟਰ/ਡ੍ਰਾਫਟ ਮੈਨ ਸਿਵਲ/ਫਿਟਰ ਟਰੇਡ ਵਿੱਚ ਆਈ.ਟੀ.ਆਈ. ਜਾਂ ਦਸਵੀਂ ਪਾਸ ਨੂੰ ਤਰਜ਼ੀਹ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਸਕੈਫੋਲਡਿੰਗ ਲਈ ਫਿਟਰ/ਡ੍ਰਾਫਟਸਮੈਨ ਸਿਵਲ ਟਰੇਡ ਵਿੱਚ ਆਈ.ਟੀ.ਆਈ. ਜਾਂ ਦਸਵੀਂ ਪਾਸ, ਬਾਰ ਬੈਂਡਿੰਗ ਅਤੇ ਸਟੀਲ ਫਿਕਸਿੰਗ ਲਈ ਫਿਟਰ/ਡ੍ਰਾਫਟਸਮੈਨ ਸਿਵਲ ਟਰੇਡ ਵਿੱਚ ਆਈ.ਟੀ.ਆਈ. ਜਾਂ ਦਸਵੀਂ ਪਾਸ, ਨਿਰਮਾਣ ਇਲੈਕਟ੍ਰੀਸ਼ੀਅਨ ਲਈ ਇਲੈਕਟ੍ਰੀਸ਼ੀਅਨ/ਵਾਇਰਮੈਨ ਟਰੇਡ ਦੀ ਆਈ.ਟੀ.ਆਈ., ਸੋਲਰ ਪੀ.ਵੀ. ਟੈਕਨੀਸ਼ੀਅਨਜ ਲਈ ਇਲੈਕਟ੍ਰੀਸ਼ੀਅਨ/ਵਾਇਰਮੈਨ/ਇਲੈਕਟ੍ਰੋਨਿਕਸ ਟਰੇਡ ਵਿੱਚ ਆਈ.ਟੀ.ਆਈ., ਕੰਕਰੀਟ ਲੈਬ ਅਤੇ ਫੀਲਡ ਟੈਸਟਿੰਗ ਲਈ ਸਿਵਲ ਇੰਜੀਨੀਅਰਿੰਗ ਵਿੱਚ ਗ੍ਰੈਜੂਏਸ਼ਨ/ਡਿਪਲੋਮਾ ਅਤੇ ਪਲੰਬਰ ਲਈ ਪਲੰਬਰ ਟਰੇਡ ਵਿੱਚ ਆਈ.ਟੀ.ਆਈ. ਪਾਸ ਨੌਜਵਾਨਾਂ ਨੂੰ ਤਰਜ਼ੀਹ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਿੱਤਾਮੁਖੀ ਕੋਰਸਾਂ ਲਈ ਹਰ ਮਹੀਨੇ ਲਗਭਗ 150-180 ਨੌਜਵਾਨਾਂ ਨੂੰ ਟ੍ਰੇਨਿੰਗ ਮੁਹੱਈਆ ਕਰਵਾਈ ਜਾਵੇਗੀ ਅਤੇ ਇਸ ਪ੍ਰੋਗਰਾਮ ਅਧੀਨ 18-35 ਸਾਲ ਦੇ ਘੱਟੋ ਘੱਟ ਦਸਵੀਂ ਪਾਸ ਨੌਜਵਾਨ ਟ੍ਰੇਨਿੰਗ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਕੋਰਸ ਕਰਨ ਤੋਂ ਬਾਅਦ ਉਮੀਦਵਾਰਾਂ ਨੂੰ ਨੌਕਰੀ 'ਤੇ ਵੀ ਲਗਵਾਇਆ ਜਾਵੇਗਾ। ਟ੍ਰੇਨਿੰਗ ਦੌਰਾਨ ਉਮੀਦਵਾਰਾਂ ਨੂੰ ਮੁਫ਼ਤ ਟ੍ਰੇਨਿੰਗ ਦੇਣ ਦੇ ਨਾਲ ਨਾਲ ਵਰਦੀ, ਜੁੱਤੇ ਅਤੇ ਪੀ.ਪੀ. ਵੀ ਦਿੱਤੇ ਜਾਣਗੇ। ਇਸ ਟ੍ਰੇਨਿੰਗ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਸਿਖਲਾਈ ਦੇ ਕੇ ਹੁਨਰਮੰਦ ਤੇ ਆਤਮ ਨਿਰਭਰ ਬਣਾਉਣਾ ਹੈ। ਚਾਹਵਾਨ ਉਮੀਦਵਾਰ ਆਪਣੇ ਆਪ ਨੂੰ ਇਸ ਲਿੰਕ https://tinyurl.com/L-and-T-Skill-Training 'ਤੇ ਰਜਿਸਟਰ ਕਰਨ ਅਤੇ ਵਧੇਰੇ ਜਾਣਕਾਰੀ ਲਈ ਰੁਜ਼ਗਾਰ ਦਫ਼ਤਰ ਲੁਧਿਆਣਾ ਨਾਲ ਵੀ ਸੰਪਰਕ ਕੀਤਾ ਜਾ ਸਕਦਾ ਹੈ।

# ਬਾਬਾ ਰਾਮ ਸਿੰਘ ਧਰਮਕੋਟ ਵੱਲੋਂ ਬੀਕੇਯੂ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਸੁੱਖ ਗਿੱਲ ਦਾ ਸਨਮਾਨ




**ਮੋਗਾ/ਦਵਿੰਦਰ ਸਿੰਘ ਬਿੱਟੂ**

ਅੱਜ ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਯੂਥ ਵਿੰਗ ਜ਼ਿਲ੍ਹਾ ਪ੍ਰਧਾਨ ਸੁੱਖ ਗਿੱਲ ਤੋਤਾ ਸਿੰਘ ਵਾਲਾ ਨੂੰ ਗੁਰਦੁਆਰਾ ਨਾਨਕਸਰ ਧਰਮਕੋਟ ਪਹੁੰਚਣ ਤੇ ਬਾਬਾ ਰਾਮ ਸਿੰਘ ਧਰਮਕੋਟ ਵੱਲੋਂ ਵਿਸ਼ੇਸ਼ ਸਨਮਾਨਤ ਕੀਤਾ ਗਿਆ ਇਸ ਮੌਕੇ ਉਨ੍ਹਾਂ ਨਾਲ ਗੁਰਚਰਨ ਸਿੰਘ ਨੰਬਰਦਾਰ ਰਸੂਲਪੁਰ,ਵੀਰਪਾਲ ਕੌਰ ਲੋਹਗੜ੍ਹ ਇਕਾਈ ਪ੍ਰਧਾਨ ਇਸਤਰੀ ਵਿੰਗ ਬੀ ਕੇ ਯੂ ਪੰਜਾਬ,ਬੀਬੀ ਵੀਨਾ ਰਾਣੀ, ਹਰਦੀਪ ਸਿੰਘ ਨਿੱਕਾ,ਬੀਬੀ ਰਾਜਵੰਤ ਕੌਰ ਲੋਹਗੜ੍ਹ,ਬੀਬੀ ਗਗਨਦੀਪ ਕੌਰ ਧਰਮਕੋਟ ਆਦਿ ਹਾਜਰ ਸਨ,ਇਸ ਮੌਕੇ ਬੀਕੇਯੂ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਸੁੱਖ ਗਿੱਲ ਤੋਤਾ ਸਿੰਘ ਵਾਲਾ ਵੱਲੋਂ ਬਾਬਾ ਰਾਮ ਸਿੰਘ ਜੀ ਧਰਮਕੋਟ ਵਾਲਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ, ਇਸ ਮੌਕੇ ਸੁੱਖ ਗਿੱਲ ਨਾਲ ਤਲਵਿੰਦਰ ਸਿੰਘ ਗਿੱਲ, ਇੰਦਰਜੀਤ ਸਿੰਘ ਗਿੱਲ, ਜਸਪ੍ਰੀਤ ਮੋਗਾ ਟਰਬਨ ਕੋਚ,ਗੁਰਜੰਟ ਸਿੰਘ ਮਨਾਵਾਂ, ਬਾਬਾ ਭੁਪਿੰਦਰ ਸਿੰਘ,ਕੋਮਲਾ ਧਰਮਕੋਟ ਆਦਿ ਹਾਜਰ ਸਨ!

Website : www.lokbani.com
lokbani08@gmail.com

# ਝੋਨੇ ਦੀ ਸਿੱਧੀ ਬਿਜਾਈ ਕਰਨ ਲਈ ਖੇਤੀਬਾੜੀ ਅਤੇ ਹੋਰ ਵਿਭਾਗਾਂ ਦੀ ਟ੍ਰੇਨਿੰਗ ਦਾ ਹੋਇਆ ਆਯੋਜਨ



**ਮੋਗਾ/ਦਵਿੰਦਰ ਸਿੰਘ ਬਿੱਟੂ**

ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਮੁੱਖ ਖੇਤੀਬਾੜੀ ਅਫਸਰ, ਮੋਗਾ ਡਾ: ਪ੍ਰਿਤਪਾਲ ਸਿੰਘ ਦੀ ਅਗਵਾਈ ਹੇਠ ਅੱਜ ਖੇਤੀਬਾੜੀ, ਬਾਗਬਾਨੀ, ਜ਼ਿਲ੍ਹਾ ਮੰਡੀ ਅਫ਼ਸਰ ਅਤੇ ਉਪ ਮੰਡਲ ਭੂਮੀ ਰੱਖਿਆ ਅਫ਼ਸਰ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਝੋਨੇ ਦੀ ਸਿੱਧੀ ਬਿਜਾਈ ਕਰਨ, ਇਸ ਦੇ ਮੁੱਖ ਨੁਕਤੇ, ਦਰਪੇਸ਼ ਆਉਣ ਵਾਲੀਆਂ ਮੁਸ਼ਕਿਲਾਂ ਅਤੇ ਉਨ੍ਹਾਂ ਦੇ ਹੱਲ ਸਬੰਧੀ ਵਿਸਥਾਰ ਸਹਿਤ ਤਕਨੀਕੀ ਜਾਣਕਾਰੀ ਡਾ: ਗੁਰਪ੍ਰੀਤ ਸਿੰਘ ਖੇਤੀਬਾੜੀ ਅਫ਼ਸਰ ਦੁਆਰਾ ਦਿੱਤੀ ਗਈ।

ਇਸ ਟ੍ਰੇਨਿੰਗ ਵਿਚ ਝੋਨੇ ਦੀ ਸਿੱਧੀ ਬਿਜਾਈ ਕਰਨ ਦੇ ਹਰ ਪਹਿਲੂ ਸਬੰਧੀ ਵਿਸਥਾਰ ਸਹਿਤ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਖੇਤੀ ਸਟਾਫ਼ ਦੇ ਸੁਆਲਾਂ ਦੇ ਜੁਆਬ ਦਿੱਤੇ ਗਏ। ਇਸ ਟ੍ਰੇਨਿੰਗ ਦੌਰਾਨ ਡਾ: ਸੁਖਰਾਜ ਕੌਰ ਖੇਤੀਬਾੜੀ ਅਫਸਰ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਵਿਚ ਵੱਧ ਤੋਂ ਵੱਧ ਰਕਬੇ ਵਿਚ ਝੋਨੇ ਦੀ ਸਿੱਧੀ ਬਿਜਾਈ ਕਰਵਾਉਣ ਲਈ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇਗਾ ਅਤੇ ਸਿੱਧੀ ਬਿਜਾਈ ਵਾਲੇ ਕਿਸਾਨਾਂ ਨਾਲ ਹਰ ਸਮੇਂ ਰਾਬਤਾ ਕਾਇਮ ਰੱਖਿਆ ਜਾਵੇਗਾ ਤਾਂ ਜੋ ਇਸ ਤਕਨੀਕ ਨੂੰ ਕਾਮਯਾਬ ਕਰਕੇ ਧਰਤੀ ਹੇਠਲੇ ਪਾਣੀ ਦੀ ਬੱਚਤ ਅਤੇ ਵਾਤਾਵਰਨ ਨੂੰ ਬਚਾਇਆ ਜਾ ਸਕੇ।

ਇਸ ਸਮੇਂ ਡਾ: ਪ੍ਰਿਤਪਾਲ ਸਿੰਘ ਮੁੱਖ ਖੇਤੀਬਾੜੀ ਅਫਸਰ, ਮੋਗਾ ਨੇ ਕਿਹਾ ਕਿ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਝੋਨੇ ਦੀਆਂ ਕਿਸਮਾਂ ਸਬੰਧੀ ਵੀ ਜਾਣਕਾਰੀ ਕਿਸਾਨਾਂ ਨੂੰ ਦਿੱਤੀ ਜਾਵੇਗੀ ਕਿਉਂਕਿ ਘੱਟ ਸਮਾਂ ਲੈਣ ਵਾਲੀਆਂ ਕਿਸਮਾਂ ਦੀ ਜੇਕਰ ਹੁਣੇ ਹੀ ਬਿਜਾਈ ਕੀਤੀ ਜਾਵੇਗੀ ਤਾਂ ਨਿਸਚੇ ਹੀ ਫ਼ਸਲ ਦਾ ਝਾੜ ਘੱਟ ਨਿਕਲੇਗਾ। ਇਸ ਲਈ ਘੱਟ ਸਮਾਂ ਲੈਣ ਵਾਲੀਆਂ ਕਿਸਮਾਂ ਦੀ ਬਿਜਾਈ ਜੂਨ ਦੇ ਦੂਜੇ ਪੰਦਰਵਾੜ੍ਹੇ ਵਿੱਚ ਹੀ ਕੀਤੀ ਜਾਣੀ ਸਹੀ ਹੈ।

ਉਨ੍ਹਾਂ ਸਮੂਹ ਸਟਾਫ਼ ਨੂੰ ਸਖਤ ਮਿਹਨਤ ਕਰਨ ਅਤੇ ਵੱਧ ਤੋਂ ਵੱਧ ਜਾਣਕਾਰੀ ਕਿਸਾਨਾਂ ਨਾਲ ਸਾਂਝੀ ਕਰਨ ਸਬੰਧੀ ਕਿਹਾ। ਉਨ੍ਹਾਂ ਇਹ ਵੀ ਦੱਸਿਆ ਕਿ ਵਿਭਾਗ ਵੱਲੋਂ ਪਿੰਡ ਵਾਈਜ਼ ਅਧਿਕਾਰੀਆਂ ਅਤੇ ਕਰਮਚਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ ਤਾਂ ਜੋ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਨਾ ਆਵੇ।

ਮੁੱਖ ਖੇਤੀਬਾੜੀ ਅਫ਼ਸਰ ਵੱਲੋਂ ਜ਼ਿਲ੍ਹਾ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਝੋਨੇ ਦੀ ਸਿੱਧੀ ਬਿਜਾਈ ਖੇਤੀ ਮਾਹਿਰਾਂ ਨਾਲ ਵਿਚਾਰ ਵਟਾਂਦਰੇ ਉਪਰੰਤ ਕੀਤੀ ਜਾਵੇ ਤਾਂ ਜੋ ਇਸ ਦੇ ਹਰ ਪਹਿਲੂ ਸਬੰਧੀ ਜਾਣਕਾਰੀ ਹਾਸਲ ਕਰਕੇ ਕਾਮਯਾਬੀ ਪ੍ਰਾਪਤ ਕੀਤੀ ਜਾ ਸਕੇ।

# ਮੈਡਮ ਸੁਮਨ ਸੇਖੋਂ ਬਣੇ ਜ਼ਿਲ੍ਹਾ ਮੋਗਾ ਦੇ ਜਨਰਲ ਸਕੱਤਰ



**ਧਰਮਕੋਟ /ਦਵਿੰਦਰ ਸਿੰਘ ਬਿੱਟੂ**

ਵਰਲਡ ਪਾਵਰ ਲਿਫਟਿੰਗ ਐਸੋਸੀਏਸ਼ਨ ਵੱਲੋਂ ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ ਵਿੱਚ ਅਹੁਦੇਦਾਰਾਂ ਦੀਆਂ ਨਿਯੁਕਤੀਆਂ ਕੀਤੀਆਂ ਗਈਆਂ ਜਿਸ ਅਧੀਨ ਜ਼ਿਲ੍ਹਾ ਮੋਗਾ ਵਿੱਚ ਗਠਿਤ ਕੀਤੀ ਗਈ ਜਥੇਬੰਦੀ ਦੀ ਟੀਮ ਵਿਚ ਧਰਮਕੋਟ ਦੇ ਕ੍ਰੌਸ ਫਿੱਟ ਜਿਮ ਦੀ ਸੰਚਾਲਕ ਮੈਡਮ ਸੁਮਨ ਸੇਖੋਂ ਨੂੰ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਇਸ ਮੌਕੇ ਇਸ ਅਹੁਦੇ ਦੀ ਨਿਯੁਕਤੀ ਹੋਣ ਤੇ ਮੈਡਮ ਸੁਮਨ ਸੇਖੋਂ ਨੂੰ ਵੱਡੀ ਗਿਣਤੀ ਵਿਚ ਜਿੱਥੇ ਜਿੰਮ ਦੇ ਸਿਖਿਆਰਥੀਆਂ ਨੇ ਵਧਾਈ ਦਿੱਤੀ ਉਥੇ ਹੀ ਸ਼ਹਿਰ ਅਤੇ ਇਲਾਕੇ ਦੀਆਂ ਕਈ ਨਾਮਵਰ ਸ਼ਖਸੀਅਤਾਂ ਨੇ ਉਨ੍ਹਾਂ ਨੂੰ ਵਧਾਈ ਦਿੱਤੀ ਇਸ ਮੌਕੇ ਮੈਡਮ ਸੁਮਨ ਸੇਖੋਂ ਨੇ ਕਿਹਾ ਕਿ ਉਹ ਐਸੋਸੀਏਸ਼ਨ ਦੇ ਧੰਨਵਾਦੀ ਹਨ ਜਿਨ੍ਹਾਂ ਨੇ ਉਨ੍ਹਾਂ ਨੂੰ ਇਸ ਇਹ ਜਿ਼ਮੇਵਾਰੀ ਦਿੱਤੀ ਉਹ ਇਸ ਜਿ਼ਮੇਵਾਰੀ ਨੂੰ ਪੂਰੀ ਮਿਹਨਤ ਅਤੇ ਈਮਾਨਦਾਰੀ ਨਾਲ ਨਿਭਾਉਣ ਅਤੇ ਪਾਵਰ ਲਿਫਟਿੰਗ ਨੂੰ ਹੋਰ ਵੀ ਅੱਗੇ ਲੈ ਕੇ ਜਾਣਗੇ ਅਤੇ ਬੱਚਿਆਂ ਨੂੰ ਪਾਵਰ ਲਿਫਟਿੰਗ ਸਬੰਧੀ ਹੋਰ ਵੀ ਜਾਗਰੂਕ ਕਰਨਗੇ ਉਨ੍ਹਾਂ ਕਿਹਾ ਛੇਤੀ ਹੀ ਹੋਣ ਵਾਲੇ ਕੰਪੀਟੀਸ਼ਨ ਵਿੱਚ ਹਿੱਸਾ ਲੈਣ ਲਈ ਟੀਮ ਨੂੰ ਲਿਜਾਇਆ ਜਾਵੇਗਾ।

# ਪਾਵਰਕਾਮ ਦੀ "ਪਾਵਰ" ਹੁਣ ਥਾਣਾ ਸ਼ੇਰਪਰ ਤੇ ਚੱਲੇਗੀ.!



**ਸ਼ੇਰਪੁਰ/ਯਾਦਵਿੰਦਰ ਸਿੰਘ ਮਾਹੀ**

ਪਿਛਲੇ ਦਿਨੀਂ ਮਾਨ ਸਰਕਾਰ ਦੀ ਹੋਈ ਕੈਬਨਿਟ ਮੀਟਿੰਗ ਵਿੱਚ ਲਏ ਗਏ ਫੈਸਲਿਆਂ ਤੇ ਬਿਜਲੀ ਮੰਤਰੀ ਹਰਭਜਨ ਸਿੰਘ ਨੇ ਪਾਵਰਕਾਮ ਦੇ ਉੱਚ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਸਨ ਕਿ ਪੰਜਾਬ ਦੇ ਜੋ ਵੀ ਸਰਕਾਰੀ ਅਦਾਰਿਆਂ ਦੇ ਬਿੱਲ ਬਕਾਇਆ ਰਾਸ਼ੀ ਖੜ੍ਹੀ ਹੈ। ਉਨ੍ਹਾਂ ਸਰਕਾਰੀ ਅਦਾਰਿਆਂ ਨੂੰ 15 ਦਿਨਾਂ ਦਾ ਨੋਟਿਸ ਜਾਰੀ ਕਰਕੇ ਬਿਜਲੀ ਦੀ ਕੁਤਾਹੀ ਰਕਮ ਭਰਨ ਦੀ ਸਖਤ ਸ਼ਬਦਾਂ ਵਿੱਚ ਹਦਾਇਤ ਕੀਤੀ ਜਾਵੇ। ਇਸ ਸੰਬੰਧੀ ਰੋਹਿਤ ਕੁਮਾਰ ਰਾਵੇਸ ਐੱਸ.ਡੀ.ਓ ਸ਼ੇਰਪੁਰ ਨੇ ਚੋਣਵੇ ਪੱਤਰਕਾਰਾ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਣਯੋਗ ਬਿਜਲੀ ਮੰਤਰੀ ਹਰਭਜਨ ਸਿੰਘ ਅਤੇ ਉੱਚ ਅਧਿਕਾਰੀਆਂ ਵੱਲੋਂ ਸਖ਼ਤ ਹਦਾਇਤ ਕੀਤੀ ਗਈ ਹੈ ਕਿ ਤੁਰੰਤ ਕੁਤਾਹੀ ਰਕਮ ਦੀ ਰਿਕਵਰੀ ਕਰਵਾਈ ਜਾਵੇ ਐੱਸ.ਡੀ. ਓ ਸ਼ੇਰਪੁਰ ਨੇ ਕਿਹਾ ਕਿ ਮੇਰਾ ਦਫਤਰ ਰਿਕਵਰੀ ਦੀ ਰਕਮ ਦੇ ਸੰਬੰਧ ਵਿਚ ਬਹੁਤ ਹੀ ਵਧੀਆ ਅਤੇ ਤੇਜ ਹੈ ਕਿਉਂਕਿ ਪਿਛਲੇ 10 ਦਿਨਾਂ ਦੇ ਵਿੱਚ 13 ਲੱਖ ਦੇ ਲਗਪਗ ਦੀ ਰਿਕਵਰੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਜਿੱਥੇ ਤੱਕ ਸਰਕਾਰੀ ਦਫਤਰਾਂ ਦੇ ਕੁਤਾਹੀ ਰਕਮ ਦਾ ਸਵਾਲ ਆਂ ਕਿ ਉਨ੍ਹਾਂ ਦੇ ਸਬੰਧ ਵਿੱਚ ਉੱਚ ਅਧਿਕਾਰੀਆਂ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਸਰਕਾਰੀ ਦਫਤਰਾਂ ਦੇ ਮੁਖੀਆਂ ਨੂੰ ਨੋਟਿਸ ਜਾਰੀ ਕੀਤੇ ਜਾ ਰਹੇ ਹਨ ਕਿ 15 ਦਿਨਾਂ ਦੇ ਅੰਦਰ ਅੰਦਰ ਕੁਤਾਹੀ ਰਕਮ ਜਮ੍ਹਾਂ ਕਰਾਈ ਜਾਵੇ ਨਹੀਂ ਤਾਂ ਉੱਚ ਅਧਿਕਾਰੀਆਂ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਕੁਨੈਕਸ਼ਨ ਕੱਟ ਦਿੱਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਥਾਣਾ ਸ਼ੇਰਪਰ ਬਿਜਲੀ ਦਾ ਬਿਲ ਕਾਫੀ ਲੰਬੇ ਸਮੇਂ ਤੋਂ ਲਟਕ ਰਿਹਾ ਹੈ। ਥਾਣਾ ਸ਼ੇਰਪੁਰ ਨੇ 17/02/2022 ਨੂੰ 42,478 ਰੁਪਏ,24/03/2022 ਨੂੰ 48,340 ਰੁਪਏ ਅਤੇ 22/04/2022 ਨੂੰ 39,451 ਰੁਪਏ ਸਿਰਫ਼ ਭਰੇ ਹਨ।ਫਿਰ ਵੀ ਲੰਮੇ ਸਮੇਂ ਤੋਂ 17,78,850 ਰੁਪਏ ਖੜ੍ਹੇ ਹਨ। ਐੱਸ. ਡੀ. ਓ ਸ਼ੇਰਪੁਰ ਨੇ ਦੱਸਿਆ ਕਿ ਹੋਰ ਵੀ ਸਰਕਾਰੀ ਅਦਾਰਿਆਂ ਦੇ ਬਿੱਲ ਖੜ੍ਹੇ ਹਨ ਜਿਨ੍ਹਾਂ ਨੂੰ ਵੀ 15 ਦਿਨਾਂ ਦਾ ਨੋਟਿਸ ਜਾਰੀ ਕੀਤੇ ਗਏ ਹਨ।ਹੁਣ ਦੇਖਣਾ ਇਹ ਹੋਵੇਗਾ ਕਿ ਪਾਵਰਕਾਮ ਦੀ " ਪਾਵਰ " ਹੁਣ ਥਾਣਾ ਸ਼ੇਰਪਰ ਤੇ ਚੱਲਦੀ ਹੈ ਜਾਂ ਨਹੀਂ ਇਹ ਤਾਂ ਆਉਣ ਵਾਲਾ ਸਮਾਂ ਹੀ ਦੱਸੇਗਾ।

# ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਗਰੀਬ ਪਰਿਵਾਰਾਂ ਨੂੰ ਹੈ ਵੱਡੀ ਉਮੀਦ : ਨਵਦੀਪ ਸਹੋਤਾ

**ਮੋਗਾ/ਦਵਿੰਦਰ ਸਿੰਘ ਬਿੱਟੂ/ਮਹਿੰਦਰ ਸਿੰਘ ਸਹੋਤਾ**

ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਪੰਜਾਬ ਵਾਸੀਆਂ ਨੂੰ ਬਹੁਤ ਵੱਡੀਆਂ ਉਮੀਦਾਂ ਹਨ। ਅਤੇ ਉਸ ਤੋਂ ਵੱਧ ਉਮੀਦਾਂ ਆਮ ਆਦਮੀ ਗ਼ਰੀਬ ਪਰਿਵਾਰਾਂ ਨੂੰ ਹਨ ਜਿਨ੍ਹਾਂ ਨਾਲ ਆਮ ਆਦਮੀ ਪਾਰਟੀ ਵੱਡੇ- ਵੱਡੇ ਵਾਅਦੇ ਕਰਕੇ ਸੱਤਾ ਉੱਤੇ ਕਾਬਜ਼ ਹੋਈ ਹੈ , ਜਿਸ ਵਿਚ ਹਰ ਵਰਗ ਨੇ ਵੱਡਾ ਬਦਲਾਅ ਲਿਆ ਕੇ ਪਾਰਟੀ ਨੂੰ ਵੱਡੇ ਬਹੁਮਤ ਨਾਲ ਸੂਬੇ ਦੀ ਕਮਾਨ ਸੌਂਪੀ ਹੈ ਉੱਥੇ ਹੀ ਪੰਜਾਬ ਤੇ ਕਾਬਜ਼ ਹੋਈਆਂ 75 ਸਾਲਾ ਤੋਂ ਅਦਲ- ਬਦਲ ਪਾਰਟੀਆਂ ਨੂੰ ਨਕਾਰਦਿਆਂ ਸੂਬੇ ਦੇ ਲੋਕਾਂ ਨੇ ਬਦਲਾਅ ਲਿਆਉਣ ਲਈ ਤੀਜੀ ਪਾਰਟੀ ਨੂੰ ਮੋਕਾ ਦਿੱਤਾ ਹੈ । ਜਿਸ ਵਿੱਚ ਹਰ ਵਰਗ ਨੇ ਤਨੋ ਮਨੋ ਤੇ ਦਿਲੋਂ ਜ਼ੋਰ ਲਗਾ ਕੇ ਆਪ ਨੂੰ ਇਤਿਹਾਸਕ ਜਿੱਤ ਦਿਵਾਈ ਹੈ । ਜਦੋ ਤੋਂ ਮਾਨ ਸਰਕਾਰ ਨੇ ਸੂਬੇ ਦੀ ਵਾਗਡੋਰ ਸੰਭਾਲੀ ਹੈ ਉਦੋਂ ਤੋਂ ਹੀ ਪੰਜਾਬ ਅੰਦਰ ਕੀਤੇ ਗਏ ਕੰਮਾਂ ਦੀ ਸ਼ਲਾਘਾ ਚਾਰੇ ਪਾਸੇ ਹੋ ਰਹੀ ਹੈ , ਪਰ ਕੁਝ ਨਵੇਂ ਫੈਸਲੇ ਲੋਕਾਂ ਲਈ ਕਿੰਨੇ ਕੁ ਢੁੱਕਵੇਂ ਦਿਸ ਰਹੇ ਹਨ, ਇਸ ਦਾ ਨਤੀਜਾ ਸਕੀਮਾਂ ਲਾਗੂ ਹੋਣ ਤੇ ਲੱਗੇਗਾ ਜਿਨ੍ਹਾਂ ਦੀ ਮਜ਼ਦੂਰ ਵਰਗ ਬੇ ਸਬਰੀ ਨਾਲ ਉਡੀਕ ਕਰ ਰਿਹਾ ਹੈ। ਤੇ ਸਰਕਾਰ ਵੱਲੋਂ ਚਲਾਈਆਂ ਗਈਆਂ ਭਲਾਈ ਸਕੀਮਾਂ ਵਿੱਚ ਹੋਰ ਕੀਤੇ ਗਏ ਵਾਅਦਿਆਂ ਨੂੰ ਉਡੀਕ ਰਹੇ ਹਨ । ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਸਰਬ ਸਮਾਜ ਭਲਾਈ ਸੰਸਥਾ ਨਵਦੀਪ ਸਿੰਘ ਸਹੋਤਾ ਪੰਜਾਬ ਪ੍ਰਧਾਨ ਮੰਦਰ ਕਲਾਂ ਨੇ ਪ੍ਰੈੱਸ ਨਾਲ ਸਾਂਝੇ ਕੀਤਾ ਉਨਾ ਕਿਹਾ ਕਿ ਪੰਜਾਬ ਸਰਕਾਰ ਦੋ ਰੁਪਏ ਕਿੱਲੋ ਕਣਕ ਵਾਲੀ ਸਕੀਮ ਦੀ ਥਾ ਆਂਟੇ ਦੀ ਸਕੀਮ ਸ਼ੁਰੂ ਕਰਨ ਲੱਗੀ ਹੈ ਜੋ ਫਾਇਦੇ ਦਾ ਕਾਰਨ ਬਣਦੀ ਸਿਹਤ ਲਈ ਨੁਕਸਾਨ ਦੇਹ ਨਾ ਬਣ ਜਾਵੇ , ਕਿਉਂ ਕਿ ਗਲੀ ਸੜੀ ਕਣਕ ਦੀ ਪਰਖ ਪਹਿਲਾਂ ਹੋ ਜਾਂਦੀ ਸੀ । ਪਰ ਜੇਕਰ ਅਜਿਹੀ ਕਣਕ ਦਾ ਆਟਾ ਪੀਸ ਕੇ ਆ ਗਿਆ ਤਾਂ ਇਹ ਮਨੁੱਖ ਲਈ ਬਹੁਤ ਨੁਕਸਾਨਦੇਹ ਹੋਵੇਗਾ ,ਇਸ ਲਈ ਮਾਨ ਸਰਕਾਰ ਨੂੰ ਬੜੇ ਸੁਚੇਤ ਹੋ ਕੇ ਸਾਫ਼ ਸੁਥਰੀ ਕਣਕ ਦਾ ਆਟਾ ਤਿਆਰ ਕਰਨਾ ਚਾਹੀਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਅੱਤ ਦੀ ਮਹਿੰਗਾਈ ਨੂੰ ਵੇਖਦਿਆਂ ਹੋਇਆਂ ਹਰ ਇਨਸਾਨ ਨੂੰ ਆਪਣਾ ਘਰ ਚਲਾਉਣਾ ਮੁਸ਼ਕਲ ਹੋਇਆ ਪਿਆ ਹੈ। ਪਰ ਗਰੀਬ ਪਰਿਵਾਰਾਂ ਨੂੰ ਆਪਣੇ ਘਰ ਚਲਾਉਣ ਲਈ ਬੜੀ ਸਖ਼ਤ ਮਿਹਨਤ ਕਰਨੀ ਪੈਂਦੀ ਹੈ । ਪਰ ਫਿਰ ਵੀ ਘਰ ਨੂੰ ਚਲਾਉਣਾ ਮੁਸ਼ਕਲ ਹੋਇਆ ਪਿਆ ਹੈ।ਇਸ ਲਈ ਮਾਨ ਸਰਕਾਰ ਅੱਗੇ ਬੇਨਤੀ ਹੈ ਕਿ ਪਿੰਡਾਂ ਚੋਂ ਪਈਆਂ ਪੰਚਾਇਤੀ ਜ਼ਮੀਨ ਦੀ ਅਨੁਸੂਚਿਤ ਜਾਤੀ ਪ੍ਰਤੀ ਰਾਖਵੇਂਕਰਨ ਦੀ ਸਰਲ ਪ੍ਰਣਾਲੀ ਬਣਾਈ ਜਾਵੇ ਤੇ ਉਸ ਨੂੰ ਘੱਟ ਤੋਂ ਘੱਟ ਸਰਕਾਰੀ ਰੇਟ ਤੇ ਹੀ ਲੀਜ਼ ਪਟੇ ਤੇ ਤਿੰਨ ਸਾਲ ਲਈ ਦਿੱਤਾ ਜਾਵੇ, ਤਾਂ ਜੋ ਕੇ ਅਨੁਸੂਚਿਤ ਜਾਤੀ ਵਰਗ ਨੂੰ ਆਪਣਾ ਹੱਕ ਮਿਲ ਸਕੇ ਤਾਂ ਜੋ ਕਿ ਗ਼ਰੀਬ ਪਰਿਵਾਰ ਆਪਣੀ ਰੋਜ਼ੀ ਰੋਟੀ ਕਮਾ ਸਕਣ ,ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਆਮ ਆਦਮੀ ਪਾਰਟੀ ਦੀ ਸਰਕਾਰ ਗ਼ਰੀਬਾਂ ਦੇ ਹੱਕਾਂ ਵਿੱਚ ਸਹੀ ਫੈਸਲੇ ਨਹੀਂ ਲੈਂਦੀ ਤਾਂ ਗਰੀਬ ਪਰਵਾਰਾਂ ਦੇ ਮਨਾਂ ਤੇ ਬੜੀ ਵੱਡੀ ਠੇਸ ਪਹੁੰਚੇਗੀ ਜਿਨ੍ਹਾਂ ਦੀ ਗਿਣਤੀ ਸੂਬੇ ਭਰ ਚੋਂ ਸਭ ਤੋਂ ਵੱਧ ਹੈ ।



# ਈਮਾਨਦਾਰੀ ਦੀ ਮਿਸਾਲ ਕਪਿਲ ਗਰਗ ਅਤੇ ਮਧੂ ਗੋਇਲ ਨੇ ਕੀਤੀ ਕਾਇਮ

## ਪੈਸਿਆਂ ਨਾਲ ਭਰਿਆ ਪਰਸ ਅਸਲੀ ਵਾਰਸ ਅਮਨਦੀਪ ਸਿੰਘ ਨੂੰ ਕੀਤਾ ਵਾਪਸ

**ਸ਼ੇਰਪੁਰ/ਯਾਦਵਿੰਦਰ ਸਿੰਘ ਮਾਹੀ**

ਕਲਯੁੱਗੀ ਦੁਨੀਆ ਵਿੱਚ ਬਹੁਤ ਤਰ੍ਹਾਂ ਦੇ ਲੋਕ ਰਹਿੰਦੇ ਹਨ, ਜਿਨ੍ਹਾਂ ਵਿੱਚੋਂ ਕਈਆਂ ਨੂੰ ਸਿਰਫ ਤੇ ਸਿਰਫ ਪੈਸੇ ਨਾਲ ਹੀ ਪਿਆਰ ਹੈ ਉਨ੍ਹਾਂ ਲਈ ਕੋਈ ਵੀ ਰਿਸਤਾ ਅਹਿਮੀਅਤ ਨਹੀਂ ਰੱਖਦਾ ਪਰ ਕਲਯੁੱਗ ਦੁਨੀਆਂ ਵਿੱਚ ਅੱਜ ਵੀ ਚੰਗੀ ਸੋਚ ਅਤੇ ਵਧੀਆ ਨੀਅਤ ਵਾਲੇ ਇਨਸਾਨ ਵੱਸਦੇ ਹਨ।ਸੁਭਾਅ ਦਾ ਚੰਗਾ ਦਿਲ ਦਾ ਸਾਫ ਕਪਿਲ ਗਰਗ ਅਤੇ ਮਧੂ ਗੋਇਲ ਆਪਣੇ ਕੰਮਕਾਰ ਖਤਮ ਕਰਕੇ ਪਿੰਡ ਹੇੜੀਕੇ ਤੋਂ ਵਾਪਸ ਆ ਰਹੇ ਸਨ ਤਾਂ ਰਸਤੇ ਵਿਚ ਕਾਲਾਬੂਲਾ ਰੋਡ ਨੇੜੇ ਪੈਟਰੋਲ ਪੰਪ ਦੇ ਸਾਹਮਣੇ ਇਕ ਖਾਕੀ ਰੰਗ ਦਾ ਪਰਸ ਮਿਲਿਆ। ਪਰਸ ਵਿੱਚ ਕਾਫ਼ੀ ਮਾਤਰਾ ਵਿੱਚ ਪੈਸੇ ਅਤੇ ਜ਼ਰੂਰੀ ਕਾਗਜ਼ਾਤ ਸਨ । ਉਨ੍ਹਾਂ ਦੱਸਿਆ ਕਿ ਪਰਸ ਖੋਲ੍ਹ ਕੇ ਦੇਖਿਆ ਤਾਂ ਆਧਾਰ ਕਾਰਡ ਕੱਢਿਆ ਤਾਂ ਅਮਨਦੀਪ ਸਿੰਘ ਅਲਾਲ ਦਾ ਆਧਾਰ ਕਾਰਡ ਮਿਲਿਆ। ਉਨ੍ਹਾਂ ਦੱਸਿਆ ਕਿ ਆਧਾਰ ਕਾਰਡ ਦੇਖ ਕੇ ਅਲਾਲ ਪਿੰਡ ਦੇ ਰਜਿੰਦਰ ਕੁਮਾਰ ਜਿਸ ਦੀ ਕਰਿਆਨੇ ਦੀ ਦੁਕਾਨ ਹੈ। ਉਸ ਨੂੰ ਫੋਨ ਕੀਤਾ ਤਾਂ ਪਤਾ ਲੱਗਿਆ ਕਿ ਅਮਨਦੀਪ ਸਿੰਘ ਅਲਾਲ ਪਿੰਡ ਦਾ ਹੀ ਰਹਿਣ ਵਾਲਾ ਹੈ ਅਤੇ ਵਧੀਆ ਇਨਸਾਨ ਹੈ। ਜਿਸ ਨੂੰ ਫੋਨ ਕਰਕੇ ਸ਼ੇਰਪੁਰ ਪ੍ਰੈੱਸ ਦਫਤਰ ਵਿੱਚ ਬੁਲਾਇਆ ਗਿਆ । ਪਰਸ ਦੀਆਂ ਨਿਸ਼ਾਨੀਆਂ ਦੱਸ ਕੇ ਪੈਸਿਆਂ ਸਮੇਤ ਪਰਸ ਵਾਪਸ ਕੀਤਾ ਗਿਆ।ਇਨਾਮ ਵਜੋਂ ਅਮਨਦੀਪ ਸਿੰਘ ਅਲਾਲ ਨੇ ਪੈਸੇ ਦੇ ਰਿਹਾ ਸੀ ਪਰ ਕਪਿਲ ਗਰਗ ਅਤੇ ਮਧੂ ਗੋਇਲ ਨੇ ਇਨਾਮ ਵਾਲੀ ਰਾਸ਼ੀ ਲੈਣ ਤੋਂ ਮਨ੍ਹਾ ਕਰ ਦਿੱਤਾ।ਅਮਨਦੀਪ ਸਿੰਘ ਅਲਾਲ ਨੇ ਕਪਿਲ ਗਰਗ ਅਤੇ ਮਧੂ ਗੋਇਲ ਦਾ ਧੰਨਵਾਦ ਕੀਤਾ। ਜੇਕਰ ਦੁਨੀਆ ਵਿਚ ਏਦਾਂ ਦੇ ਇਨਸਾਨ ਹਨ ਤਾਂ ਹੀ ਇਸ ਦੁਨੀਆਂ ਤੇ ਇਕ ਦੂਸਰੇ ਤੇ ਵਿਸ਼ਵਾਸ ਤਾਂ ਹੀ ਕੀਤਾ ਜਾ ਰਿਹਾ ਹੈ।



# ਆਮ ਆਦਮੀ ਪਾਰਟੀ ਦੇ ਆਗੂਆਂ ਨੇ ਡਿਪਟੀ ਕਮਿਸ਼ਨਰ ਮੋਗਾ ਨਾਲ ਕੀਤੀ ਮੁਲਾਕਾਤ



**ਮੋਗਾ/ਦਵਿੰਦਰ ਸਿੰਘ ਬਿੱਟੂ/ਮਹਿੰਦਰ ਸਿੰਘ ਸਹੋਤਾ**

ਆਮ ਆਦਮੀ ਪਾਰਟੀ ਜ਼ਿਲ੍ਹਾ ਮੋਗਾ ਦੇ ਐਸਸੀ ਵਿੰਗ ਦੇ ਮੀਤ ਪ੍ਰਧਾਨ ਜਗਰੂਪ ਸਿੰਘ ਅਤੇ ਜਰਨਲ ਸੈਕਟਰੀ ਮੋਗਾ ਸੁਰਜੀਤ ਸਿੰਘ ਲੁਹਾਰਾ ਨੇ ਡਿਪਟੀ ਕਮਿਸ਼ਨਰ ਮੋਗਾ ਨਾਲ ਇਕ ਅਹਿਮ ਮੀਟਿੰਗ ਕੀਤੀ ਜਿਸ ਵਿੱਚ ਜ਼ਿਲ੍ਹਾ ਮੋਗਾ ਅਤੇ ਹਲਕੇ ਚ ਆ ਰਹੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਇਆ, ਇਸ ਮੌਕੇ ਡਿਪਟੀ ਕਮਿਸ਼ਨਰ ਮੋਗਾ ਨੇ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਜ਼ਿਲ੍ਹਾ ਮੋਗਾ ਵਿੱਚ ਅਮਨ ਸ਼ਾਂਤੀ ਮਾਹੌਲ ਬਣਿਆ ਰਹੇਗਾ , ਅਤੇ ਗਲਤ ਅਨਸਰਾਂ ਨੂੰ ਤਾੜਨਾ ਕਰਦਿਆਂ ਕਿਹਾ ਕਿ ਇਨ੍ਹਾਂ ਉੱਪਰ ਜਲਦੀ ਸਖ਼ਤ ਸ਼ਿਕੰਜਾ ਕੱਸਿਆ ਜਾਵੇਗਾ , ਉਨ੍ਹਾਂ ਆਮ ਆਦਮੀ ਪਾਰਟੀ ਦੇ ਵਰਕਰਾਂ ਅਤੇ ਸਮੂਹ ਜ਼ਿਲਾ ਨਿਵਾਸੀਆਂ ਨੂੰ ਆਪਸੀ ਭਾਈਚਾਰਕ ਸਾਂਝ ਬਣਾ ਕੇ ਚੱਲਣ ਲਈ ਕਿਹਾ , ਉਨ੍ਹਾਂ ਇਹ ਵੀ ਕਿਹਾ ਕਿ ਕੋਈ ਵੀ ਦੁੱਖ ਤਕਲੀਫ਼ ਮੁਸੀਬਤ ਵਾਲਾ ਵਿਅਕਤੀ ਜ਼ਿਲ੍ਹੇ ਦੇ ਪ੍ਰਸ਼ਾਸਨ ਨੂੰ ਮਿਲ ਸਕਦਾ ਹੈ । ਤੇ ਸਭ ਨੂੰ ਬਣਦਾ ਇਨਸਾਫ ਦਿੱਤਾ ਜਾਵੇਗਾ , ਇਨ੍ਹਾਂ ਵਿਚਾਰਾਂ ਦੀ ਪ੍ਰੈੱਸ ਨਾਲ ਸਾਂਝ ਪਾਉਂਦਿਆਂ ਜਗਰੂਪ ਸਿੰਘ ਮੀਤ ਪ੍ਰਧਾਨ ਐਸਸੀ ਵਿੰਗ ਜ਼ਿਲ੍ਹਾ ਮੋਗਾ ਅਤੇ ਸੁਰਜੀਤ ਸਿੰਘ ਲੁਹਾਰਾ ਨੇ ਕੀਤੇ , ਉਨ੍ਹਾਂ ਇਹ ਵੀ ਕਿਹਾ ਕਿ ਜ਼ਿ?ਲ੍ਹਾ ਮੋਗਾ ਦੇ ਡੀ ਸੀ ਸਾਬ ਨੂੰ ਮਿਲ ਕੇ ਮਨ ਨੂੰ ਤਸੱਲੀ ਹੋ ਗਈ ਕਿ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਹੈ । ਜਿਨ੍ਹਾਂ ਨੇ ਬੜੇ ਪਿਆਰ ਅਤੇ ਤਸੱਲੀਬਖਸ਼ ਵਿਸ਼ਵਾਸ਼ ਦੁਆਰਾ ਕਿਹਾ ਕਿ ਕਾਨੂੰਨ ਸਭ ਲਈ ਬਰਾਬਰ ਹੈ । ਤੇ ਇਹ ਗੁਨਾਹ ਕਾਰ ਤੇ ਹੀ ਲਾਗੂ ਹੁੰਦਾ ਹੈ । ਇਸ ਮੌਕੇ ਉਨ੍ਹਾਂ ਨਾਲ ਮਨਦੀਪ ਸਿੰਘ ਸੁਰਜੀਤ ਸਿੰਘ ਰੱਤੇਵਾਲੀਆ ਕੁਲਦੀਪ ਸਿੰਘ ਆਦਿ ਆਗੂ ਹਾਜ਼ਰ ਸਨ ।

# ਮਾਝਾ ਪ੍ਰੈੱਸ ਕਲੱਬ ਦੀ ਟੀਮ ਨੇ ਲਵਾਰਿਸ ਤੇ ਅਪਾਹਜ਼ ਮਰੀਜ਼ ਨੂੰ ਪਿੰਗਲਵਾੜਾ ਸੰਸਥਾ ਵਿਖੇ ਕਰਵਾਇਆ ਦਾਖ਼ਲ

**ਜੰਡਿਆਲਾ ਗੁਰੂ/ਜਸਪਾਲ ਸ਼ਰਮਾ**

ਮਾਝਾ ਪ੍ਰੈੱਸ ਕਲੱਬ,ਅੰਮ੍ਰਿਤਸਰ ਦੀ ਟੀਮ ਦੇ ਉਦੱਮ ਸਦਕਾ ਕਈ ਦਿਨਾਂ ਤੋਂ ਸੜਕ ਕੰਢੇ ਰੁਲ ਰਹੇ ਅਪਾਹਜ ਤੇ ਬਿਮਾਰ ਇਕ ਲਵਾਰਿਸ ਪ੍ਰਵਾਸੀ ਮਰੀਜ਼ ਲਈ ਅੰਤਰਰਸ਼ਾਸ਼ਟਰੀ ਪੱਧਰ ਦੀ ਸੰਸਥਾ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ, ਅੰਮ੍ਰਿਤਸਰ ਆਸਰਾ ਬਣ ਬਹੁੜੀ ਹੈ। ਜਿਕਰਯੋਗ ਹੈ ਕਿ ਜੰਡਿਆਲਾ ਗੁਰੂ-ਤਰਨਤਾਰਨ ਰੋਡ 'ਤੇ ਪਿੰਡ ਠੱਠੀਆਂ ਦੇ ਪੈਟਰੋਲ ਪੰਪ ਦੇ ਸਾਹਮਣੇ ਅਪਾਹਜ਼, ਬਿਮਾਰ ਤੇ ਕਮਜ਼ੋਰ ਹਾਲਤ 'ਚ ਇਕ ਪ੍ਰਵਾਸੀ ਮਜਦੂਰ, ਜੋ ਪਿੱਛਲੇ ਕਈ ਦਿਨਾਂ ਤੋਂ ਸੜਕ ਕੰਢੇ ਪਿਆ ਸੀ, ਨੂੰ ਆਉਂਦੇ ਜਾਂਦੇ ਰਾਹਗੀਰ ਜਾਂ ਪੈਟਰੋਲ ਪੰਪ ਵਾਲੇ ਥੋੜ੍ਹਾ ਬਹੁਤ ਖਾਣ ਪੀਣ ਨੂੰ ਦੇ ਦਿੰਦੇ ਸਨ, ਪਰ ਉਸਦੀ ਖਰਾਬ ਹੋ ਰਹੀ ਹਾਲਤ ਬਾਰੇ ਜਦੋਂ ਆਮ ਆਦਮੀ ਪਾਰਟੀ ਦੇ ਆਗੂ ਨਰੇਸ਼ ਪਾਠਕ ਨੂੰ ਪਤਾ ਲੱਗਾ ਤਾਂ ਉਨ੍ਹਾਂ ਨੇ ਤੁਰੰਤ ਮਾਝਾ ਪ੍ਰੈੱਸ ਕਲੱਬ, ਅੰਮ੍ਰਿਤਸਰ ਦੇ ਪ੍ਰਧਾਨ ਗੁਰਦੀਪ ਸਿੰਘ ਨਾਗੀ ਨਾਲ ਸੰਪਰਕ ਕੀਤਾ ਤਾਂ ਪ੍ਰਧਾਨ ਨਾਗੀ ਨੇ ਸਮੁੱਚੀ ਟੀਮ ਦੇ ਸਹਿਯੋਗ ਨਾਲ ਡਾ ਇੰਦਰਜੀਤ ਕੌਰ ਦੀ ਰਹਿਨੁਮਾਈ ਹੇਠ ਚੱਲ ਰਹੀ ਪਿੰਗਲਵਾੜਾ ਸੰਸਥਾ ਦੇ ਪ੍ਰਸ਼ਾਸ਼ਕ ਕਰਨਲ ਦਰਸ਼ਨ ਸਿੰਘ ਬਾਵਾ ਨਾਲ ਸੰਪਰਕ ਸਾਧਿਆ ਅਤੇ ਉਨ੍ਹਾਂ ਵਲੋਂ ਦੱਸੀ ਰਸਮੀ ਪ੍ਰਕਿਰਿਆ ਮੁਕੰਮਲ ਹੋਣ ਮਗਰੋਂ ਪਿੰਗਲਵਾੜਾ ਸੰਸਥਾ ਦੀ ਐਂਬੂਲੈਂਸ ਮਰੀਜ ਨੂੰ ਲੈਣ ਭੇਜ ਦਿੱਤੀ। ਮਾਝਾ ਪ੍ਰੈੱਸ ਕਲੱਬ ਦੇ ਪ੍ਰਧਾਨ ਗੁਰਦੀਪ ਸਿੰਘ ਨਾਗੀ ਅਤੇ ਸਮੁੱਚੀ ਟੀਮ ਨੇ ਮੌਕੇ 'ਤੇ ਪਹੰਚ ਕੇ ਲਵਾਰਿਸ ਮਰੀਜ਼ ਨੂੰ ਐਂਬੂਲੈਂਸ ਵਿਚ ਬਿਠਾਇਆ ਅਤੇ ਪਿੰਗਲਵਾੜਾ ਸੰਸਥਾ ਲਈ ਰਵਾਨਾ ਕੀਤਾ। ਇਸ ਮੌਕੇ ਪ੍ਰਧਾਨ ਨਾਗੀ ਨੇ ਪਿੰਗਲਵਾੜਾ ਸੰਸਥਾ ਦਾ ਧੰਨਵਾਦ ਕੀਤਾ, ਜੋ ਲਵਾਰਿਸਾਂ ਤੇ ਬੇਅਸਰਿਆ ਦਾ ਆਸਰਾ ਬਣ ਰਹੀ ਹੈ। ਇਸ ਮੌਕੇ ਕਲੱਬ ਦੇ ਜਨਰਲ ਸਕੱਤਰ ਜਸਵੰਤ ਸਿੰਘ ਮਾਂਗਟ, ਸਵਿੰਦਰ ਸਿੰਘ ਸ਼ਿੰਦਾ ਲਹੌਰੀਆ, ਕੁਲਦੀਪ ਸਿੰਘ ਖਹਿਰਾ, ਹਰੀਸ਼ ਕੱਕੜ, ਐਡਵਕੇਟ ਸ਼ੁਕਰਗੁਜ਼ਾਰ ਸਿੰਘ, ਗੁਰਪਾਲ ਸਿੰਘ ਰਾਏ, ਸਤਪਾਲ ਵਿਨਾਇਕ, ਕੁਲਦੀਪ ਸਿੰਘ ਭੁੱਲਰ, ਪਰਵਿੰਦਰ ਸਿੰਘ ਮਲਕ, ਸੁਖਦੇਵ ਸਿੰਘ ਬੱਬੂ, ਮਨਦੀਪ ਸਿੰਘ ਜੰਮੂ, ਪਰਮਜੀਤ ਸਿੰਘ, ਰਾਜੇਸ਼ ਪਾਠਕ ਆਦਿ ਹਾਜ਼ਰ ਸਨ।

# ਭਗਵੰਤ ਮਾਨ ਨੇ ਸਿੱਖਿਆ ਪ੍ਰਣਾਲੀ ਵਿੱਚ ਵਿਆਪਕ ਸੁਧਾਰ ਲਿਆਉਣ ਲਈ ਸਰਕਾਰੀ ਅਧਿਆਪਕਾਂ ਤੋਂ ਵਿਚਾਰ ਲੈਣ ਲਈ ਆਨਲਾਈਨ ਪੋਰਟਲ ਲਾਂਚ ਕੀਤਾ

**ਲੁਧਿਆਣਾ/ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ**



ਸਕੂਲੀ ਸਿੱਖਿਆ ਪ੍ਰਣਾਲੀ ਵਿੱਚ ਵਿਆਪਕ ਸੁਧਾਰ ਲਿਆਉਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਇੱਥੇ ਇੱਕ ਨਿੱਜੀ ਰਿਜ਼ੋਰਟ ਵਿੱਚ ਸਰਕਾਰੀ ਸਕੂਲਾਂ ਦੇ ਪ੍ਰਿੰਸੀਪਲਾਂ ਨਾਲ ਵਿਸੇਸ ਮੀਟਿੰਗ ਕਰਕੇ ਉਨ੍ਹਾਂ ਤੋਂ ਸਕੂਲੀ ਸਿੱਖਿਆ ਦਾ ਪੱਧਰ ਉੱਚਾ ਚੁੱਕਣ ਲਈ ਜਾਣਕਾਰੀ ਮੰਗੀ। ਇਸ ਮੌਕੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਦਾ ਮੌਜੂਦਾ ਸਰਕਾਰੀ ਸਿੱਖਿਆ ਪ੍ਰਣਾਲੀ ਤੋਂ ਵਿਸਵਾਸ ਉੱਠ ਗਿਆ ਹੈ। ਭਗਵੰਤ ਮਾਨ ਨੇ ਕਿਹਾ ਕਿ ਸਰਕਾਰੀ ਅਧਿਆਪਕਾਂ ਦੀਆਂ ਬੇਮਿਸਾਲ ਕਾਬਲੀਅਤਾਂ ਅਤੇ ਕਾਬਲੀਅਤਾਂ 'ਤੇ ਕੋਈ ਸੱਕ ਨਹੀਂ ਹੈ, ਪਰ ਸਰਕਾਰੀ ਸਿੱਖਿਆ ਪ੍ਰਣਾਲੀ ਵਿਚ ਲੋਕਾਂ ਦਾ ਭਰੋਸਾ ਮੁੜ ਕਾਇਮ ਕਰਨਾ ਸਮੇਂ ਦੀ ਲੋੜ ਹੈ, ਜੋ ਕਿ ਲੋਕਾਂ ਦੀ ਪੂਰਨ ਸਮੂਲੀਅਤ ਅਤੇ ਸਹਿਯੋਗ ਨਾਲ ਹੀ ਪ੍ਰਾਪਤ ਕੀਤਾ ਜਾ ਸਕਦਾ ਹੈ। ਇਸ ਦੇ ਨਾਲ ਹੀ, ਸਾਨੂੰ ਵਿਦਿਆਰਥੀਆਂ ਦੇ ਆਤਮ ਵਿਸਵਾਸ ਨੂੰ ਵਧਾਉਣ ਦੀ ਵੀ ਲੋੜ ਹੈ ਤਾਂ ਜੋ ਉਨ੍ਹਾਂ ਨੂੰ ਨੌਕਰੀ ਲੱਭਣ ਵਾਲਿਆਂ ਤੋਂ ਨੌਕਰੀ ਪ੍ਰਦਾਨ ਕਰਨ ਵਾਲਾ ਬਣਾਇਆ ਜਾ ਸਕੇ। ਭਗਵੰਤ ਮਾਨ ਨੇ ਅੱਗੇ ਦੱਸਿਆ ਕਿ ਉਨ੍ਹਾਂ ਦੀ ਸਰਕਾਰ ਮੌਜੂਦਾ ਸਿੱਖਿਆ ਪ੍ਰਣਾਲੀ ਨੂੰ ਵਿਹਾਰਕ ਤੌਰ 'ਤੇ ਵਿਵਹਾਰਕ ਬਣਾਉਣ ਦੇ ਨਾਲ-ਨਾਲ ਰੋਜਮਰ੍ਹਾ ਦੀ ਜਿ?ਦਗੀ ਵਿਚ ਵਧੇਰੇ ਢੁਕਵੀਂ ਅਤੇ ਲਾਹੇਵੰਦ ਬਣਾਉਣ ਲਈ ਅਧਿਆਪਕਾਂ ਨੂੰ ਪੂਰਾ ਸਹਿਯੋਗ ਦੇਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਸੂਬੇ ਵਿੱਚ ਉਦਯੋਗਾਂ ਨੂੰ ਵਾਪਸ ਲਿਆ ਕੇ ਦਿਮਾਗੀ ਨਿਕਾਸ ਨੂੰ ਰੋਕਣ ਲਈ ਵਚਨਬੱਧ ਹੈ ਜਿੱਥੇ ਸਾਡੇ ਨੌਜਵਾਨਾਂ ਨੂੰ ਵੱਡੀਆਂ ਨੌਕਰੀਆਂ ਮੁਹੱਈਆ ਕਰਵਾਈਆਂ ਜਾਣਗੀਆਂ। ਇਸ ਲਈ ਉੱਚ ਪ੍ਰਤੀਸਤਤਾ ਪ੍ਰਾਪਤ ਕਰਨ 'ਤੇ ਧਿਆਨ ਦੇਣ ਦੀ ਬਜਾਏ ਮਿਆਰੀ ਤਕਨੀਕੀ ਸਿੱਖਿਆ ਪ੍ਰਦਾਨ ਕਰਨ 'ਤੇ ਵਿਸੇਸ ਜੋਰ ਦਿੱਤਾ ਜਾਵੇਗਾ।

ਦਿੱਲੀ ਵਿੱਚ ਸਿੱਖਿਆ ਦੇ ਖੇਤਰ ਵਿੱਚ ਕੇਜਰੀਵਾਲ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਉਜਾਗਰ ਕਰਦਿਆਂ ਭਗਵੰਤ ਮਾਨ ਨੇ ਕਿਹਾ ਕਿ ਚਾਰ ਲੱਖ ਵਿਦਿਆਰਥੀ ਪ੍ਰਾਈਵੇਟ ਸਕੂਲਾਂ ਤੋਂ ਸਰਕਾਰੀ ਸਕੂਲਾਂ ਵਿੱਚ ਚਲੇ ਗਏ ਹਨ। ਉਨ੍ਹਾਂ ਕਿਹਾ ਕਿ ਦਿੱਲੀ ਤੋਂ ਹਰ ਸਾਲ 450 ਵਿਦਿਆਰਥੀ ਆਈਆਈਟੀ ਵਰਗੇ ਵੱਕਾਰੀ ਅਦਾਰਿਆਂ ਵਿੱਚ ਦਾਖਲਾ ਲੈਂਦੇ ਹਨ ਅਤੇ ਦਿੱਲੀ ਸਰਕਾਰ ਨੇ ਸਰਕਾਰੀ ਸਕੂਲਾਂ ਵਿੱਚ 10000 ਕਮਰੇ ਬਣਾਏ ਹਨ।

ਮੁੱਖ ਮੰਤਰੀ ਨੇ ਅੱਗੇ ਦੱਸਿਆ ਕਿ ਸਾਡੀ ਸਿੱਖਿਆ ਨੂੰ ਅਗਲੇ ਪੱਧਰ ਤੱਕ ਲਿਜਾਣ ਲਈ ਸਾਡੇ ਅਧਿਆਪਕਾਂ ਨੂੰ ਦਿੱਲੀ ਦੇ ਸਕੂਲਾਂ ਅਤੇ ਵਿਦੇਸਾਂ ਵਿੱਚ ਵੀ ਵਿਦਿਅਕ ਦੌਰਿਆਂ 'ਤੇ ਸਿੰਗਾਪੁਰ, ਸਵਿਟਜਰਲੈਂਡ, ਫਿਨਲੈਂਡ ਵਰਗੇ ਦੇਸਾਂ ਅਤੇ ਹਾਰਵਰਡ ਅਤੇ ਆਕਸਫੋਰਡ ਆਦਿ ਸੰਸਥਾਵਾਂ ਵਿੱਚ ਸਿੱਖਿਆ ਸਿਖਲਾਈ ਲਈ ਭੇਜਿਆ ਜਾਵੇਗਾ। ਸਰਕਾਰੀ ਖਰਚੇ 'ਤੇ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਸਿੱਖਿਆ ਪ੍ਰਣਾਲੀ ਨੂੰ ਮਜਬੂਤ ਕਰਨ ਲਈ ਸਾਡੇ ਅਧਿਆਪਕਾਂ ਦੇ ਵਿਚਾਰਾਂ ਤੋਂ ਇਲਾਵਾ ਸਿੱਖਿਆ ਦਾ ਦਿੱਲੀ ਮਾਡਲ ਪੰਜਾਬ ਵਿੱਚ ਵੀ ਲਾਗੂ ਕੀਤਾ ਜਾਵੇਗਾ।

ਭਗਵੰਤ ਮਾਨ ਨੇ ਕਿਹਾ ਕਿ ਪ੍ਰਵਾਸੀ ਭਾਰਤੀ ਸਰਕਾਰੀ ਸਕੂਲਾਂ ਨੂੰ ਅਪਣਾਉਣ ਲਈ ਤਿਆਰ ਹਨ ਪਰ ਉਨ੍ਹਾਂ ਦੇ ਪੈਸੇ ਦੀ ਵਰਤੋਂ ਵਿਦਿਆਰਥੀਆਂ ਨੂੰ ਆਧੁਨਿਕ ਵਿੱਦਿਅਕ ਤਕਨੀਕਾਂ ਮੁਹੱਈਆ ਕਰਵਾਉਣ ਲਈ ਕੀਤੀ ਜਾਣੀ ਚਾਹੀਦੀ ਹੈ ਨਾ ਕਿ ਸਿਰਫ ਕਮਰੇ ਬਣਾਉਣ ਲਈ।

ਭਗਵੰਤ ਮਾਨ ਨੇ ਸਰਵੋਤਮ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਅਤੇ ਪ੍ਰਿੰਸੀਪਲਾਂ ਲਈ ਸਾਲਾਨਾ ਇਨਾਮਾਂ ਦਾ ਐਲਾਨ ਵੀ ਕੀਤਾ। ਉਨ੍ਹਾਂ ਕਿਹਾ ਕਿ ਹਰ ਸਾਲ ਵਧੀਆ ਕਾਰਗੁਜਾਰੀ ਵਾਲੇ 10 ਅਧਿਆਪਕਾਂ ਅਤੇ ਪ੍ਰਿੰਸੀਪਲਾਂ ਨੂੰ ਸਨਮਾਨਿਤ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਵਿਦਿਅਕ ਸੁਧਾਰਾਂ ਨੂੰ ਬਕਸੇ ਤੋਂ ਬਾਹਰ ਲਿਆਉਣ ਲਈ ਅਧਿਆਪਕਾਂ ਤੋਂ ਵਿਚਾਰ ਅਤੇ ਸੁਝਾਅ ਲੈਣ ਲਈ ਇੱਕ ਆਨਲਾਈਨ ਪੋਰਟਲ ਲਾਂਚ ਕੀਤਾ। ਉਨ੍ਹਾਂ ਕਿਹਾ ਕਿ ਅਧਿਆਪਕਾਂ ਨੂੰ ਇਸ ਪੋਰਟਲ ਰਾਹੀਂ ਆਨਲਾਈਨ ਵਿਚਾਰ ਭੇਜਣੇ ਚਾਹੀਦੇ ਹਨ ਤਾਂ ਜੋ ਸਿੱਖਿਆ ਦੀ ਰਵਾਇਤੀ ਪ੍ਰਣਾਲੀ ਨੂੰ ਬਦਲ ਕੇ ਸਿੱਖਿਆ ਪ੍ਰਣਾਲੀ ਨੂੰ ਪੇਪਰ ਰਹਿਤ, ਡਿਜੀਟਲ ਸਸਕਤੀਕਰਨ ਅਤੇ ਪੇਰੈਂਟਸ ਟੀਚਰ ਮੀਟ (ਪੀ.ਟੀ.ਐਮ.) ਆਦਿ ਦੀ ਸੁਰੂਆਤ ਕੀਤੀ ਜਾ ਸਕੇ। ਭਗਵੰਤ ਮਾਨ ਨੇ ਅਧਿਆਪਕਾਂ ਨੂੰ ਇਹ ਵੀ ਭਰੋਸਾ ਦਿੱਤਾ ਕਿ ਦਿੱਲੀ ਸਰਕਾਰ ਦੀ ਤਰਜ 'ਤੇ ਪੰਜਾਬ ਸਰਕਾਰ ਅਧਿਆਪਕਾਂ ਤੋਂ ਪੜ੍ਹਾਉਣ ਤੋਂ ਇਲਾਵਾ ਕੋਈ ਹੋਰ ਕੰਮ ਨਹੀਂ ਕਰੇਗੀ। ਉਨ੍ਹਾਂ ਕਿਹਾ ਕਿ ਅਧਿਆਪਕਾਂ ਨੂੰ ਹੋਰ ਡਿਊਟੀਆਂ ਲਗਾ ਕੇ ਕਾਫੀ ਸਮਾਂ ਬਰਬਾਦ ਕੀਤਾ ਜਾਂਦਾ ਹੈ ਜਿਸ ਕਾਰਨ ਉਹ ਪੜ੍ਹਾਉਣ ਦੇ ਕੰਮ 'ਤੇ ਧਿਆਨ ਨਹੀਂ ਦੇ ਪਾ ਰਹੇ ਹਨ। ਇਸ ਤੋਂ ਪਹਿਲਾਂ ਸਿੱਖਿਆ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਮੁੱਖ ਮੰਤਰੀ ਨੂੰ ਪੁਸਤਕ ਭੇਂਟ ਕਰਕੇ ਉਨ੍ਹਾਂ ਦਾ ਸਵਾਗਤ ਕੀਤਾ। ਇਸ ਮੌਕੇ 'ਤੇ ਸੰਬੋਧਨ ਕਰਦਿਆਂ ਹੇਅਰ ਨੇ ਭਰੋਸਾ ਦਿਵਾਇਆ ਕਿ ਸਾਰੇ ਅਧਿਆਪਕਾਂ ਦੇ ਵਿਚਾਰਾਂ ਅਤੇ ਸੁਝਾਵਾਂ ਦਾ ਸੁਆਗਤ ਕੀਤਾ ਜਾਂਦਾ ਹੈ ਅਤੇ ਹਰੇਕ ਇਨਪੁਟ ਨੂੰ ਧਿਆਨ ਨਾਲ ਵਿਚਾਰਿਆ ਜਾਵੇਗਾ। ਸਕੂਲ ਸਿੱਖਿਆ ਮੰਤਰੀ ਨੇ ਇਹ ਵੀ ਕਿਹਾ ਕਿ ਪੰਜਾਬ ਨੂੰ ਸਿੱਖਿਆ ਦੇ ਖੇਤਰ ਵਿੱਚ ਨੰਬਰ ਇੱਕ ਬਣਾਉਣ ਲਈ ਸਾਰਥਕ ਵਿਚਾਰਾਂ ਨੂੰ ਸਾਰੇ ਸਕੂਲਾਂ ਵਿੱਚ ਲਾਗੂ ਕੀਤਾ ਜਾਵੇਗਾ। ਸਿੱਖਿਆ ਮੰਤਰੀ ਨੇ ਕਿਹਾ ਕਿ ਇਮਾਨਦਾਰੀ, ਇਮਾਨਦਾਰੀ ਅਤੇ ਸਖਤ ਮਿਹਨਤ ਵਾਲੇ ਗੁਣਾਂ ਦਾ ਸਨਮਾਨ ਕੀਤਾ ਜਾਵੇਗਾ ਅਤੇ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵਿੱਚ ਬੇਈਮਾਨੀ ਲਈ ਕੋਈ ਥਾਂ ਨਹੀਂ ਹੈ। ਇਸ ਮੌਕੇ ਵਿਧਾਇਕ ਸਰਵਜੀਤ ਕੌਰ ਮਾਣੂੰਕੇ, ਰਜਿੰਦਰਪਾਲ ਕੌਰ ਛੀਨਾ, ਗੁਰਪ੍ਰੀਤ ਬੱਸੀ ਗੋਗੀ, ਜੀਵਨ ਸਿੰਘ ਸੰਗੋਵਾਲ, ਕੁਲਵੰਤ ਸਿੰਘ ਸਿੱਧੂ, ਹਾਕਮ ਸਿੰਘ ਠੇਕੇਦਾਰ, ਮਦਨ ਲਾਲ ਬੱਗਾ, ਦਲਜੀਤ ਸਿੰਘ ਗਰੇਵਾਲ, ਅਸੋਕ ਪਰਾਸਰ ਪੱਪੀ, ਹਰਦੀਪ ਸਿੰਘ ਮੁੰਡੀਆਂ, ਜਗਤਾਰ ਸਿੰਘ ਦਿਆਲਪੁਰਾ ਆਦਿ ਹਾਜਰ ਸਨ। , ਮਨਵਿੰਦਰ ਸਿੰਘ ਗਿਆਸਪੁਰਾ, ਸਿੱਖਿਆ ਸਾਸਤਰੀ ਡਾ.ਕੇ.ਐਨ.ਐਸ. ਕੰਗ, ਮੁੱਖ ਮੰਤਰੀ ਦੇ ਏ.ਸੀ.ਐਸ. ਵੇਣੂ ਪ੍ਰਸਾਦ, ਸਕੂਲ ਸਿੱਖਿਆ ਦੇ ਪ੍ਰਮੁੱਖ ਸਕੱਤਰ ਆਲੋਕ ਸੇਖਰ, ਡੀ.ਜੀ.ਐਸ.ਈ. ਪ੍ਰਦੀਪ ਅਗਰਵਾਲ, ਡਿਪਟੀ ਕਮਿਸਨਰ ਸੁਰਭੀ ਮਲਿਕ ਅਤੇ ਆਈ.ਜੀ.ਐਸ.ਪੀ.ਐਸ. ਪਰਮਾਰ ਸਾਮਲ ਸਨ।

# ਡਿਪਟੀ ਕਮਿਸ਼ਨਰ ਗੁਰਦਾਸਪੁਰ ਵਲੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਲਈ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਅਧਿਕਾਰੀਆਂ ਨੂੰ ਦਿੱਤੀਆਂ ਹਦਾਇਤਾਂ




**ਗੁਰਦਾਸਪੁਰ/ਨਵਨੀਤ ਕੁਮਾਰ**

ਡਿਪਟੀ ਕਮਿਸ਼ਨਰ ਗੁਰਦਾਸਪੁਰ, ਜਨਾਬ ਮੁਹੰਮਦ ਇਸ਼ਫਾਕ ਦੀ ਪ੍ਰਧਾਨਗੀ ਹੇਠ ਜ਼ਿਲੇ ਅੰਦਰ ਝੋਨੇ ਦੀ ਸਿੱਧੀ ਬਿਜਾਈ ਕਰਨ ਲਈ ਕਿਸਾਨਾਂ ਨੂੰ ਜਾਗਰੂਕ ਕਰਨ ਹਿੱਤ ਸਬੰਧਤ ਵਿਭਾਗਾਂ ਵਲੋਂ ਕੀਤੇ ਜਾ ਰਹੇ ਯਤਨਾਂ ਸਬੰਧੀ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ ਤੇ ਹਦਾਇਤ ਕੀਤੀ ਗਈ ਕਿ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਲਈ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ ਅਤੇ ਪੰਜਾਬ ਸਰਕਾਰ ਵਲੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਲਈ ਦਿੱਤੀ ਜਾ ਰਹੀ ਪ੍ਰਤੀ ਏਕੜ 1500 ਰੁਪਏ ਵਿੱਤੀ ਸਹਾਇਤਾ ਬਾਰੇ ਵੀ ਜਾਗਰੂਕ ਕਰਨ ਲਈ ਕਿਹਾ। ਇਸ ਮੌਕੇ ਡੀਡੀਪੀਓ ਗੁਰਦਾਸਪੁਰ ਡਾ. ਸੰਦੀਪ ਮਲਹੋਤਰਾ, ਰਣਧੀਰ ਸਿੰਘ ਠਾਕੁਰ ਖੇਤੀਬਾੜੀ ਅਫਸਰ, ਬੀਡੀਪੀਓ ਗੁਰਜੀਤ ਸਿੰਘ, ਅਮਨਦੀਪ ਕੋਰ ਆਦਿ ਮੋਜੂਦ ਸਨ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵਲੋਂ ਖੇਤੀਬਾੜੀ ਵਿਭਾਗ ਸਮੇਤ ਡੀਡੀਪੀਓ ਗੁਰਦਾਸਪੁਰ, ਜਿਲੇ ਦੇ ਸਮੂਹ ਬੀਡੀਪੀਓਜ਼ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਦਿੰਦਿਆਂ ਕਿਹਾ ਕਿ ਪਿੰਡਾਂ ਵਿਚ ਜਾ ਕੇ ਕਿਸਾਨਾਂ ਤੇ ਮੋਹਤਬਰਾਂ ਨਾਲ ਮੀਟਿੰਗਾਂ ਕੀਤੀਆਂ ਜਾਣ ਤੇ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਕਰਨ ਦੇ ਨਾਲ-ਨਾਲ ਪੰਜਾਬ ਸਰਕਾਰ ਵਲੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਲਈ ਪ੍ਰਤੀ ਏਕੜ 1500 ਰੁਪਏ ਦੀ ਦਿੱਤੀ ਜਾ ਰਹੀ ਵਿੱਤੀ ਸਹਾਇਤਾ ਬਾਰੇ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ। ਉਨਾਂ ਅੱਗੇ ਦੱਸਿਆ ਕਿ ਕਿਸਾਨਾਂ ਵਲੋਂ ਝੋਨਾ ਬੀਜਣ ਦੀ ਤਿਆਰੀ ਕੀਤੀ ਜਾ ਰਹੀ ਹੈ। ਇਸ ਲਈ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਕਰਨ ਲਈ ਪ੍ਰੇਰਿਤ ਕੀਤਾ ਜਾਵੇ ਅਤੇ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਦੇ ਫਾਇਦਿਆਂ ਬਾਰੇ ਜਾਗਰੂਕ ਕੀਤਾ ਜਾਵੇ।

ਡਿਪਟੀ ਕਮਿਸ਼ਨਰ ਨੇ ਜ਼ਿਲੇ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਧਰਤੀ ਹੇਠਲੇ ਡਿੱਗਦੇ ਪਾਣੀ ਦੇ ਪੱਧਰ ਨੂੰ ਬਚਾਉਣਾ ਅੱਜ ਸਮੇਂ ਦੀ ਮੁੱਖ ਲੋੜ ਹੈ ਤੇ ਵਾਤਾਵਰਣ ਨੂੰ ਸ਼ੁੱਧ ਰੱਖਣ ਤੇ ਸਿਹਤਮੰਦ ਭਵਿੱਖ ਨੂੰ ਮੁੱਖ ਰੱਖਦਿਆਂ ਝੋਨੇ ਦੀ ਸਿੱਧੀ ਬਿਜਾਈ ਕੀਤੀ ਜਾਵੇ। ਉਨਾਂ ਕਿਹਾ ਕਿ ਝੋਨੇ ਦੀ ਸਿੱਧੀ ਬਿਜਾਈ ਕਰਨ ਨਾਲ ਜਿਥੇ ਪਾਣੀ ਦੀ ਬੱਚਤ ਹੁੰਦੀ ਹੈ, ਜ਼ਮੀਨ ਦੀ ਉਪਜਾਊ ਸ਼ਕਤੀ ਬਰਕਰਾਰ ਰਹਿੰਦੀ ਹੈ ਅਤੇ ਝੋਨੇ ਦੇ ਝਾੜ ਵਿਚ ਵੀ ਵਾਧਾ ਹੁੰਦਾ ਹੈ।

ਇਸ ਮੌਕੇ ਖੇਤੀਬਾੜੀ ਅਫਸਰ ਗੁਰਦਾਸਪੁਰ ਡਾ. ਰਣਧੀਰ ਸਿੰਘ ਠਾਕੁਰ ਨੇ ਦੱਸਿਆ ਕਿ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਕਰਨ ਲਈ ਪਿੰਡਾਂ ਅੰਦਰ ਜਾਰੂਕਤਾ ਕੈਂਪ ਲਗਾਏ ਜਾ ਹਨ ਅਤੇ ਪੰਜਾਬ ਸਰਕਾਰ ਵਲੋਂ ਝੋਨੇ ਦੀ ਸਿੱਧੀ ਬਿਜਾਈ ਨੂੰ ਉਤਸ਼ਾਹਤ ਕਰਨ ਦੇ ਮੰਤਵ ਨਾਲ ਪ੍ਰਤੀ ਏਕੜ 1500 ਰੁਪਏ ਵਿੱਤੀ ਸਹਾਇਤਾ ਦੇਣ ਸਬੰਧੀ ਵੀ ਜਾਗਰੂਕ ਕੀਤਾ ਜਾ ਰਿਹਾ ਹੈ।

## ਅੱਜ ਕਮਰਾ ਨੰਬਰ 217, ਬਲਾਕ ਬੀ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਲੱਗੇਗਾ ਪਲੇਸਮੈਂਟ ਕੈਂਪ




**ਗੁਰਦਾਸਪੁਰ/ਨਵਨੀਤ ਕੁਮਾਰ**

ਜ਼ਿਲ੍ਹਾ ਰੋਜਗਾਰ ਅਫ਼ਸਰ ਪੁਰਸ਼ੋਤਮ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਦੇ ਮਿਸ਼ਨ ਘਰ-ਘਰ ਰੋਜਗਾਰ ਤਹਿਤ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਅਮਨਦੀਪ ਕੌਰ ਦੀ ਪ੍ਰਧਾਨਗੀ ਹੇਠ 11 ਮਈ , 2022 ਨੂੰ ਜ਼ਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ , ਬਲਾਕ ਬੀ, ਕਮਰਾ ਨੰਬਰ 217 ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਗੁਰਦਾਸਪੁਰ ਵਿਖੇ ਇੱਕ ਰੋਜਗਾਰ ਕਮ- ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ । ਰੋਜਗਾਰ ਕਮ-ਪਲੇਸਮੈਂਟ ਕੈਂਪ ਵਿੱਚ ਮਹਿੰਦਰਾ ਕੰਪਨੀ ਨੂੰ ਸੇਲਜ ਐਗਜੈਕਟਿਵ ਅਤੇ ਸੇਲਜ਼ਮੈਨ ਅਤੇ ਸੇਲਜ਼ ਮੈਨ ਦੀ ਜਰੂਰਤ ਹੈ । ਜਿਸ ਲਈ ਯੋਗਤਾ ਘੱਟ ਤੋ ਘੱਟ 10ਵੀ ਪਾਸ , ਕਿਸੇ ਵੀ ਟਰੈਕਟਰ /ਖੇਤੀਬਾੜੀ ਨਾਲ ਜੁੜੇ ਵਪਾਰ ਦੀ ਡੀਲਰਸਿਪ ਵਿੱਚ ਘੱਟ ਤੋ ਘੱਟ 1 ਸਾਲ ਦਾ ਤਜਰਬਾ ਅਤੇ ਆਪਣੀ ਮੋਟਰਸਾਈਕਲ ਜਰੂਰੀ ਹੈ । ਇਹਨਾਂ ਕੰਪਨੀਆਂ ਵੱਲੋ ਰੋਜਗਾਰ ਤੇਲੇ ਵਿੱਚ ਹਾਜਰ ਹੋਣ ਵਾਲੇ ਪ੍ਰਾਰਥੀਆਂ ਦੀ ਮੌਕੇ ਤੇ ਹੀ ਆਫਰ ਲੈਟਰ ਵੰਡੇ ਜਾਣਗੇ । ਚਾਹਵਾਨ ਪ੍ਰਾਰਥੀ 11 ਮਈ 2022 ਨੂੰ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਬਲਾਕ ਬੀ ਕਮਰਾ ਨੰਬਰ 217, ਜਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਸਵੇਰੇ 9-00 ਵਜੇ ਹਾਜਰ ਹੋਣ ।

# ਸਾਹਨੇਵਾਲ ਦੇ ਪਿੰਡ ਮੰਡ ਚੌਂਤਾ ਵਿਖੇ ਸਰਕਾਰ ਵੱਲੋਂ 60 ਏਕੜ ਸਰਕਾਰੀ ਜਮੀਨ ਨਾਜਾਇਜ ਕਬਜ਼ਿਆਂ ਤੋਂ ਮੁਕਤ

## ਸਰਕਾਰੀ ਜਮੀਨਾਂ ਨੂੰ ਹਰ ਕੀਮਤ ‘ਤੇ ਨਾਜਾਇਜ ਕਬਜ਼ਿਆਂ ਤੋਂ ਮੁਕਤ ਕਰਵਾਇਆ ਜਾ ਰਿਹਾ ਹੈ: ਕੁਲਦੀਪ ਸਿੰਘ ਧਾਲੀਵਾਲ

**ਸਾਹਨੇਵਾਲ (ਲੁਧਿਆਣਾ)/ਸੁਖਚੈਨ ਮਹਿਰਾ, ਕਰਨ ਅੱਗਰਵਾਲ**

ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਸਰਕਾਰੀ ਜਮੀਨਾਂ ਨੂੰ ਨਾਜਾਇਜ ਕਬਜ਼ਿਆਂ ਤੋਂ ਮੁਕਤ ਕਰਵਾਉਣ ਲਈ ਆਪਣੀ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ ਹੈ, ਚਾਹੇ ਉਹ ਕੋਈ ਵੀ ਵਿਅਕਤੀ ਕਿਉਂ ਨਾ ਹੋਵੇ, ਭਾਵੇਂ ਉਹ ਕਿੰਨਾ ਵੀ ਪ੍ਰਭਾਵਸਾਲੀ ਕਿਉਂ ਨਾ ਹੋਵੇ।

ਕੈਬਨਿਟ ਮੰਤਰੀ ਨੇ ਇਹ ਗੱਲ ਅੱਜ ਸਾਹਨੇਵਾਲ ਸਬ ਡਵੀਜਨ ਦੇ ਪਿੰਡ ਮੰਡ ਚੌਂਤਾ ਦੀ 60 ਏਕੜ 4 ਕਨਾਲ 11 ਮਰਲੇ ਜਮੀਨ ਤੋਂ ਨਾਜਾਇਜ ਕਬਜੇ ਛੁਡਵਾਉਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਹੀ। ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਹਰਦੀਪ ਸਿੰਘ ਮੁੰਡੀਆਂ, ਜਗਤਾਰ ਸਿੰਘ ਦਿਆਲਪੁਰਾ, ਜੀਵਨ ਸਿੰਘ ਸੰਗੋਵਾਲ, ਏਡੀਸੀ (ਪੇਂਡੂ ਵਿਕਾਸ) ਅਮਿਤ ਕੁਮਾਰ ਪੰਚਾਲ, ਡੀਡੀਪੀਓ ਸੰਜੀਵ ਕੁਮਾਰ ਤੋਂ ਇਲਾਵਾ ਹੋਰ ਵੀ ਹਾਜਰ ਸਨ।



ਉਨ੍ਹਾਂ ਜਿ਼ਲ੍ਹਾ ਪ੍ਰਸਾਸਨ ਲੁਧਿਆਣਾ ਦੇ ਯਤਨਾਂ ਦੀ ਵੀ ਸਲਾਘਾ ਕੀਤੀ, ਜਿੱਥੇ ਹੁਣ ਤੱਕ ਕੁੱਲ 121 ਏਕੜ (ਅੱਜ ਦੀ 60 ਏਕੜ 4 ਕਨਾਲ 11 ਮਰਲੇ ਸਮੇਤ) ਸਰਕਾਰੀ ਜਮੀਨ ਨੂੰ ਨਾਜਾਇਜ ਕਬਜਿ਼ਆਂ ਤੋਂ ਮੁਕਤ ਕਰਵਾਇਆ ਗਿਆ ਹੈ।

ਮੰਤਰੀ ਨੇ ਇਹ ਵੀ ਖੁਲਾਸਾ ਕੀਤਾ ਕਿ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਨੇ ਹੁਣ ਤੱਕ ਸੂਬੇ ਭਰ ਵਿੱਚ ਕਈ ਸੌ ਏਕੜ ਜਮੀਨ ਖਾਲੀ ਕਰਵਾਈ ਹੈ।

ਉਨ੍ਹਾਂ ਕਿਹਾ ਕਿ ਪਿੰਡ ਮੰਡ ਚੌਂਤਾ ਵਿਖੇ 60 ਏਕੜ 4 ਕਨਾਲ 11 ਮਰਲੇ ਜਮੀਨ ‘ਤੇ ਸਾਲ 2007 ਤੋਂ ਸ੍ਰੋਮਣੀ ਅਕਾਲੀ ਦਲ-ਭਾਜਪਾ ਦੀ ਪੰਜਾਬ ਸਰਕਾਰ ਵੇਲੇ ਤੋਂ ਹੀ ਪਿੰਡ ਦੇ ਵੱਖ-ਵੱਖ 18 ਵਿਅਕਤੀਆਂ ਦਾ ਨਾਜਾਇਜ ਕਬਜਾ ਹੈ।

ਪਿਛਲੀਆਂ ਸਰਕਾਰਾਂ ਸ੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਦੋਵਾਂ ਵੱਲੋਂ ਅਜਿਹੀਆਂ ਗੈਰ-ਕਾਨੂੰਨੀ ਗਤੀਵਿਧੀਆਂ ਵਿਰੁੱਧ ਕੋਈ ਠੋਸ ਕਦਮ ਨਾ ਚੁੱਕਣ ਲਈ ਵਰ੍ਹਦਿਆਂ ਮੰਤਰੀ ਨੇ ਕਿਹਾ ਕਿ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਆਉਣ ਵਾਲੇ ਦਿਨਾਂ ਵਿੱਚ ਕਬਜਿ਼ਆਂ ਵਿਰੁੱਧ ਚੱਲ ਰਹੀ ਮੁਹਿੰਮ ਨੂੰ ਹੋਰ ਤੇਜ ਕਰੇਗੀ। ਉਨ੍ਹਾਂ ਕਿਹਾ ਕਿ ਇਹ ਕੇਵਲ ਇੱਕ ਮਜਬੂਤ ‘ਰਾਜਨੀਤਿਕ ਇੱਛਾ ਸਕਤੀ’ ਦੁਆਰਾ ਯਕੀਨੀ ਬਣਾਇਆ ਜਾ ਸਕੇਗਾ ਜਿਸ ਨੂੰ ਆਮ ਆਦਮੀ ਪਾਰਟੀ ਪਹਿਲਾਂ ਹੀ ਲਾਗੂ ਕਰ ਚੁੱਕੀ ਹੈ।

ਗੈਰ-ਕਾਨੂੰਨੀ ਕਬਜਿ਼ਆਂ ਤੋਂ ਮੁਕਤ ਕਰਵਾਈਆਂ ਜਾ ਰਹੀਆਂ ਜਮੀਨਾਂ ਦੇ ਵੇਰਵੇ ਦਿੰਦਿਆਂ ਮੰਤਰੀ ਨੇ ਕਿਹਾ ਕਿ ਵਾਹੀਯੋਗ ਜਮੀਨਾਂ ਨੂੰ ਨਿਯਮਾਂ ਅਨੁਸਾਰ ਖੇਤੀਬਾੜੀ ਲਈ ਲੀਜ ‘ਤੇ ਦਿੱਤਾ ਜਾਵੇਗਾ ਅਤੇ ਵਪਾਰਕ ਜਮੀਨਾਂ ਨੂੰ ਵਪਾਰ ਅਤੇ ਦੁਕਾਨਾਂ ਦੀ ਉਸਾਰੀ ਲਈ ਵਰਤਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰੀ ਖਜਾਨੇ ਨੂੰ ਹੋਰ ਮਜਬੂਤ ਕਰਨ ਲਈ ਕੁਝ ਵਿਕਣਯੋਗ ਜਮੀਨਾਂ ਨੂੰ ਵੇਚਿਆ ਜਾ ਸਕਦਾ ਹੈ।

ਇਹ ਖੁਲਾਸਾ ਕਰਦਿਆਂ ਕਿ ਸਾਲ 2010 ਦੀ ਰਿਪੋਰਟ ਅਨੁਸਾਰ 50,000 ਏਕੜ ਤੋਂ ਵੱਧ ਸਰਕਾਰੀ ਜਮੀਨਾਂ ਨਾਜਾਇਜ ਕਬਜੇ ਹੇਠ ਸਨ, ਮੰਤਰੀ ਨੇ ਕਿਹਾ ਕਿ ਵਿਭਾਗ ਨੂੰ 2021 ਤੱਕ ਨਵੇਂ ਵੇਰਵੇ ਤਿਆਰ ਕਰਨ ਦੇ ਨਿਰਦੇਸ ਜਾਰੀ ਕੀਤੇ ਗਏ ਹਨ ਤਾਂ ਜੋ ਲੋੜੀਂਦੀ ਕਾਰਵਾਈ ਸੁਰੂ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ‘ਆਪ’ ਸਰਕਾਰ ਇਨ੍ਹਾਂ ਜਮੀਨਾਂ ‘ਤੇ ਨਾਜਾਇਜ ਕਬਜੇ ਰੱਖਣ ਵਾਲਿਆਂ ਨੂੰ ਜਮੀਨਾਂ ਖਾਲੀ ਕਰਵਾਉਣ ਦੀ ਅਪੀਲ ਕਰੇਗੀ ਤਾਂ ਜੋ ਇਨ੍ਹਾਂ ਦੀ ਵਰਤੋਂ ਸੂਬੇ ਦੇ ਵਿਕਾਸ ਲਈ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਵਿਭਾਗ ਇਨ੍ਹਾਂ ਜਮੀਨਾਂ ਨੂੰ ਮੁਫਤ ਦਿਵਾਉਣ ਲਈ ਸਾਰੇ ਕਾਨੂੰਨੀ ਪਹਿਲੂਆਂ ਦੀ ਪਾਲਣਾ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ। ਰਾਜ ਸਰਕਾਰ ਪੰਚਾਇਤਾਂ ਅਤੇ ਹੋਰ ਲੋਕਾਂ ਤੋਂ ਇਲਾਵਾ ਉਨ੍ਹਾਂ ਅਧਿਕਾਰੀਆਂ/ਕਰਮਚਾਰੀਆਂ ਨੂੰ ਵੀ ਸਨਮਾਨਿਤ ਕਰੇਗੀ, ਜਿਨ੍ਹਾਂ ਵੱਲੋਂ ਨਾਜਾਇਜ ਕਬਜਿ਼ਆਂ ਨੂੰ ਹਟਾ ਕੇ ਇਸ ਮੁਹਿੰਮ ਨੂੰ ਸਾਨਦਾਰ ਢੰਗ ਨਾਲ ਸਫਲ ਬਣਾਉਣ ਲਈ ਕੀਤੇ ਜਾ ਰਹੇ ਯਤਨਾਂ ਲਈ।

ਇਸ ਮੌਕੇ ਬੀ.ਡੀ.ਪੀ.ਓ ਗੁਰਪ੍ਰੀਤ ਸਿੰਘ ਮਾਂਗਟ, ਪੰਚਾਇਤ ਸਕੱਤਰ ਕਮਲਜੀਤ ਸਿੰਘ, ਸਰਪੰਚ ਨਿਰਮਲ ਸਿੰਘ ਤੋਂ ਇਲਾਵਾ ਹੋਰ ਵੀ ਹਾਜਰ ਸਨ।

# ਪੰਜਾਬ ਰੋਡਵੇਜ ਪਨਬਸ ਤੇ ਪੀ ਆਰ ਟੀ ਸੀ ਦੇ ਬਣ ਰਹੇ ਤਰਸਯੋਗ ਹਾਲਾਤ ਸੁੱਤੀ ਪਈ ਪੰਜਾਬ ਸਰਕਾਰ ਨੂੰ ਜਗਾਉਣ ਲਈ ਪਨਬੱਸ ਤੇ ਪੀ ਆਰ ਟੀ ਸੀ ਮੁਲਾਜਮਾਂ ਵੱਲੋ ਕੀਤੀਆਂ ਗੇਟ ਰੈਲੀਆਂ

## ਪਨਬੱਸ ਤੇ ਪੀ ਆਰ ਟੀ ਸੀ ਮੁਲਾਜਮ ਦੀਆਂ ਤਨਖਾਹਾ ਨਾ ਮਿਲਣ ਕਾਰਣ ਸੜਕਾਂ ਤੇ ਉਤਰਣ ਨੂੰ ਮਜਬੂਰ ਮੁਲਾਜਮ,ਸਰਕਾਰ ਕੋਲ ਡੀਜਲ ਦੇ ਪੈਸੇ ਨਾ ਹੋਣ ਕਾਰਣ ਵਰਕਸ਼ਾਪਾ ਵਿੱਚ ਖੜਨ ਨੂੰ ਤਿਆਰ ਨੇ ਪਨਬੱਸ ਤੇ ਪੀ ਆਰ ਟੀ ਸੀ ਦੀਆਂ ਬੱਸਾ

**ਬਟਾਲਾ (ਸੁਖਨਾਮ ਸਿੰਘ)**

ਅੱਜ ਮਿਤੀ 10/5/22 ਨੂੰ ਪੰਜਾਬ ਰੋਡਵੇਜ ਡਿੱਪੂ ਬਟਾਲਾ ਦੇ ਗੇਟ ਤੇ ਭਰਵੀ ਗੇਟ ਰੈਲੀ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਰੋਡਵੇਜ ਪਨਬੱਸ/ ਪੀ ਆਰ ਟੀ ਸੀ ਕੰਟਰੈਕਟ ਵਰਕਰਜ ਯੂਨੀਅਨ ਦੇ ਸੂਬਾ ਸੀਨੀਅਰ ਆਗੂ ਬਲਜੀਤਸਿੰਘ ਗਿੱਲ ਨੇ ਪੰਜਾਬ ਸਰਕਾਰ ਤੇ ਰੋਸ ਪ੍ਰਗਟ ਕਰਦੇ ਹੋਏ ਦੱਸਿਆਂ ਕਿ ਸਰਕਾਰ ਵਲੋਂ ਕੱਚੇ ਮੁਲਾਜਮਾਂ ਨੂੰ ਪੱਕਾ ਕਰਨ ਸਮੇਤ ਮੰਗਾਂ ਦਾ ਹੱਲ ਕੱਢਣ ਦੀ ਥਾਂ ਤੇ ਪਨਬੱਸ ਵਿੱਚ ਆਊਟਸੋਰਸਿੰਗ ਤੇ ਭਰਤੀ ਨੂੰ ਮਨਜੂਰੀ ਦਿੱਤੀ ਗਈ ਹੈ ਜਿਸ ਦਾ ਯੂਨੀਅਨ ਸਖਤ ਵਿਰੋਧ ਕਰਦੀ ਹੈ ਅਤੇ ਜਿਨ੍ਹਾਂ ਸਮਾਂ ਕੱਚੇ ਮੁਲਾਜਮਾਂ ਨੂੰ ਪੱਕਾ ਕਰਨ ਸਮੇਤ ਸਾਰੀਆਂ ਮੰਗਾਂ ਦਾ ਹੱਲ ਨਹੀਂ ਨਿਕਲਦਾ ਅਤੇ ਨਵੀ ਭਰਤੀ ਦੀ ਕੋਈ ਪ੍ਰਕਿਰਿਆ ਜਾ ਕੋਈ ਕਾਨੂੰਨ ਨਹੀਂ ਬਣਾਉਂਦੀ ਤਾਂ ਯੂਨੀਅਨ ਕੋਈ ਭਰਤੀ ਨਹੀਂ ਹੋਣ ਦੇਵੇਗੀ। ਅਤੇ ਕਿਸੇ ਵੀ ਨੋਜਵਾਨ ਦਾ ਸ਼ੋਸ਼ਣ ਨਹੀ ਹੋਣ ਦਿੱਤਾ ਜਾਵੇਗਾ ਉਨ੍ਹਾਂ ਕਿਹਾ ਕਿ ਸਰਕਾਰੀ ਟਰਾਸਪੋਰਟ ਅਦਾਰੇ ਪੰਜਾਬ ਰੋਡਵੇਜ ਪਨਬੱਸ ਤੇ ਪੀ ਆਰ ਟੀ ਸੀ ਨੂੰ ਸਹੀ ਤਰੀਕੇ ਨਾਲ ਚਲਾਉਣ ਤੋ ਆਮ ਆਦਮੀ ਸਰਕਾਰ ਅਤੇ ਪੰਜਾਬ ਦੇ ਟਰਾਸਪੋਰਟ ਮੰਤਰੀ ਬਿਲਕੁਲ ਨਾਕਾਮ ਰਹੀ ਹੈ ਸਰਕਾਰ ਦੀ ਇਸ ਨਾਕਾਮੀ ਨੇ ਪੰਜਾਬ ਰੋਡਵੇਜ ਤੇ ਪੀ ਆਰ ਟੀ ਸੀ ਦੇ ਹਾਲਾਤ ਤਰਸਯੋਗ ਬਣਾ ਦਿੱਤੇ ਹਨ। ਵਿਭਾਗ ਕੋਲ ਨਾ ਤਾਂ ਮੁਲਾਜਮਾਂ ਨੂੰ ਤਨਖਾਹਾ ਦੇਣ ਲਈ ਪੈਸੇ ਹਨ ਅਤੇ ਨਾ ਹੀ ਡੀਜਲ ਤੇ ਸਪੇਅਰ ਪਾਰਟ ਲੈਣ ਲਈ।



ਪੰਜਾਬ ਭਰ ਦੇ ਜਿਹੜੇ ਵੀ ਸ਼ਹਿਰਾਂ ਵਿੱਚ ਪੰਜਾਬ ਰੋਡਵੇਜ ਤੇ ਪੀ ਆਰ ਟੀ ਸੀ ਦੇ ਡਿੱਪੂ ਹਨ ਉਹਨਾਂ ਸਾਰੇ ਸ਼ਹਿਰਾਂ ਵਿੱਚ ਡੀਜਲ ਪੰਪ ਵਾਲਿਆਂ ਦੇ 60 ਲੱਖ ਤੋ 70 ਲੱਖ ਰੁਪਏ ਦੇ ਹਿਸਾਬ ਨਾਲ ਕਰੋੜਾਂ ਰੁਪਏ ਡੀਜਲ ਦੇ ਬਕਾਏ ਅਦਾ ਕਰਨ ਵਿਭਾਗ ਕੋਲ ਪੈਸੇ ਤੱਕ ਨਹੀ ਹਨ ਜਿਸ ਕਰਕੇ ਡੀਜਲ ਪੰਪ ਮਾਲਕਾਂ ਵੱਲੋ ਡੀਜਲ ਦੇਣ ਤੋ ਸਾਫ ਮਨਾਂ ਕਰਨਾਂ ਸ਼ੁਰੂ ਕਰ ਦਿੱਤਾ ਗਿਆ ਹੈ ਜਿਸ ਕਾਰਣ ਜੇ ਹਾਲਾਤ ਵੱਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੀ ਨੇ ਸਮਾਂ ਰਹਿੰਦੇ ਧਿਆਨ ਨਾ ਦਿੱਤਾ ਤਾਂ ਪਾਣੀ ਵਾਲੀਆਂ ਬੱਸਾਂ ਵਾਗ ਪੰਜਾਬ ਰੋਡਵੇਜ ਤੇ ਪੀ ਆਰ ਟੀ ਸੀ ਦੀਆਂ ਬੱਸਾਂ ਵੀ ਵਰਕਸ਼ਾਪਾ ਦਾ ਸ਼ਿੰਗਾਰ ਬਣ ਕੇ ਹੀ ਰਹਿ ਜਾਣਗੀਆਂ ਤੇ ਟਰਾਸਪੋਰਟ ਮਾਫੀਏ ਨੂੰ ਸਿੱਧਾ ਮੁਨਾਫਾ ਸਰਕਾਰ ਵੱਲੋ ਆਪ ਦਵਾਇਆਂ ਜਾਵੇਗਾ।

ਕੱਚੇ ਮੁਲਾਜਮਾਂ ਨੂੰ ਪੱਕਾ ਕਰਨ ਦਾ ਵਾਅਦਾ ਕਰਕੇ ਵੋਟਾਂ ਲੈ ਕੇ ਆਈ ਸਰਕਾਰ ਆਪਣੀ ਇਸ ਗੱਲ ਤੋ ਭੱਜ ਰਹੀ ਹੈਂ ਉਸ ਤੋ ਵੀ ਸਾਫ ਮੁੱਕਰਦੀ ਨਜਰ ਆ ਰਹੀ ਹੈ। ਪਨਬਸ ਵਿੱਚ 1337 ਆਉਟਸੋਰਸ ਤੇ ਮੁਲਾਜਮਾਂ ਦੀ ਭਰਤੀ ਨੂੰ ਮੰਨਜੂਰੀ ਦੇ ਕੇ ਪੱਕੀਆਂ ਨੌਕਰੀਆਂ ਦੀ ਆਸ ਵਿੱਚ ਵੋਟਾ ਪਾਉਣ ਵਾਲੇ ਲੱਖਾਂ ਬੇਰੁਜਗਾਰਾ ਨੂੰ ਠੇਕੇਦਾਰਾ ਦੇ ਸ਼ੋਸ਼ਣ ਵਿੱਚ ਸੁੱਟਣ ਨੂੰ ਆਮ ਆਦਮੀ ਸਰਕਾਰ ਪੱਬਾ ਭਾਰ ਹੋ ਗਈ ਹੈ।ਇਸ ਸੰਬੰਧੀ ਗੇਟ ਰੈਲੀ ਤੇ ਬੋਲਦਿਆਂ ਜਰਨਲ ਸਕੱਤਰ ਜਗਦੀਪ ਸਿੰਘ ਨੇ ਕਿਹਾ ਕੇ ਜੇਕਰ ਸਰਕਾਰ ਨੇ ਆਉਟਸੋਰਸ ਭਰਤੀ ਸੰਬੰਧੀ ਫੈਸਲਾ ਵਾਪਸ ਨਾ ਲਿਆ ਤਾਂ ਜਥੇਬੰਦੀ ਵੱਲੋ ਪੂਰੇ ਪੰਜਾਬ ਦੇ ਬੱਸ ਸਟੈਡ ਬੰਦ ਕੀਤੇ ਜਾਣਗੇ ਅਤੇ ਸਰਕਾਰ ਦੀ ਇਸ ਗਲਤ ਨੀਤੀ ਦਾ ਪੰਜਾਬ ਦੀ ਜਨਤਾ ਵਿੱਚ ਭੰਡੀ ਪ੍ਰਾਰ ਕੀਤਾ ਜਾਵੇਗਾ। ਉਹਨਾਂ ਕਿਹ ਕਿ ਆਮ ਆਦਮੀ ਸਰਕਾਰ ਇੱਕ ਪਾਸੇ ਰਿਸ਼ਵਤ ਰੋਕਣ ਦੇ ਦਾਅਵੇ ਕਰ ਰਹੀ ਹੈ ਪਰ ਦੂਜੇ ਪਾਸੇ ਰਿਸ਼ਵਤ ਲੈ ਕੇ ਪਿੱਛਲੇ ਸਮੇ ਠੇਕੇਦਾਰਾ ਵੱਲੋ ਕੀਤੀ ਗਈ ਡਰਾਇਵਰ,ਕੰਡਕਟਰ ਤੇ ਵਰਕਸ਼ਾਪ ਸਟਾਫ ਦੀ ਪਨਬੱਸ ਵਿੱਚ ਭਰਤੀ ਨੂੰ ਸਹੀ ਕਰਾਰ ਦੇ ਕੇ ਰਿਸ਼ਵਤ ਨੂੰ ਟਰਾਸਪੋਰਟ ਵਿਭਾਗ ਵਿੱਚ ਆਪਣੇ ਆਪ ਵਧਾਵਾ ਦੇ ਰਹੀ ਹੈ।

ਇਸ ਮੌਕੇ ਤੇ ਬੋਲਦੇ ਹੋਏ ਪ੍ਰਧਾਨ ਪਰਮਜੀਤ ਸਿੰਘ , ਕੈਸੀਅਰ ਜਗਰੂਪ ਸਿੰਘ ਗਿੱਲ ਨੇ ਆਖਿਆਂ ਕਿ ਮੁਫਤ ਸਫਰ ਸਹੂਲਤ ਦੇ ਪੈਸਿਆਂ ਸੰਬੰਧੀ ਸਰਕਾਰ ਨੂੰ ਤੁਰੰਤ ਕੋਈ ਨੀਤੀ ਬਣਾ ਕੇ ਟਰਾਸਪੋਰਟ ਵਿਭਾਗ ਨੂੰ ਹਰ ਮਹੀਨੇ ਇਹਨਾਂ ਮੁਫਤ ਸਫਰ ਸਹੂਲਤ ਦੇ ਪੈਸਿਆਂ ਦੀ ਅਦਾਇਗੀ ਕਰਨੀ ਚਾਹੀਦੀ ਹੈ ਅਤੇ ਪਨਬਸ ਤੇ ਪੀ ਆਰ ਟੀ ਸੀ ਦੇ ਮੁਲਾਜਮਾਂ ਦੀ ਤਨਖਾਹ ਨੂੰ ਸਰਕਾਰੀ ਖਜਾਨੇ ਤੋ ਦੇਣ ਦਾ ਪ੍ਰਬੰਧ ਕੀਤਾ ਜਾਵੇ ਤਾਂ ਜੋ ਵਿਭਾਗ ਕੋਲ ਜੇਕਰ ਫੰਡਾਂ ਦੀ ਘਾਟ ਹੁੰਦੀ ਹੈ ਤਾਂ ਮੁਲਾਜਮਾਂ ਦੀ ਤਨਖਾਹ ਤੇ ਇਸਦਾ ਅਸਰ ਨਾ ਪਵੇ ਤੇ ਤਨਖਾਹ ਸਮੇ ਸਿਰ ਮਿਲ ਸਕੇ ਤੇ ਮੁਲਾਜਮਾਂ ਨੂੰ ਹਰ ਮਹੀਨੇ ਤਨਖਾਹ ਲਈ ਗੇਟ ਰੈਲੀਆਂ ਤੇ ਰੋਸ ਮੁਜਾਹਰੇ ਨਾ ਕਰਨੇ ਪੈਣ।

ਮੀਤ ਪ੍ਰਧਾਨ ਪ੍ਰਦੀਪ ਕੁਮਾਰ,ਰਛਪਾਲ ਸਿੰਘ ਵਰਕਸਾਪ ਪ੍ਰਧਾਨ ਅਵਤਾਰ ਸਿੰਘ ਸੈਕਟਰੀ ਰਮਨ ਕੁਮਾਰ ਨੇ ਬੋਲਦੇ ਹੋਏ ਜਥੇਬੰਦੀ ਦੇ ਉਲੀਕੇ ਸੰਘਰਸ਼ ਸੰਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜੇਕਰ ਸਰਕਾਰ ਨੇ ਜਥੇਬੰਦੀ ਦੇ ਦਿੱਤੇ ਮੰਗ ਪੱਤਰ ਅਨੁਸਾਰ ਮੰਗਾਂ ਕੱਚੇ ਮੁਲਾਜਮਾਂ ਨੂੰ ਪੱਕਾ ਕਰਨਾ, ਬਰਾਬਰ ਕੰਮ ਬਰਾਬਰ ਤਨਖਾਹ ਲਾਗੂ ਕਰਨਾ,ਵਰਕਸ਼ਾਪ ਕਰਮਚਾਰੀਆਂ ਨੂੰ ਰੈਗੂਲਰ ਸਟਾਫ ਦੀ ਤਰਜ ਤੇ ਸਾਰੀਆਂ ਸਰਕਾਰੀ ਛੁੱਟੀਆਂ ਲਾਗੂ ਕਰਨੀਆਂ ਤੇ ਸਕਿੱਲ ਤੇ ਹਾਈ ਸਕਿੱਲ ਪੇ ਸਕੇਲ ਲਾਗੂ ਕਰਨਾ,ਅਡਵਾਸ ਬੁੱਕਰਾ ਡਾਟਾ ਐਂਟਰੀ ਉਪਰੇਟਰ, ਅਤੇ ਨਵੇਂ ਬਹਾਲ ਕੀਤੇ ਪੀ ਆਰ ਟੀ ਸੀ ਅਤੇ ਪਨਬੱਸ ਦੇ ਮੁਲਾਜਮਾਂ ਨੂੰ 2500+30% ਵਾਧਾ ਲਾਗੂ ਕੀਤਾ ਜਾਵੇ ,ਪਨਬੱਸ ਵਿੱਚ ਸਰਵਿਸ ਰੂਲ ਲਾਗੂ ਕਰਕੇ ਪ੍ਰਮੋਸ਼ਨਾਂ ਦੇਣਾ, ਟਿਕਟ ਦੀ ਜਿੰਮੇਵਾਰੀ ਸਵਾਰੀ ਦੀ ਤੈਅ ਕਰਨਾ ਅਤੇ ਸੰਘਰਸ਼ਾਂ ਦੌਰਾਨ ਤੇ ਨਜਾਇਜ ਕੰਡੀਸ਼ਨਾਂ ਲਗਾ ਕੇ ਕੱਢੇ ਮੁਲਾਜਮਾਂ ਨੂੰ ਬਹਾਲ ਕਰਨਾ ,ਦਸ ਹਜਾਰ ਨਵੀਆਂ ਬੱਸਾ ਪਨਬੱਸ ਤੇ ਪੀ ਆਰ ਟੀ ਸੀ ਵਿੱਚ ਪਾਉਣਾ ਅਤੇ ਸਵਾਰੀ ਵੱਲੋ ਸ਼ਕਾਇਤ ਦੀ ਸਕਿਉਰਟੀ ਦੋ ਹਜਾਰ ਰੁਪਏ ਲਾਗੂ ਕਰਨਾ। ਜਥੇਬੰਦੀ ਵੱਲੋ ਕਰੋਨਾਂ ਸਮੇ ਵਿੱਚ ਡਿਊਟੀ ਦੌਰਾਨ ਜਾਨ ਗਵਾਉਣ ਵਾਲੇ ਨੂੰ ਪੰਜਾਹ ਲੱਖ ਦੀ ਮਾਲੀ ਮਦਦ ਦੇਣ ਅਤੇ ਨਾਲ ਹੀ ਮੰਗ ਕੀਤੀ ਕਿ ਕਰੋਨਾ ਦੇ ਸਮੇ ਪਨਬੱਸ ਤੇ ਪੀ ਆਰ ਟੀ ਸੀ ਦੇ ਜਿਹੜੇ ਕਰਮਚਾਰੀਆਂ ਦੀ ਕਰੌਨਾਂ ਨਾਲ ਪੀੜਤ ਹੋਣ ਕਰਨ ਮੌਤ ਹੋਈ ਹੈ ਉਹਨਾਂ ਦੀ ਫਾਈਲ ਸਰਕਾਰ ਅਤੇ ਮੈਨੇਜਮੈਂਟ ਦੇ ਵਿਚਾਰ ਅਧੀਨ ਹੈ ਸੋ ਉਹਨਾਂ ਪਰਿਵਾਰਾ ਨੂੰ ਵੀ ਇਹ ਮਾਲੀ ਸਹਾਇਤਾ ਦਿੱਤੀ ਜਾਵੇ। ਇਹਨਾਂ ਮੰਗਾਂ ਵੱਲ ਟਰਾਸਪੋਰਟ ਮੰਤਰੀ ਪੰਜਾਬ ਵੱਲੋ ਜੇਕਰ ਧਿਆਨ ਨਾ ਦਿੱਤਾ ਗਿਆ ਤਾਂ ਮਿਤੀ 17 ਮਈ ਨੂੰ ਸੂਬਾ ਪੱਧਰੀ ਪ੍ਰੈੱਸ ਕਾਨਫਰੰਸ ਕਰਕੇ ਪੰਜਾਬ ਦੇ ਲੋਕਾਂ ਨੂੰ ਸਰਕਾਰ ਦੀਆਂ ਨਾਕਾਮੀਆਂ ਤੋ ਜਾਣੂ ਕਰਵਾਇਆ ਜਾਵੇਗਾ, ਮਿਤੀ 24 ਮਈ ਨੂੰ ਦੋ ਘੰਟੇ ਲਈ ਪੰਜਾਬ ਦੇ ਸਾਰੇ ਪੰਜਾਬ ਰੋਡਵੇਜ ਤੇ ਪੀ ਆਰ ਟੀ ਸੀ ਦੇ ਬੱਸ ਸਟੈਡ ਬੰਦ ਕਰਕੇ ਰੋਸ ਮੁਜਾਹਰੇ ਕੀਤੇ ਜਾਣਗੇ, 28 ਤੇ 29 ਮਈ ਨੂੰ ਪੰਜਾਬ ਦੇ ਸਾਰੇ ਵਧਾਇਕਾਂ ਤੇ ਮੰਤਰੀਆਂ ਨੂੰ ਮੰਗ ਪੱਤਰ ਦੇ ਕੇ ਮਿਤੀ 6 ਜੂਨ ਨੂੰ ਗੇਟ ਰੈਲੀ ਕਰਨ ਤੋ ਬਾਅਦ ਮਿਤੀ 8,9,10 ਜੂਨ ਨੂੰ ਪਨਬੱਸ ਤੇ ਪੀ ਆਰ ਟੀ ਸੀ ਦੇ ਮੁਲਾਜਮ ਹੜਤਾਲ ਤੇ ਜਾਣਗੇ ਜਿਸਦੀ ਜਿੰਮੇਵਾਰੀ ਸਰਕਾਰ ਤੇ ਉੱਚ ਅਧਿਕਾਰੀਆਂ ਦੀ ਹੋਵੇਗੀ। ਇਸਦੇ ਨਾਲ ਹੀ ਉਹਨਾਂ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਆਖਿਆ ਕਿ ਜੇਕਰ ਆਉਟਸੋਰਸ ਦੀ ਭਰਤੀ ਬੰਦ ਨਾ ਕੀਤੀ ਗਈ ਅਤੇ ਧੱਕੇ ਨਾਲ ਅਧਿਕਾਰੀਆਂ ਵੱਲੋ ਆਉਟਸੋਰਸ ਤੇ ਨਵੇ ਮੁਲਾਜਮ ਰੱਖੇ ਗਏ ਤਾਂ ਜਥੇਬੰਦੀ ਗੁਪਤ ਅਤੇ ਤਿੱਖੇ ਐਕਸ਼ਨ ਕਰਨ ਲਈ ਮਜਬੂਰ ਹੋਵੇਗੀ। ਜਿਸ ਦੀ ਸਾਰੀ ਜਿੰਮੇਵਾਰੀ ਮੈਨੇਜਮੈਂਟ ਦੀ ਅਤੇ ਪੰਜਾਬ ਸਰਕਾਰ ਦੀ ਹੋਵੇਗੀ

# ਸਿਵਲ ਸਰਜਨ ਡਾ. ਵਿਜੈ ਕੁਮਾਰ ਵੱਲੋਂ ਭਾਮ , ਰਣਜੀਤ ਬਾਗ ਅਤੇ ਕਾਹਨੂੰਵਾਨ ਸਿਹਤ ਕੇਂਦਰਾਂ ਦੀ ਜਾਂਚ



**ਗੁਰਦਾਸਪੁਰ/ਨਵਨੀਤ ਕੁਮਾਰ**

ਡਾ. ਵਿਜੈ ਕੁਮਾਰ ਸਿਵਲ ਸਰਜਨ ,ਗਰਦਾਸਪੁਰ ਵਲੋਂ ਸੀ.ਐਚ.ਸੀ.ਭਾਮ , ਪੀ.ਐਚ.ਸੀ . ਰਣਜੀਤ ਬਾਗ ਅਤੇ ਪੀ.ਐਚ.ਸੀ. ਕਾਹਨੂੰਵਾਨ ਦੀ ਅਚਨਚੇਤ ਚੈਕਿੰਗ ਕੀਤੀ ਗਈ । ਇਸ ਮੌਕੇ ਸਿਹਤ ਸੰਸਥਾਵਾਂ ਵਿੱਚ ਸਾਰਾ ਸਟਾਫ਼ ਹਾਜ਼ਰ ਸੀ ਅਤੇ ਹਸਪਤਾਲ ਵਿੱਚ ਆਏ ਲੋਕਾਂ ਨੂੰ ਵਧੀਆਂ ਸਿਹਤ ਸਹੂਲਤਾਂ ਮੁਹੱਈਆ ਕਰਵਾਈਆ ਜਾ ਰਹੀਆਂ ਸੀ । ਇਸ ਸਮੇਂ ਉਨ੍ਹਾਂ ਨੇ ਮੌਕੇ ਤੇ ਮੌਜ਼ੂਦ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਆ ਰਹੀਆਂ ਮੁਸ਼ਕਿਲਾ ਸਬੰਧੀ ਵੀ ਪੁਛਿਆ ਗਿਆ । ਉਨ੍ਹਾਂ ਨੇ ਸਾਰੇ ਸੀਨੀਅਰ ਮੈਡੀਕਲ ਅਫ਼ਸਰਾਂ ਨੂੰ ਹਸਪਤਾਲਾਂ ਵਿੱਚ ਆਉਣ ਵਾਲੇ ਮਰੀਜਾਂ ਲਈ ਪੀਣ ਲਈ ਸਾਫ਼ ਪਾਣੀ ਦਾ ਪ੍ਰਬੰਧ ਕਰਨ ਅਤੇ ਬੈਠਣ ਲਈ ਪੱਖਿਆਂ ਦਾ ਪ੍ਰਬੰਧ ਕਰਨ ਲਈ ਕਿਹਾ । ਉਨ੍ਹਾਂ ਐਸ.ਐਮ.ਓ. ਨੂੰ ਕਿਹਾ ਕਿ ਮਰੀਜਾਂ ਨੂੰ ਲੂ ਦੇ ਲੱਛਣਾਂ , ਖਤਰਿਆਂ ਅਤੇ ਬਚਾਅ ਸਬੰਧੀ ਜਾਗਰੂਕ ਕੀਤਾ ਜਾਵੇ । ਉਨ੍ਹਾਂ ਦੱਸਿਆ ਕਿ ਪੀ.ਐਚ.ਸੀ. ਰਣਜੀਤ ਬਾਗ ਵਿਖੇ ਟੀ.ਬੀ. ਦੇ ਮਰੀਜਾਂ ਦੀ ਜਾਂਚ ਲਈ ਟਰੂਨੈਟ ਮਸ਼ੀਨ ਲਗਾਈ ਗਈ ਹੈ । ਇਸ ਨਾਲ ਟੀ.ਬੀ. ਦੀ ਬੀਮਾਰੀ ਆਸਾਨੀ ਨਾਲ ਪਹਿਚਾਣ ਹੋ ਸਕੇਗੀ , ਜਿਸ ਨਾਲ ਮਰੀਜਾਂ ਦਾ ਆਸਾਨੀ ਨਾਲ ਇਲਾਜ ਹੋ ਸਕੇਗਾ । ਉਨ੍ਹਾਂ ਅੱਗੇ ਕਿਹਾ ਕਿ ਸਮੂਹ ਸੰਸਥਾਵਾਂ ਵਿੱਚ ਮੈਡੀਕਲ ਉਪਕਰਨ ਚਾਲੂ ਹਾਲਾਤ ਵਿੱਚ ਹੋਣੇ ਚਾਹੀਦੇ ਹਨ , ਜਿਸ ਦੀ ਜਿੰਮੇਵਾਰੀ ਸਬੰਧਤ ਐਸ.ਐਮ.ਓ. ਦੀ ਹੋਵੇਗੀ ।

# ਕਸ਼ਯਪ ਏਕਤਾ ਕ੍ਰਾਂਤੀ ਮਿਸਨ ਦੀ ਟੀਮ ਨੂੰ ਬਹੁਜਨ ਚੇਤਨਾ ਕ੍ਰਾਂਤੀ ਮਿਸਨ ਵਿੱਚ ਪਹੁੰਚਣ ਦਾ ਸੁਭਾਗ ਪ੍ਰਾਪਤ ਹੋਇਆ




**ਲੁਧਿਆਣਾ/ਸੁਖਚੈਨ ਮਹਿਰਾ**

ਅੰਬੇਡਕਰ ਨਵਯੁਕਤ ਦਲ ਵੱਲੋਂ ਕਸਯਪ ਏਕਤਾ ਕ੍ਰਾਂਤੀ ਮਿਸਨ ਦੀ ਟੀਮ ਨੂੰ ਬਹੁਜਨ ਚੇਤਨਾ ਕ੍ਰਾਂਤੀ ਮਿਸਨ ਵਿੱਚ ਪਹੁੰਚਣ ਦਾ ਸੁਭਾਗ ਪ੍ਰਾਪਤ ਹੋਇਆ, ਸਾਰੀ ਟੀਮ ਨੂੰ ਪੰਜਾਬ ਪ੍ਰਦੇਸ ਪ੍ਰਧਾਨ ਰਵੀ ਨਿਸਾਦ ਪੰਜਾਬ ਪ੍ਰਦੇਸ ਖਜਾਨਚੀ ਉਮੇਸ ਨਿਸਾਦ ਜਿਲ੍ਹਾ ਸਮਾਜ ਪ੍ਰਚਾਰਕ ਅਰਜੁਨ ਨਿਸਾਦ ਕੇਸਵ ਚੌਹਾਨ ਵਿਜੇ ਸਰੋਜ ਵਿਨੋਦ ਗੌੜ ਵਿਜਾ ਸਮੇਤ ਸਾਰੇ ਦੋਸਤ ਮੌਜੂਦ ਰਹੇ। , ਸਮਾਜ ਸੇਵੀ ਸੰਸਥਾ ਅੰਬੇਡਕਰ ਨਵਯੁਵਾ ਦਲ ਜੈ ਭੀਮ ਜੈ ਸੰਵਿਧਾਨ ਜੈ ਨਿਸਾਦ ਰਾਜ ਜੈ ਵੀਰ ਏਕਲਵਿਆ ਵੱਲੋਂ ਮਿਲੇ ਸਨਮਾਨ ਦਾ ਮੈਂ ਹਮੇਸਾ ਰਿਣੀ ਰਹਾਂਗਾ।

# ਕੀ ਸੋਨੀ ਮਿਊਜਿਕ ਦੇ ਨਾਲ ਗਠਜੋੜ 'ਚ ਦੀਕਸਾਂਤ ਦਾ 'ਆਂਖੋਂ ਸੇ ਬਤਾਨਾ' ਵਾਇਰਲ ਹੋਣ ਵਾਲਾ ਅਗਲ ਗੀਤ ਹੈ?

**ਚੰਡੀਗੜ੍ਹ/ਲੋਕ ਬਾਣੀ**

ਜਦੋਂ ਮੈਲੋਡੀ ਦੀ ਗੱਲ ਆਉਂਦੀ ਹੈ ਤਾਂ ਸਰੋਤੇ ਕੀ ਸੁਣਨਾ ਚਾਹੁੰਦੇ ਹਨ ਇਹ ਸੋਨੀ ਮਿਊਜਿਕ ਤੋਂ ਵਧੀਆ ਕੋਈ ਨਹੀਂ ਜਾਣਦਾ . ਸੋਨੀ ਮਿਊਜਿਕ ਸੰਗੀਤ ਪ੍ਰੇਮੀਆਂ ਦੀ ਮਾਨਸਿਕਤਾ ਨੂੰ ਸਮਝਦਾ ਹੈ . ਇਸ ਵਾਰ ਇਹ ਲੇਬਲ ਆਪਣੇ ਫੈਨਸ ਦੇ ਲਈ ਆਂਖੋਂ ਸੇ ਬਤਾਨਾ ਦਾ ਇੱਕ ਭਾਵਨਾ ਭਰਿਆ ਟਰੈਕ ਲੈ ਕੇ ਆਇਆ ਹੈ ਜਿਹੜਾ ਇੱਕ ਵਾਰ ਫਿਰ ਹਰ ਵਿਅਕਤੀ ਨੂੰ ਪਿਆਰ ਨਾਲ ਸਰਾਬੋਰ ਕਰ ਦੇਵੇਗਾ . ਇਸ ਗੀਤ ਨੂੰ ਦੀਕਸਾਂਤ ਨੇ ਕੰਪੋਜ ਕੀਤਾ ਹੈ ਅਤੇ ਆਪਣੀ ਅਵਾਜ ਦਿੱਤੀ ਹੈ . ਆਪਣੀ ਮਿਠਾਸ ਅਤੇ ਮਧੁਰ ਧੁਨਾਂ ਦੇ ਨਾਲ ਮੁੰਬਈ ਦੇ ਇਸ ਨੌਜਵਾਨ ਅਤੇ ਉਭਰਦੇ ਹੋਏ ਸਿਤਾਰੇ ਨੇ ਇੱਕ ਅਜਿਹੇ ਗੀਤ ਦੀ ਰਚਨਾ ਕਰ ਦਿੱਤੀ ਹੈ ਜਿਹੜਾ ਸੁਣਨ ਵਾਲਿਆਂ ਦੇ ਦਿਲ ਚ ਉਤਰ ਜਾਵੇਗਾ . ਇਸ ਗੀਤ ਨੂੰ ਖੂਬਸੂਰਤ ਬੋਲ ਦੇਣ ਦੇ ਲਈ ਦੀਕਸਾਂਤ ਦੇ ਨਾਲ ਯਸ ਜਾਧਵ ਨੇ ਵੀ ਕੰਮ ਕੀਤਾ ਹੈ .




ਆਂਖੋਂ ਸੇ ਬਤਾਨਾ ਇੱਕ ਬਹੁਤ ਜਿਆਦਾ ਸਕੂਨਭਰਿਆ ਅਤੇ ਮਧੁਰ ਟਰੈਕ ਹੈ ਜਿਸ ਚ ਇੱਕ ਲੜਕਾ ਆਪਣੀ ਪ੍ਰੇਮਿਕਾ ਦੇ ਸਾਹਮਣੇ ਆਪਣੇ ਦਿਲ ਦੀਆਂ ਭਾਵਨਾਵਾਂ ਨੂੰ ਪ੍ਰਗਟ ਕਰ ਰਿਹਾ ਹੈ . ਉਸਦੀਆਂ ਭਾਵਨਾਵਾਂ ਦੀ ਸੁੱਧਤਾ ਸਬਦਾਂ ਦੀ ਮਿਠਾਸ ਅਤੇ ਘੱਟ ਤੋਂ ਘੱਟ ਵਾਧਯੰਤਰਾਂ ਦੀ ਵਰਤੋਂ, ਇਨ੍ਹਾਂ ਸਾਰਿਆਂ ਨੇ ਮਿਲ ਕੇ ਇਸ ਗੀਤ ਨੂੰ ਇੱਕ ਸਕੂਨ ਭਰਿਆ ਅਹਿਸਾਸ ਪ੍ਰਦਾਨ ਕੀਤਾ ਹੈ . ਇਹ ਗੀਤ ਪ੍ਰਗਟ ਕਰਦਾ ਹੈ ਕਿ ਪਿਆਰ ਆਪਣੇ ਮੂਲ ਰੂਪ 'ਚ ਕਿਸੇ ਦੇ ਵੱਲੋਂ ਮਹਿਸੂਸ ਕੀਤੇ ਜਾਣ ਵਾਲਾ ਸਭ ਤੋਂ ਸੁੱਧ ਅਨੁਭਵ ਹੈ .

ਇਹ ਗੀਤ ਇੰਡੀਆ ਚਾਰਟਸ ਚ ਸਪਾਟੀਫੀ ਵਾਯਰਲ 50 ਚ ਨੰਬਰ 1 ਤੇ ਅਤੇ ਸਪਾਟੀਫੀ ਟਾਪ 200 ਚਾਰਟ ਚ 67 ਤੇ ਟਰੈਂਡ ਹੋ ਰਿਹਾ ਹੈ . ਸਪਾਟੀਫੀ ਫਰੈਸ ਫਾਈਂਡਰਸ ਚ ਦੀਕਸਾਂਤ ਨੂੰ ਆਰਟਿਸਟ ਆਫ ਦਿ ਮੰਥ ਐਲਾਨਿਆ ਗਿਆ ਹੈ . ਇਹ ਰੋਮਾਂਟਿਕ ਟਰੈਕ ਭਾਵਨਾਵਾਂ ਨਾਲ ਭਰਿਆ ਹੈ ਇਸਦੇ ਮਧੁਰ ਬੋਲ ਸੁਣਨ ਚ ਬਹੁਤ ਮਿੱਠੇ ਹਨ ਅਤੇ ਇੰਸਟਾਗ੍ਰਾਮ 'ਤੇ ਕਾਫੀ ਮਸਹੂਰ ਹੋ ਰਹੇ ਹਨ . ਇਹ ਗੀਤ ਹੋਰ ਕਲਾਕਾਰਾਂ ਦੇ ਲਈ ਨਵੇਂ ਮਾਣਕ ਸਥਾਪਿਤ ਕਰ ਰਿਹਾ ਹੈ ਕਿਉਂਕਿ ਦੀਕਸਾਂਤ ਸਫਲਤਾ ਦੀ ਪੌੜ੍ਹੀ ਤੇ ਅੱਗੇ ਵਧਦਾ ਜਾ ਰਿਹਾ ਹੈ । ਸੋਨ ਮਿਊਜਿਕ ਦੇ ਨਾਲ ਆਪਣੇ ਗਠਜੋੜ ਦੇ ਬਾਰੇ ਚ ਆਂਖੋਂ ਸੇ ਬਤਾਨਾ ਦੇ ਗਾਇਕ ਗੀਤਕਾਰ ਅਤੇ ਕੰਪੋਜਰ ਦੀਕਸਾਂਤ ਨੇ ਕਿਹਾ ਆਂਖੋਂ ਸੇ ਬਤਾਨਾ ਦੇ ਲਈ ਮੈਨੂੰ ਮਿਲ ਰਹੇ ਪਿਆਰ ਨੇ ਮੈਨੂੰ ਬਹੁਤ ਖੁਸੀ ਦਿੱਤੀ ਹੈ . ਮੈਨੂੰ ਆਸ ਨਹੀਂ ਸੀ ਕਿ ਦਰਸਕ ਮੇਰੇ ਇਸ ਗੀਤ ਨੂੰ ਐਨਾ ਜਿਆਦਾ ਪਸੰਦ ਕਰਨਗੇ . ਮੇਰੇ ਲਈ ਤਾਂ ਇਹ ਇੱਕ ਸੁਪਨੇ ਦੇ ਸੱਚ ਹੋਣ ਜਿਹਾ ਹੈ ਕਿ ਮੇਰੇ ਕੰਮ ਨੂੰ ਐਨਾ ਜਿਆਦਾ ਪਿਆਰ ਮਿਲ ਰਿਹਾ ਹੈ ਅਤੇ ਇਹ ਸਪਾਟੀਫੀ ਜਿਹੇ ਮਸਹੂਰ ਪਲੇਟਫਾਰਮਾਂ 'ਤੇ ਟਰੈਂਡ ਹੋ ਰਿਹਾ ਹੈ . ਮੈਂ ਸੋਨੀ ਮਿਊਜਿਕ ਦੇ ਪ੍ਰਤੀ ਧੰਨਵਾਦ ਪ੍ਰਗਟ ਕਰਦਾ ਹੈ ਜਿਨ੍ਹਾਂ ਨੇ ਮੈਨੂੰ ਆਪਣੇ ਗੀਤ ਦੇ ਲਈ ਇੱਕ ਮੰਚ ਦਿੱਤਾ ਅਤੇ ਵੱਡੀ ਗਿਣਤੀ ਚ ਸਰੋਤਿਆਂ ਤੱਕ ਪਹੁੰਚਾਇਆ . ਮੈਨੂੰ ਆਸ ਹੈ ਕਿ ਭਵਿੱਖ ਚ ਵੀ ਮੈਨੂੰ ਅਜਿਹਾ ਹੀ ਅਹਿਸਾਸ ਮਿਲਦਾ ਰਹੇਗਾ . ਇਨ੍ਹਾਂ ਸਾਰੀਆਂ ਚੀਜਾਂ ਨੇ ਮੈਨੂੰ ਆਉਣ ਵਾਲੇ ਸਮੇਂ 'ਚ ਹੋਰ ਜਿਆਦਾ ਮਿਹਨਤ ਕਰਨ ਅਤੇ ਆਪਣੇ ਸੰਗੀਤ ਬੋਲ ਅਤੇ ਧੁਨਾਂ ਨਾਲ ਸਰੋਤਿਆਂ ਦਾ ਮਨੋਰੰਜਨ ਕਰਦੇ ਰਹਿਣ ਲਈ ਪ੍ਰੋਤਸਾਹਿਤ ਕੀਤਾ ਹੈ।

# ਐਸ.ਐਚ.ਓ ਵੱਲ੍ਹਾ ਜਸਬੀਰ ਸਿੰਘ, ਚੌਂਕੀ ਇੰਚਾਰਜ ਫਤਿਹਪੁਰ ਦਵਿੰਦਰ ਸਿੰਘ, ਜੇ.ਈ. ਜਰਨੈਲ ਸਿੰਘ ਨੂੰ ਕੀਤਾ ਸਨਮਾਨਿਤ



**ਜੰਡਿਆਲਾ ਗੁਰੂ/ਜਸਪਾਲ ਸ਼ਰਮਾ**

ਪੰਜਤਾਲੀ ਸਾਲ ਪੁਰਾਣੇ ਫੀਚਰ ਫਿਲਮਾਂ ਦੇ ਬੈਨਰ "ਰਾਏ ਮੂਵੀਜ" ਅਤੇ ਰੋਜ਼ਾਨਾ ਆਨਲਾਈਨ ਸਮਾਚਾਰ ਪੱਤਰ "ਆਵਾਜ-ਏ-ਪੰਜਾਬ" ਦੇ ਮੁੱਖ ਦਫਤਰ ਓਠੀਆਂ, ਵੱਲ੍ਹਾ ਵਿੱਚ ਇੱਕ ਸਾਦਾ, ਪਰ ਪ੍ਰਭਾਵਸ਼ਾਲੀ ਪ੍ਰੋਗਰਾਮ ਕਰਵਾਇਆ ਗਿਆ। ਇਨ੍ਹਾਂ ਅਦਾਰਿਆਂ ਦੇ ਮੁੱਖ ਸੰਚਾਲਕ ਸ਼੍ਰੀ ਨਰਿੰਦਰ ਰਾਏ ਡਬਲ ਐਮ.ਏ., ਪੀਐਚ.ਡੀ., ਬੀ.ਐਡ., ਯੂ.ਜੀ.ਸੀ.ਨੈੱ. (ਤਿੰਨ ਵਾਰ ਟੈਸਟ ਕਲੀਅਰ, ਇੰਡੀਅਨ ਰਿਕਾਰਡ) ਸਿੱਖਿਆ ਵਿਭਾਗ ਪੰਜਾਬ ਵਿੱਚ ਬਤੌਰ ਪ੍ਰਿੰਸੀਪਲ ਸੇਵਾ ਨਿਭਾ ਰਹੇ ਹਨ। ਉਨ੍ਹਾਂ ਦੀਆਂ ਹੁਣ ਤੱਕ ਬਣਾਈਆਂ ਚਾਰ ਫਿਲਮਾਂ ਵਿੱਚੋਂ ਇੱਕ ਫਿਲਮ ਸਿੱਖਿਆ ਵਿਭਾਗ ਪੰਜਾਬ ਵੱਲੋਂ ਆਪਣੇ ਸਕੂਲਾਂ ਵਿੱਚ ਵੀ ਦਿਖਾਈ ਜਾ ਚੁੱਕੀ ਹੈ। ਉਨ੍ਹਾਂ ਦੀ ਇੱਕ ਫਿਲਮ ਸਟੇਟ ਅਵਾਰਡ ਪ੍ਰਾਪਤ ਕਰਨ ਦਾ ਮਾਣ ਵੀ ਹਾਸਲ ਕਰ ਚੁੱਕੀ ਹੈ। ਸਮਾਜਿਕ ਬੁਰਾਈਆਂ ਤੇ ਪਰਿਵਾਰਕ ਫਿਲਮਾਂ ਨੂੰ ਬਣਾਉਣ, ਪੱਤਰਕਾਰੀ ਵਿੱਚ ਸੱਚ ਦੀ ਆਵਾਜ ਨੂੰ ਬੁਲੰਦ ਕਰਨ ਵਿੱਚ ਆਪਣੀ ਅਲੱਗ ਪਹਿਚਾਣ ਬਣਾ ਚੁੱਕੀ 'ਰਾਏ ਫੈਮਿਲੀ' (ਜਿਸ ਵਿੱਚ ਸ਼੍ਰੀ ਨਰਿੰਦਰ ਰਾਏ, ਉਨ੍ਹਾਂ ਦੇ ਭਾਈ ਸਾਹਿਬ ਸ. ਗੁਰਪਾਲ ਸਿੰਘ ਰਾਏ ਅਤੇ ਸੱਭ ਤੋਂ ਛੋਟੇ ਭਰਾ ਡਾ. ਸੁਖਜਿੰਦਰ ਰਾਏ) ਵੱਖ-ਵੱਖ ਸਮੇਂ ਵੱਖ-ਵੱਖ ਵਿਭਾਗਾਂ ਵਿੱਚ ਵਧੀਆ ਸੇਵਾਵਾਂ ਨਿਭਾ ਰਹੇ ਅਫਸਰਾਂ ਤੇ ਕਰਮਚਾਰੀਆਂ ਨੂੰ ਸਨਮਾਨਿਤ ਕਰਦੀ ਰਹਿੰਦੀ ਹੈ। ਇਸੇ ਲੜੀ ਤਹਿਤ "ਆਵਾਜ-ਏ-ਪੰਜਾਬ" ਨਿਊਜ ਪੇਪਰ ਅਤੇ "ਰਾਏ ਮੂਵੀਜ" ਵੱਲੋਂ ਸਾਂਝੇ ਤੌਰ ਤੇ ਵੱਲ੍ਹਾ ਦੇ ਐਸ.ਐਸ.ਓ ਸ. ਜਸਬੀਰ ਸਿੰਘ, ਫਤਿਹਪੁਰ ਪੁਲਿਸ ਚੌਕੀ ਦੇ ਇੰਚਾਰਜ ਸ. ਦਵਿੰਦਰ ਸਿੰਘ ਅਤੇ ਨਵਾਂ ਪਿੰਡ ਪੀਐਸਪੀਸੀਐਲ ਦੇ ਜੇ.ਈ. ਸ. ਜਰਨੈਲ ਸਿੰਘ ਜੀ ਨੂੰ ਉਨ੍ਹਾਂ ਦੀ ਆਪਣੀ ਡਿਊਟੀ ਤੇ ਵਿਭਾਗ ਪ੍ਰਤੀ ਬੇਹੱਦ ਵਧੀਆ ਕਾਰਗੁਜ਼ਾਰੀ ਸਦਕਾ ਸਿਰੋਪਾਓ ਅਤੇ ਇੱਕ ਸ਼ੀਲਡ ਦੇ ਕੇ ਸਨਮਾਨਿਤ ਕੀਤਾ ਗਿਆ। ਸਨਮਾਨਿਤ ਕਰਨ ਵਾਲੀਆਂ ਹਸਤੀਆਂ ਵਿੱਚ ਸ਼੍ਰੀ ਨਰਿੰਦਰ ਰਾਏ, ਚੀਫ ਐਡੀਟਰ ਸ. ਗੁਰਪਾਲ ਸਿੰਘ ਰਾਏ, ਐਗਜਿਕਟਿਵ ਮੈਂਬਰ ਸਾਬਕਾ ਸਰਪੰਚ ਸ. ਰਮੇਸ਼ ਸਿੰਘ, ਸਬ ਐਡੀਟਰ ਡਾ. ਸੁਖਜਿੰਦਰ ਰਾਏ, ਅਸ਼ਵਨੀ ਆਹੂਜਾ, ਜ਼?ਲ੍ਹਾ ਇੰਚਾਰਜ ਅਤੇ ਕ੍ਰਾਈਮ ਰਿਪੋਰਟ ਸ. ਮਨਜੀਤ ਸਿੰਘ ਅਤੇ ਆਫਿਸ ਇੰਚਾਰਜ ਸ. ਸਰਬਸੁੱਖਪਾਲ ਰਾਏ, ਦਵਿੰਦਰ ਸਿੰਘ ਬਬਲੂ, ਮਨਜਿੰਦਰ ਸਿੰਘ ਜਸਵਿੰਦਰ ਸਿੰਘ ਆਦਿ ਸ਼ਾਮਲ ਸਨ। ਇਸ ਸ਼ੁੱਭ ਮੌਕੇ ਹੋਰਨਾ ਤੋਂ ਇਲਾਵਾ ਸੋਨੀ ਗੋਰਾਇਆ, ਕੁਲਵੰਤ ਸਿੰਘ, ਗੁਰਕੀਰਤ ਸਿੰਘ, ਵਰਿੰਦਰ ਬਾਊ, ਪਰਮਿੰਦਰ ਸਿੰਘ, ਮਨਪ੍ਰੀਤ ਸਿੰਘ ਸਹੋਤਾ, ਜਤਿੰਦਰ ਰਈਆ, ਕੋਸ਼ਲਿਆ ਗੋਰਾਇਆ, ਮੇਘਾ ਸਿੰਘ ਰਾਏ, ਕੋਮਲਪ੍ਰੀਤ ਕੌਰ ਸਹੋਤਾ ਆਦਿ ਹਾਜ਼ਰ ਸਨ।

# ਦਲਜੀਤ ਸਿੰਘ ਭੋਲਾ ਦਾ ਦੇਹਾਂਤ, ਈਟੀਓ ਤੇ ਇਲਾਕੇ ਦੀਆਂ ਸਖਸੀਅਤਾਂ ਨੇ ਕੀਤਾ ਦੁੱਖ ਦਾ ਪ੍ਰਗਟਾਵਾ

**ਜੰਡਿਆਲਾ ਗੁਰੂ/ਜਸਪਾਲ ਸ਼ਰਮਾ**



ਪਿੰਡ ਫਤਿਹਪੁਰ ਰਾਜਪੂਤਾਂ ਦੇ ਵਸਨੀਕ ਤੇ ਆਪ ਆਗੂ ਜੁਗਰਾਜ ਸਿੰਘ ਜੋਬਨ, ਭੁਪਿੰਦਰ ਸਿੰਘ ਸੋਨਾ ਤੇ ਮਨਬੀਰ ਸਿੰਘ ਨੂੰ ਉਸ ਵਕਤ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਪਿਤਾ ਦਲਜੀਤ ਸਿੰਘ ਭੋਲਾ ਪੁੱਤਰ ਸੁੱਚਾ ਸਿੰਘ ਅਤੇ ਸਾਬਕਾ ਮੁਲਾਜਮ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ । ਸਵਾ.ਦਲਜੀਤ ਸਿੰਘ ਭੋਲਾ ਦਾ ਅੰਤਿਮ ਸੰਸਕਾਰ ਪਿੰਡ ਦੀ ਸਮਸਾਨ ਘਾਟ ਵਿਖੇ ਕਰ ਦਿੱਤਾ ਗਿਆ ਹੈ ਤੇ ਉਹਨਾਂ ਦੀ ਅੰਤਿਮ ਅਰਦਾਸ ਤੇ ਆਖੰਡ ਪਾਠ ਸਾਹਿਬ ਦੇ ਭੋਗ 15 ਮਈ ਦਿਨ ਐਤਵਾਰ ਨੂੰ ਪਿੰਡ ਫਤਿਹਪੁਰ ਰਾਜਪੂਤਾਂ ਦੇ ਗੁਰਦੁਆਰਾ ਸਾਹਿਬ ਵਿਖੇ ਪਾਏ ਜਾਣਗੇ । ਦਲਜੀਤ ਸਿੰਘ ਭੋਲਾ ਦੀ ਹੋਈ ਬੇਵਕਤੀ ਮੌਤ ਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ, ਮੈਡਮ ਸੁਹਿੰਦਰ ਕੌਰ, ਜਥੇਦਾਰ ਛਨਾਖ ਸਿੰਘ ਵਡਾਲਾ ਜੌਹਲ, ਮਨਜੀਤ ਸਿੰਘ ਬਾਠ ਸਕੱਤਰ ਐਸਜੀਪੀਸੀ, ਮੈਨੇਜਰ ਭਾਈ ਨਿਸਾਨ ਸਿੰਘ, ਲਵਦੀਪ ਸਿੰਘ ਥਿੰਦ ਮਾਲੋਵਾਲ, ਕਿਸਾਨ ਆਗੂ ਕਾਮਰੇਡ ਲਖਬੀਰ ਸਿੰਘ ਨਿਜਾਮਪੁਰਾ, ਬਲਾਕ ਸੰਮਤੀ ਮੈਂਬਰ ਮੈਡਮ ਗੁਰਜੀਤ ਕੌਰ ਫਤਿਹਪੁਰ ਰਾਜਪੂਤਾਂ, ਬਲਵਿੰਦਰ ਸਿੰਘ ਰੰਧਾਵਾ, ਸਵਿੰਦਰ ਸਿੰਘ ਗੁਮਟਾਲਾ, ਸਰਪੰਚ ਤਰਸੇਮ ਸਿੰਘ ਲੱਡੂ, ਸਰਪੰਚ ਜਗੀਰ ਸਿੰਘ, ਤਰਸੇਮ ਸਿੰਘ ਨੰਗਲ ਦਿਆਲ ਸਿੰਘ, ਜਥੇਦਾਰ ਭੁਪਿੰਦਰ ਸਿੰਘ ਭੋਲਾ, ਸਾਬਕਾ ਐਸਡੀਓ ਬਲਵੰਤ ਸਿੰਘ ਤੀਰਥਪੁਰਾ, ਪਲਵਿੰਦਰ ਕੌਰ, ਅਵਤਾਰ ਸਿੰਘ ਵਡਾਲਾ ਜੌਹਲ, ਕਰਨਬੀਰ ਸਿੰਘ ਫੌਜੀ ਵਡਾਲਾ ਜੌਹਲ, ਰਣਜੀਤ ਸਿੰਘ ਰਾਣਾ ਫੌਜੀ ਤੇ ਇਲਾਕੇ ਦੀਆਂ ਹੋਰ ਵੀ ਕਈ ਨਾਮਵਰ ਸਖਸੀਅਤਾਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਤੇ ਦੁਖੀ ਪਰਿਵਾਰ ਨੂੰ ਪ੍ਰਮਾਤਮਾ ਦਾ ਭਾਣਾ ਮੰਨਣ ਲਈ ਕਿਹਾ।

## ਸਰਕਾਰ ਲੋਕਾਂ ਦੇ ਦੁਆਰ-10 ਵੱਖ ਵੱਖ ਵਿਭਾਗਾਂ ਨੇ ਪਿੰਡ ਅਬੁਲਖੁਰਾਣਾ ਪੰਹੁਚਕੇ ਦਿਤੀਆਂ ਸੇਵਾਵਾਂ

**ਮਲੋਟ ਮੁਕਤਸਰ/ ਗਿਆਨ ਸਾਹਨੀ**

ਸਰਕਾਰ ਵੱਲੋਂ ਵੱਖ ਵੱਖ ਪਿੰਡਾਂ ਅਤੇ ਸਹਿਰਾਂ ਵਿੱਚ ਲੋਕਾਂ ਦੀ ਖੱਜਲ ਖੁਆਰੀ ਨੂੰ ਘਟਾਉਣ ਦੇ ਮੰਤਵ ਨਾਲ ਅੱਜ ਵਿਧਾਨ ਸਭਾ ਹਲਕਾ ਮਲੋਟ ਦੇ ਪਿੰਡ ਅਬੁਲ ਖੁਰਾਣਾ ਵਿਖੇ 10 ਵੱਖ ਵੱਖ ਵਿਭਾਗਾਂ ਦੇ ਮੁੱਖੀਆਂ ਸਮੇਤ ਅਮਲੇ ਨੇ ਸ੍ਰੀ ਗੁਰਦੁਆਰਾ ਸਾਹਿਬ ਵਿਖੇ ਬਾਅਦ ਦੁਪਹਿਰ ਤੱਕ ਵਿਸੇਸ ਕੈਂਪ ਦੌਰਾਨ ਤਕਰੀਬਨ 500 ਲਾਭਪਾਤਰੀਆਂ ਦੀਆਂ ਅਰਜੀਆਂ ਦਾ ਮੌਕੇ ਤੇ ਨਿਪਟਾਰਾ ਕੀਤਾ ਗਿਆ। ਸੁਵਿਧਾ ਕੈਂਪ ਦੀ ਪ੍ਰਧਾਨਗੀ ਕਰਦਿਆਂ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਅਤੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਪੰਜਾਬ ਡਾ. ਬਲਜੀਤ ਕੌਰ ਅਤੇ ਐਮ.ਐਲ.ਏ. ਲੰਬੀ ਸ.ਗੁਰਮੀਤ ਸਿੰਘ ਖੁੱਡੀਆ ਨੇ ਕਿਹਾ ਕਿ ਸਰਕਾਰ ਦਾ ਲੋਕਾਂ ਤੱਕ ਚੱਲ ਕੇ ਉਹਨਾਂ ਦੀਆਂ ਮੁਸਕਲਾਂ ਦੇ ਹੱਲ ਕਰਨ ਲਈ ਸਿਲਸਿਲਾ ਇਸੇ ਤਰ੍ਹਾਂ ਹੀ ਜਾਰੀ ਰਹੇਗਾ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਸਮਾਜ ਭਲਾਈ ਨਾਲ ਸਬੰਧਤ ਸਕੀਮਾਂ ਦਾ ਲਾਭ ਦੇਣ ਲਈ 9 ਮਈ ਤੋਂ 10 ਜੂਨ 2022 ਤੱਕ ਮਲੋਟ ਵਿਧਾਨ ਸਭਾ ਹਲਕੇ ਵਿੱਚ ਪੈਂਦੇ ਵੱਖ ਵੱਖ ਪਿੰਡਾਂ ਵਿੱਚ ਨਿਰਧਾਰਿਤ ਥਾਵਾਂ ਤੇ ਸੁਵਿਧਾ ਕੈਂਪ ਲਗਾਏ ਜਾ ਰਹੇ ਹਨ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਸਰਕਾਰ ਵਲੋਂ ਜਿਲ੍ਹਾ ਪ੍ਰਸਾਸਨ ਦੇ ਸਹਿਯੋਗ ਨਾਲ ਲਗਾਏ ਜਾ ਰਹੇ ਇਹਨਾਂ ਸੁਵਿਧਾ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ। ਉਹਨਾਂ ਅੱਗੇ ਦੱਸਿਆ ਕਿ ਇਹਨਾਂ ਕੈਂਪਾਂ ਵਿੱਚ ਪੈਨਸਨ ਸਕੀਮਾਂ, ਦਿਵਿਆਂਗ ਸਰਟੀਫਿਕੇਟ, ਲੇਬਰ ਕਾਰਡ, ਸਗਨ ਸਕੀਮ, ਸਮਾਰਟ ਰਾਸਨ ਕਾਰਡ, ਪੋਸਣ ਅਭਿਆਨ ਸਬੰਧੀ, ਸਖੀ ਵਨ ਸਟਾਪ ਸੈਂਟਰ, ਜਿਲ੍ਹਾ ਬਾਲ ਸੁਰੱਖਿਆ ਯੂਨਿਟ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ, ਬੇਟੀ ਬਚਾਓ-ਬੇਟੀ ਪੜਾਓ ਆਦਿ ਸਕੀਮਾਂ ਸਬੰਧੀ ਜਾਣਕਾਰੀ ਦਿਤੀ।

ਅਦਾਰਾ 'ਲੋਕ ਬਾਣੀ' ਵਿੱਚ ਛਾਪੀਆਂ ਜਾਂਦੀਆਂ ਖ਼ਬਰਾਂ, ਰਿਪੋਰਟਾਂ, ਲੇਖ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰਾਂ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ। ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁੱਭ ਚਿੰਤਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ 'ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਤੱਥਾਂ ਦੀ ਪੜਤਾਲ,ਪੁਸ਼ਟੀ ਕਰ ਲੈਣ। -ਸੰਪਾਦਕ

Daily Lok Bani (Punjabi) R.N.I. Punpun 29016,2008 Edior, Owner, Printer, Publisher, Amandeep Mehra Printed at Rachna Printers, Railway Road Jalandhar Place of Publication : 308 Sangam complex Milap Chowk, Jalandhar (India) , Contect No. : 0181-2211009, Fax : 2211009 , Email Id : lokbani08@gmail.com ,

# ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਪਿੰਡ ਗਹਿਲੇਵਾਲ ਤੇ ਬੱਗਾ ਖੁਰਦ ਦੇ ਕਿਸਾਨਾਂ ਖਿਲਾਫ ਕਾਰਵਾਈ ਲਈ ਕੀਤੀ ਸ਼ਿਕਾਇਤ

**ਲੁਧਿਆਣਾ/ਸੁਖਚੈਨ ਮਹਿਰਾ, ਰਜੇਸ ਕੁਮਾਰ**

ਮੁੱਖ ਖੇਤੀਬਾੜੀ ਅਫ਼ਸਰ ਡਾ. ਨਰਿੰਦਰ ਸਿੰਘ ਬੈਨੀਪਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡਿਪਟੀ ਕਮਿਸ਼ਨਰ ਲੁਧਿਆਣਾ ਸ਼੍ਰੀਮਤੀ ਸੁਰਭੀ ਮਲਿਕ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕਾਰਵਾਈ ਕਰਦਿਆਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਣਕ ਦੀ ਨਾੜ ਨੂੰ ਜਾਣ-ਬੁੱਝ ਕੇ ਅੱਗ ਲਗਾਉਣ ਵਾਲੇ ਕਿਸਾਨਾਂ ਦੀ ਪੜਤਾਲ ਕੀਤੀ ਗਈ ਅਤੇ ਅਧਿਕਾਰੀਆਂ ਵੱਲੋਂ ਪਾਇਆ ਗਿਆ ਕਿ ਪਿੰਡ ਗਹਿਲੇਵਾਲ ਅਤੇ ਬੱਗਾ ਖੁਰਦ ਵਿਖੇ ਕਿਸਾਨਾਂ ਵੱਲੋਂ ਖੇਤ ਨੂੰ ਅੱਗ ਲਗਾਈ ਗਈ ਸੀ, ਜਿਸ ਕਾਰਨ ਆਸ-ਪਾਸ ਲੱਗੇ ਦਰੱਖਤਾਂ ਦਾ ਕਾਫੀ ਨੁਕਸਾਨ ਹੋਇਆ ਹੈ।

ਉਨ੍ਹਾਂ ਦੱਸਿਆ ਕਿ ਮੌਕੇ ਤੇ ਜਾ ਕੇ ਪੁਸ਼ਟੀ ਕਰਨ ਉਪਰੰਤ ਇਸ ਸਬੰਧੀ ਕਾਰਵਾਈ ਕਰਨ ਲਈ ਉਪ ਮੰਡਲ ਮੈਜਿਸਟ੍ਰੇਟ, ਮੁੱਖ ਵਾਤਾਵਰਣ ਇੰਜੀਨੀਅਰ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਸਬੰਧਤ ਥਾਣਾ ਇੰਚਾਰਜ ਨੂੰ ਲਿਖਿਆ ਗਿਆ ਹੈ।

ਉਨ੍ਹਾਂ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਕਣਕ ਦੀ ਨਾੜ ਨੂੰ ਖੇਤ ਵਿੱਚ



ਵਾਹ ਕੇ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਬਰਕਰਾਰ ਰੱਖਣ ਨਾ ਕਿ ਅੱਗ ਲਗਾ ਕੇ ਪੋਸ਼ਟਿਕ ਤੱਤਾਂ ਨੂੰ ਖਤਮ ਕਰਨ। ਉਨ੍ਹਾਂ ਦੱਸਿਆ ਕਿ ਨਾੜ ਨੂੰ ਖੇਤ ਵਿੱਚ ਵਾਹੁਣਾ ਜ਼ਮੀਨ ਲਈ ਹੀ ਨਹੀਂ ਬਲਕਿ ਵਾਤਾਵਰਨ ਦੀ ਸ਼ੁੱਧਤਾ ਨੂੰ ਬਰਕਰਾਰ ਰੱਖਣ ਲਈ ਵੀ ਜ਼ਰੂਰੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਕਿਸਾਨ ਜ਼ਮੀਨਦੋਜ਼ ਪਾਣੀ ਦੀ ਬੱਚਤ ਕਰਨ ਲਈ ਸਿੱਧੀ ਬਿਜਾਈ ਨੂੰ ਪਹਿਲ ਦੇਣ ਅਤੇ ਇਸ ਸਬੰਧੀ ਵੱਡੇ ਪੱਧਰ 'ਤੇ ਖੇਤੀਬਾੜੀ ਵਿਭਾਗ ਵੱਲੋਂ ਜਾਗਰੂਕਤਾ ਮੁਹਿੰਮ ਵੀ ਚਲਾਈ ਜਾ ਰਹੀ ਹੈ।

# ਵਿਧਾਇਕ ਅਮਰਪਾਲ ਸਿੰਘ ਨੇ ਸਰਕਾਰੀ ਮਿਡਲ ਸਕੂਲ ਹਰਦਾਨ ਦੇ ਨਵੇਂ ਬਣੇ ਕਲਾਸ ਰੂਮ ਦਾ ਉਦਘਾਟਨ ਕੀਤਾ



**ਬਟਾਲਾ/ਸੁਖਨਾਮ ਸਿੰਘ**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਸਿੱਖਿਆ ਦਾ ਪੱਧਰ ਉੱਚਾ ਚੁੱਕਣ ਲਈ ਪੂਰੇ ਯਤਨ ਕਰ ਰਹੀ ਹੈ ਤਾਂ ਜੋ ਸਾਡੇ ਸਰਕਾਰੀ ਸਕੂਲ ਨਿੱਜੀ ਸਕੂਲਾਂ ਨਾਲੋਂ ਵੀ ਬੇਹਤਰ ਬਣ ਸਕਣ। ਇਹ ਪ੍ਰਗਟਾਵਾ ਵਿਧਾਨ ਸਭਾ ਹਲਕਾ ਸ੍ਰੀ ਹਰਗੋਬਿੰਦਪੁਰ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਪਿੰਡ ਹਰਦਾਨ ਵਿਖੇ ਸਰਕਾਰੀ ਮਿਡਲ ਸਕੂਲ ਦੇ ਨਵੇਂ ਬਣੇ ਦੋ ਕਲਾਸ ਰੂਮਜ਼ ਦਾ ਉਦਘਾਟਨ ਕਰਨ ਮੌਕੇ ਪਿੰਡ ਵਾਸੀਆਂ ਨਾਲ ਗੱਲਬਾਤ ਦੌਰਾਨ ਕੀਤਾ।

ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਕਿਹਾ ਕਿ ਸਰਕਾਰੀ ਮਿਡਲ ਸਕੂਲ, ਹਰਦਾਨ ਵਿਖੇ ਦੋ ਨਵੇਂ ਸਮਾਰਟ ਕਲਾਸ ਰੂਮ ਬਣਾਉਣ ਉੱਪਰ 12.52 ਲੱਖ ਰੁਪਏ ਦੀ ਲਾਗਤ ਆਈ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚਾ ਵਿਕਸਤ ਕਰਨ ਦੇ ਨਾਲ ਜਿਹੜੇ ਸਕੂਲਾਂ ਵਿੱਚ ਅਧਿਆਪਕਾਂ ਦੀ ਘਾਟ ਹੈ ਉਸ ਨੂੰ ਵੀ ਪੂਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਿੱਖਿਆ ਸੁਧਾਰ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਤਰਜੀਹੀ ਕੰਮਾਂ ਵਿਚੋਂ ਇੱਕ ਹੈ ਅਤੇ ਇਸ ਖੇਤਰ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਇਸ ਮੌਕੇ ਸਰਕਾਰੀ ਮਿਡਲ ਸਕੂਲ ਦੇ ਮੁੱਖ ਅਧਿਆਪਕ ਕਮਲ ਕੁਮਾਰ, ਅਧਿਆਪਕ ਅਨੁਰਾਗ ਸਿੰਘ, ਅਧਿਆਪਕ ਕੌਮਦੀਪ ਸਿੰਘ, ਸਰਪੰਚ ਗੁਰਦੀਪ ਸਿੰਘ ਹਰਦਾਨ, ਸੁਲੱਖਣ ਸਿੰਘ, ਅਮਰੀਕ ਸਿੰਘ, ਅਜੈਬ ਸਿੰਘ ਨੰਬਰਦਾਰ, ਝਿਰਮਲ ਸਿੰਘ, ਮੰਗਲ ਸਿੰਘ ਤੋਂ ਇਲਾਵਾ ਹੋਰ ਵੀ ਮੋਹਤਬਰ ਹਾਜ਼ਰ ਸਨ।

# ਪੰਜਾਬ ਨੂੰ ਪੰਜਾਬ ਬਣਾਉਣ ਦੀ ਲੋੜ੍ਹ, ਕੈਲੇਫੋਰਨੀਆ ਨਹੀਂ -ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕੁਲਦੀਪ ਸਿੰਘ ਧਾਲੀਵਾਲ

**ਮੋਗਾ/ਦਵਿੰਦਰ ਸਿੰਘ ਬਿੱਟੂ**

ਅੱਜ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਮੋਗਾ ਜਿਲਾ ਦਾ ਦੌਰਾ ਕੀਤਾ ਗਿਆ । ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਪੰਚਾਇਤੀ ਜਮੀਨਾਂ ਨੂੰ ਨਜਾਇਜ ਕਬਜ਼?ਿਆਂ ਤੋਂ ਮੁਕਤ ਕਰਾਉਣ ਦੀ ਮੁਹਿੰਮ ਕਿਸੇ ਵੀ ਹੀਲੇ ਰੁਕਣ ਨਹੀਂ ਦਿੱਤੀ ਜਾਵੇਗੀ। ਇਸ ਮੁਹਿੰਮ ਨੂੰ ਸਫਲ ਕਰਨ ਲਈ ਲੋਕਾਂ ਦਾ ਸਹਿਯੋਗ ਬਹੁਤ ਜਰੂਰੀ ਹੈ। ਉਹਨਾਂ ਨਜਾਇਜ ਕਬਜਾਧਾਰੀਆਂ ਨੂੰ ਅਪੀਲ ਕੀਤੀ ਕਿ ਉਹ ਖੁਦ ਹੀ ਪੰਚਾਇਤੀ ਜਮੀਨਾਂ ਨੂੰ ਖਾਲੀ ਕਰ ਦੇਣ। ਉਹਨਾਂ ਦਾ ਪੂਰਾ ਮਾਣ ਸਨਮਾਨ ਕੀਤਾ ਜਾਵੇਗਾ। ਜਿਹੜਾ ਸਰਕਾਰ ਅਤੇ ਪ੍ਰਸਾਸਨ ਨੂੰ ਸਹਿਯੋਗ ਨਹੀਂ ਦੇਵੇਗਾ। ਉਸ ਖ਼?ਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ । ਉਹਨਾਂ ਕਿਹਾ ਕਿ ਜਿਆਦਾਤਰ ਜਮੀਨਾਂ ਉੱਤੇ ਕਥਿਤ ਤੌਰ ਉੱਤੇ ਰਾਜਸੀ ਲੋਕਾਂ ਅਤੇ ਸਰਕਾਰੀ ਅਧਿਕਾਰੀਆਂ ਨੇ ਕਬਜਾ ਕੀਤਾ ਹੋਇਆ ਹੈ।

ਉਹਨਾਂ ਕਿਹਾ ਕਿ ਸਾਡੇ ਦੇਸ ਦੀ ਇਹ ਤ੍ਰਾਸਦੀ ਹੈ ਕਿ ਇਥੋਂ ਦੇ ਚੁਣੇ ਹੋਏ ਨੁਮਾਇੰਦਿਆਂ ਨੂੰ ਆਪਣੇ ਅਧਿਕਾਰਾਂ ਦੀ ਜਾਣਕਾਰੀ ਨਹੀਂ ਹੈ। ਇਸੇ ਲਈ ਪੰਜਾਬ ਸਰਕਾਰ ਨੇ ਫੈਸਲਾ ਕੀਤਾ ਹੈ ਕਿ ਪੰਚਾਇਤਾਂ ਨੂੰ ਪੰਚਾਇਤੀ ਰਾਜ ਐਕਟ ਤੋਂ ਜਾਣੂ ਕਰਵਾਇਆ ਜਾਵੇਗਾ। ਇਸੇ ਤਰ੍ਹਾਂ ਪਿੰਡਾਂ ਦਾ ਵਿਕਾਸ ਕਿਵੇਂ ਕਰਨਾ



ਹੈ ਇਸ ਬਾਰੇ ਜਾਣੂ ਕਰਾਉਣ ਲਈ ਪਿੰਡ ਰਣਸੀਂਹ ਕਲਾਂ ਵਰਗੀਆਂ ਅਗਾਂਹਵਧੂ ਪੰਚਾਇਤਾਂ ਦੇ ਨੁਮਾਇੰਦਿਆਂ ਨੂੰ ਹੋਰ ਪੰਚਾਇਤਾਂ ਨੂੰ ਜਾਗਰੂਕ ਕਰਨ ਦੀ ਕਮਾਨ ਸੌਂਪੀ ਜਾਵੇਗੀ। ਉਹਨਾਂ ਕਿਹਾ ਕਿ 1 ਜੂਨ ਤੋਂ 26 ਜੂਨ, 2022 ਤੱਕ ਪੂਰੇ ਪੰਜਾਬ ਵਿਚ ਗ੍ਰਾਮ ਸਭਾ ਦਾ ਆਯੋਜਨ ਹੋਵੇਗਾ। ਜਿਹਨਾਂ ਵਿੱਚ ਪਿੰਡਾਂ ਦੇ ਵਿਕਾਸ ਲਈ ਖਾਕਾ ਤਿਆਰ ਕੀਤਾ ਜਾਵੇਗਾ। ਉਹਨਾਂ ਪਿੰਡ ਰਣਸੀਂਹ ਕਲਾਂ ਦੀ ਸਿਫਤ ਕਰਦਿਆਂ ਕਿਹਾ ਕਿ ਪੰਜਾਬ ਦੇ ਹਰੇਕ ਪਿੰਡ ਨੂੰ ਨਮੂਨੇ ਦਾ ਪਿੰਡ ਬਣਾਇਆ ਜਾਵੇਗਾ। ਉਹਨਾਂ ਕਿਹਾ ਕਿ ਅੱਜ ਪੰਜਾਬ ਨੂੰ ਪੰਜਾਬ ਬਣਾਉਣ ਦੀ ਲੋੜ੍ਹ ਹੈ ਕੈਲੇਫੋਰਨੀਆ ਨਹੀਂ। ਉਹਨਾਂ ਕਿਹਾ ਕਿ ਪੰਜਾਬ ਨੂੰ ਅਕਾਲੀਆਂ ਅਤੇ ਕਾਂਗਰਸੀਆਂ ਨੇ ਰਲ ਕੇ ਬਰਬਾਦ ਕੀਤਾ ਹੈ। ਹੁਣ ਆਪ ਸਰਕਾਰ ਸੂਬੇ ਦੇ ਸਾਰੇ 12560 ਪਿੰਡਾਂ ਦੀ ਸਾਨ ਮੁੜ ਬਹਾਲ ਕਰਨ ਲਈ ਵਚਨਬੱਧ ਹੈ। ਉਹਨਾਂ ਇਸ ਮੌਕੇ ਪਿੰਡ ਰਣਸੀਂਹ ਕਲਾਂ ਦੇ ਵਿਕਾਸ ਵਿੱਚ ਪੰਜਾਬ ਸਰਕਾਰ ਵੱਲੋਂ ਯੋਗਦਾਨ ਪਾਉਂਦੇ ਹੋਏ ਸਮਸਾਨਘਾਟ, ਸਟੇਡੀਅਮ ਅਤੇ ਵੇਰਕਾ ਬੂਥ ਲਗਾਉਣ ਦਾ ਐਲਾਨ ਕੀਤਾ ਅਤੇ ਪਿੰਡ ਵਿੱਚ ਮੁਹੱਲਾ ਕਲੀਨਿਕ ਸਥਾਪਤ ਕਰਨ ਲਈ ਹਰ ਤਰਾ ਦਾ ਸਹਿਯੋਗ ਕਰਨ ਦਾ ਭਰੋਸਾ ਦਿੱਤਾ। ਇਸ ਤੋਂ ਪਹਿਲਾਂ ਵਿਧਾਇਕ ਸ੍ਰ ਮਨਜੀਤ ਸਿੰਘ ਬਿਲਾਸਪੁਰ ਨੇ ਆਪਣੇ ਹਲਕੇ ਦੀਆਂ ਮੰਗਾਂ ਬਾਰੇ ਵੇਰਵਾ ਪੇਸ ਕੀਤਾ। ਇਸ ਮੌਕੇ ਕੈਬਨਿਟ ਮੰਤਰੀ ਨੇ ਵੱਖ ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਵੀ ਕੀਤੇ। ਕੈਬਨਿਟ ਮੰਤਰੀ ਦੇ ਮੋਗਾ ਪਹੁੰਚਣ ਤੇ ਪੰਜਾਬ ਪੁਲੀਸ ਦੀ ਟੁਕੜੀ ਵੱਲੋਂ ਗਾਰਡ ਆਫ ਆਨਰ ਵੀ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਸਰਕਾਰ ਕੋਲੇ ਖੁੱਲਾ ਟਾਇਮ ਹੈ ਨਾਜਾਇਜ ਕਬਜੇ ਛੁਡਾਉਣ ਲਈ ਚਾਹੇ ਉਨ੍ਹਾਂ ਨੂੰ ਜਿਨ੍ਹਾਂ ਮਰਜੀ ਟਾਈਮ ਲੱਗ ਜਾਵੇ ਪਰ ਉਹ ਨਜਾਇਜ ਕਬਜੇ ਹਟਾ ਕੇ ਰਹਿਣਗੇ।

ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਹਲਕਾ ਧਰਮਕੋਟ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੇ ਗ੍ਰਹਿ ਪਿੰਡ ਕੈਲਾ ਵਿਖੇ ਵਿਸੇਸ ਤੌਰ ਤੇ ਪਹੁੰਚ ਕੇ ਹਲਕੇ ਦਾ ਮਾਣ ਵਧਾਇਆ।ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਵੱਲੋਂ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੇ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚਣ ਤੇ ਜੀ ਆਇਆ ਕਿਹਾ। ਹਲਕਾ ਵਿਧਾਇਕ ਦਵਿੰਦਰ ਜੀਤ ਸਿੰਘ ਲਾਡੀ ਤੇ ਉਨ੍ਹਾਂ ਦੇ ਮਾਤਾ ਜੀ ਵੱਲੋਂ ਕੈਬਨਿਟ ਮੰਤਰੀ ਬਲਦੇਵ ਸਿੰਘ ਧਾਲੀਵਾਲ ਜੀ ਨੂੰ ਸਿਰੀ ਸਾਹਿਬ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਹਲਕਾ ਮੋਗਾ ਦੀ ਵਿਧਾਇਕਾ ਸ੍ਰੀਮਤੀ ਅਮਨਦੀਪ ਕੌਰ ਅਰੋੜਾ, ਬਾਘਾਪੁਰਾਣਾ ਦੇ ਵਿਧਾਇਕ ਸ੍ਰ ਅੰਮ੍ਰਿਤਪਾਲ ਸਿੰਘ ਸੁਖਾਨੰਦ, ਹਲਕਾ ਧਰਮਕੋਟ ਦੇ ਵਿਧਾਇਕ ਸ੍ਰ ਦਵਿੰਦਰਜੀਤ ਸਿੰਘ ਲਾਡੀ ਢੋਸ, ਡਿਪਟੀ ਕਮਿਸਨਰ ਸ੍ਰ ਕੁਲਵੰਤ ਸਿੰਘ, ਜ਼?ਿਲ੍ਹਾ ਪੁਲਿਸ ਮੁਖੀ ਸ੍ਰ ਗੁਲਨੀਤ ਸਿੰਘ ਖੁਰਾਣਾ, ਐੱਸ ਡੀ ਐੱਮ ਸ੍ਰ ਸਤਵੰਤ ਸਿੰਘ, ਐਸਪੀ ਸ੍ਰੀਮਤੀ ਰੁਪਿੰਦਰ ਕੌਰ ਭੱਟੀ, ਏ ਐੱਸ ਪੀ ਮੁਹੰਮਦ ਸਰਫਰਾਜ ਆਲਮ, ਹਰਮਨਜੀਤ ਸਿੰਘ ਬਰਾੜ ਜ਼?ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ, ਸਰਪੰਚ ਪ੍ਰੀਤਇੰਦਰ ਸਿੰਘ ਮਿੰਟੂ ਅਤੇ ਹੋਰ ਹਾਜਰ ਸਨ।

# ਸ਼ਿਵਾਲਿਕ ਸਕੂਲ ਦਾ ਪੰਜਵੀਂ ਜਮਾਤ ਦੀ ਪ੍ਰੀਖਿਆ ਦਾ ਨਤੀਜਾ ਸ਼ਾਨਦਾਰ ਰਿਹਾ



**ਮਲੋਟ ਮੁਕਤਸਰ/ ਗਿਆਨ ਸਾਹਨੀ:-** ਪਟੇਲ ਨਗਰ ਸਥਿਤ ਮਾਤਾ ਸਾਂਤੀ ਦੇਵੀ ਸ਼?ਿਵਾਲਿਕ ਸੀਨੀਅਰ ਸੈਕੰਡਰੀ ਸਕੂਲ ਦੀ ਪੰਜਵੀਂ ਜਮਾਤ ਦੀ ਬੋਰਡ ਪ੍ਰੀਖਿਆ 100 ਫੀਸਦੀ ਰਹੀ। ਪ੍ਰਿੰਸੀਪਲ ਮੈਡਮ ਵੀਨਾ ਗਰੋਵਰ ਨੇ ਦੱਸਿਆ ਕਿ ਕੁੱਲ 35 ਵਿਦਿਆਰਥੀਆਂ ਨੇ ਈ-ਟੈਸਟ ਦਿੱਤਾ ਅਤੇ ਸਾਰੇ ਅੱਸੀ ਫੀਸਦੀ ਤੋਂ ਵੱਧ ਅੰਕ ਲੈ ਕੇ ਪਾਸ ਹੋਏ। ਅਕਸਰਾ ਪੁੱਤਰੀ ਪ੍ਰਵੀਨ ਕੁਮਾਰ ਨੇ 94.2 ਫੀਸਦੀ ਅੰਕ ਲੈ ਕੇ 471/500 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ . ਯਸਮਿਤਾ ਸਪੁੱਤਰੀ ਸੰਜੀਵ ਕੁਮਾਰ ਅਤੇ ਸੰਜਨਾ ਸਪੁੱਤਰੀ ਸੁਨੀਲ ਕੁਮਾਰ ਨੇ 463/500 ਅੰਕ ਲੈ ਕੇ 92.6 ਪ੍ਰਤੀਸਤ ਅਤੇ ਸ਼ਿਵਾਨੀ ਬੈਣੀਵਾਲ ਪੁੱਤਰੀ ਸੁਭਾਸ ਬੈਣੀਵਾਲ ਨੇ 461/500 ਅੰਕ, 92.2 ਪ੍ਰਤੀਸਤ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਇਨ੍ਹਾਂ ਸਾਰੇ ਵਿਦਿਆਰਥੀਆਂ ਅਤੇ ਕਲਾਸ ਇੰਚਾਰਜ ਮੈਡਮ ਮਨਪ੍ਰੀਤ ਕੌਰ ਨੂੰ ਸਨਮਾਨਿਤ ਕੀਤਾ ਗਿਆ।

# ਲਾਲ ਝੰਡਾ ਪੇਂਡੂ ਚੌਂਕੀਦਾਰ ਯੂਨੀਅਨ ਸਮਰਾਲਾ ਵੱਲੋਂ ਹਲਕਾ ਵਿਧਾਇਕ ਦਿਆਲਪੁਰਾ ਨੂੰ ਮੰਗਾਂ ਸਬੰਧੀ ਦਿੱਤਾ ਮੰਗ ਪੱਤਰ



**ਸਮਰਾਲਾ/ਭੂਸਨ ਬਾਂਸਲ ਸੁਨੀਲ ਅਗਰਵਾਲ**

ਲਾਲ ਝੰਡਾ ਪੇਂਡੂ ਚੌਂਕੀਦਾਰ ਯੂਨੀਅਨ ਪੰਜਾਬ (ਸੀਟੂ) ਦੇ ਪੰਜਾਬ ਪ੍ਰਧਾਨ ਪਰਮਜੀਤ ਸਿੰਘ ਨੀਲੋਂ ਦੇ ਸੱਦੇ ਤੇ ਪੰਜਾਬ ਭਰ ਦੇ ਸਮੂਹ ਚੌਂਕੀਦਾਰਾਂ ਵੱਲੋਂ ਆਪੋ ਆਪਣੇ ਹਲਕੇ ਦੇ ਵਿਧਾਇਕਾਂ ਨੂੰ ਮੰਗ ਪੱਤਰ ਦਿੱਤੇ ਗਏ। ਅੱਜ ਲਾਲ ਝੰਡਾ ਪੇਂਡੂ ਚੌਂਕੀਦਾਰ ਯੂਨੀਅਨ (ਸੀਟੂ) ਤਹਿਸੀਲ ਸਮਰਾਲਾ ਦੇ ਪ੍ਰਧਾਨ ਜਸਦੇਵ ਸਿੰਘ ਦੀ ਅਗਵਾਈ ਹੇਠ ਸਮਰਾਲਾ ਤਹਿਸੀਲ ਦੇ ਸਮੂਹ ਚੌਂਕੀਦਾਰਾਂ ਵੱਲੋਂ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੂੰ ਆਪਣੀਆਂ ਮੰਗਾਂ ਸਬੰਧੀ ਮੰਗ ਪੱਤਰ ਦਿੱਤਾ ਗਿਆ, ਮੰਗ ਪੱਤਰ ਵਿੱਚ ਪੰਜਾਬ ਦੇ ਸਮੂਹ ਪੇਂਡੂ ਚੌਂਕੀਦਾਰਾਂ ਨੂੰ ਹਰਿਆਣਾ ਦੀ ਤਰਜ ਤੇ 7500 ਰੁਪਏ ਪ੍ਰਤੀ ਮਹੀਨਾ ਮਾਣ ਭੱਤਾ ਦਿੱਤਾ ਜਾਵੇ, ਪੇਂਡੂ ਚੌਂਕੀਦਾਰਾਂ ਨੂੰ ਜਨਮ ਅਤੇ ਮੌਤ ਸਬੰਧੀ ਸਰਟੀਫਿਕੇਟ ਦੇਣ ਸਬੰਧੀ ਮਨਜੂਰ ਕੀਤੀ ਚਿੱਠੀ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ, ਸਾਲ ਵਿੱਚ ਦੋ ਵਾਰੀ ਪੇਂਡੂ ਚੌਂਕੀਦਾਰਾਂ ਨੂੰ ਵਰਦੀਆਂ ਦਿੱਤੀਆਂ ਜਾਣ, ਪੰਜਾਬ ਦੇ ਸਮੂਹ ਪੇਂਡੂ ਚੌਂਕੀਦਾਰਾਂ ਨੂੰ ਸਰਕਾਰ ਦੇ ਦਰਜਾ 4 ਮੁਲਾਜਮਾਂ ਦੇ ਬਰਾਬਰ ਦਾ ਦਰਜਾ ਦਿੱਤਾ ਜਾਵੇ। ਇਸ ਮੌਕੇ ਤਹਿਸੀਲ ਪ੍ਰਧਾਨ ਜਸਦੇਵ ਸਿੰਘ ਨੇ ਕਿਹਾ ਕਿ ਹੁਣ ਤੱਕ ਪੰਜਾਬ ਅੰਦਰ ਰਿਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਨੇ ਪੰਜਾਬ ਦੇ ਪੇਂਡੂ ਚੌਂਕੀਦਾਰਾਂ ਦੀਆਂ ਮੰਗਾਂ ਸਬੰਧੀ ਕੋਈ ਫੈਸਲਾ ਨਹੀਂ ਲਿਆ ਅਤੇ ਨਾ ਹੀ ਕਦੇ ਕੋਈ ਸਾਰ ਲਈ ਹੈ ਕਿ ਅਜਿਹੀ ਮਹਿੰਗਾਈ ਦੇ ਜਮਾਨੇ ਵਿੱਚ ਪੇਂਡੂ ਚੌਂਕੀਦਾਰ 1250 ਰੁਪਏ ਪ੍ਰਤੀ ਮਹੀਨਾ ਦੇ ਨਿਗੂਣੇ ਭੱਤੇ ਨਾਲ ਕਿਸ ਤਰ੍ਹਾਂ ਗੁਜਾਰਾ ਕਰ ਸਕਦੇ ਹਨ। ਮੰਗ ਪੱਤਰ ਪ੍ਰਾਪਤ ਕਰਨ ਮੌਕੇ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਸਮੂਹ ਚੌਂਕੀਦਾਰਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਜਾਇਜ ਮੰਗਾਂ ਨੂੰ ਉੱਚ ਅਧਿਕਾਰੀਆਂ ਤੱਕ ਪੁੱਜਦਾ ਕੀਤਾ ਜਾਵੇਗਾ। ਮੰਗ ਪੱਤਰ ਦੇਣ ਮੌਕੇ ਰਮੇਸ਼ ਸਿੰਘ ਘਰਖਣਾ ਖਜਾਨਚੀ, ਕੁਲਦੀਪ ਸਿੰਘ ਸੈਕਟਰੀ, ਗੁਰਦਾਸ ਸਿੰਘ ਮਾਨੂੰਪੁਰ ਵਾਇਸ ਪ੍ਰਧਾਨ, ਬਾਵਾ ਸਿੰਘ ਦਿਆਲਪੁਰਾ, ਗੁਰਮੇਲ ਸਿੰਘ ਰੋਹਲੇ, ਜੀਤ ਸਿੰਘ ਸਿਹਾਲਾ, ਅਵਤਾਰ ਸਿੰਘ ਨੌਲੜੀ, ਸ਼ਿੰਦਰਪਾਲ ਗੜ੍ਹੀ ਪ੍ਰਧਾਨ ਮਾਛੀਵਾੜਾ, ਗੁਰਨਾਮ ਸਿੰਘ ਸੈਕਟਰੀ ਮਾਛੀਵਾੜਾ, ਮੇਵਾ ਸਿੰਘ ਭੌਰਲਾ ਚਾਵਾ, ਹਰਭਜਨ ਸਿੰਘ ਬੌਂਦਲੀ ਅਤੇ ਗੁਰਪ੍ਰੀਤ ਸਿੰਘ ਬੌਂਦਲੀ ਹਾਜਰ ਸਨ।

# ਪੈਨਸ਼ਨਰਜ਼ ਐਸੋਸੀਏਸ਼ਨ ਪੰਜਾਬ ਰਾਜ ਪਾਵਰ ਕਾਮ ਮੰਡਲ ਸਮਰਾਲਾ ਦੀ ਮਹੀਨਾਵਾਰ ਮੀਟਿੰਗ



**ਸਮਰਾਲਾ/ਭੂਸ਼ਨ ਬਾਂਸਲ ਸੁਨੀਲ ਅਗਰਵਾਲ**

ਪੈਨਸ਼ਨਰਜ਼ ਐਸੋਸੀਏਸ਼ਨ ਪੰਜਾਬ ਰਾਜ ਪਾਵਰਕਾਮ ਮੰਡਲ ਸਮਰਾਲਾ ਦੀ ਮਹੀਨਾਵਾਰ ਮੀਟਿੰਗ ਮੰਡਲ ਪ੍ਰਧਾਨ ਸਿਕੰਦਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਸ਼ੁਰੂਆਤ ਵਿੱਚ ਪੈਸ਼ਨਰਾਂ ਨੂੰ ਆ ਰਹੀਆਂ ਮੁਸ਼ਕਿਲਾਂ ਸਬੰਧੀ ਜਿਵੇਂ ਨਵੇਂ ਪੇ ਕਮਿਸ਼ਨ ਦੀ ਰਿਪੋਰਟ ਨੂੰ ਮੁਤਾਬਿਕ 31-12-2015 ਤੋਂ ਰਿਟਾਇਰ ਹੋਏ ਪੈਨਸ਼ਨਰਾਂ ਨੂੰ 113 ਪ੍ਰਤੀਸ਼ਤ ਡੀ.ਏ. ਦੀ ਬਜਾਏ 125 ਪ੍ਰਤੀਸ਼ਤ ਡੀ.ਏ. ਲਗਾਕੇ, 2.44 ਦੀ ਬਜਾਏ 2.59 ਨਾਲ ਰਿਵਾਇਜ਼ਡ ਪੇਅ ਸਕੇਲ ਲਾਗੂ ਕਰਨੇ, ਬਕਾਇਆ ਜਾਰੀ ਕੀਤੇ ਜਾਣ, ਮਿਤੀ 01-01-2016 ਤੋਂ ਬਾਅਦ ਰਿਟਾਇਰ ਹੋਏ ਕਰਮਚਾਰੀਆਂ ਨੂੰ ਨਵੇਂ ਸਕੇਲ ਲਗਾਏ ਜਾਣ ਅਤੇ ਬਕਾਏ ਦਿੱਤੇ ਜਾਣ। ਪਿਛਲੇ ਸਾਲਾਂ ਦਾ ਡੀ.ਏ. ਦਾ ਬਕਾਇਆ ਦਿੱਤਾ ਜਾਵੇ। ਜੁਲਾਈ 2021 ਅਤੇ ਜਨਵਰੀ 2022 ਦਾ 3 ਪ੍ਰਤੀਸ਼ਤ ਡੀ.ਏ. ਜਾਰੀ ਕੀਤਾ ਜਾਵੇ ਤੇ ਬਕਾਇਆ ਦਿੱਤਾ ਜਾਵੇ। ਕੈਸ਼ਲੈਸ ਸਕੀਮ ਲਾਗੂ ਕੀਤੀ ਜਾਵੇ, ਮੈਡੀਕਲ ਭੱਤਾ 2500 ਰੁਪਏ ਕਰਨਾ, ਬਿਜਲੀ ਵਰਤੋਂ ਵਿੱਚ ਰਿਆਇਤ ਦੇਣਾ ਆਦਿ ਸਬੰਧੀ ਮਸਲਿਆਂ ਤੇ ਵਿਚਾਰ ਚਰਚਾ ਕੀਤੀ ਗਈ। ਪਿਛਲੇ ਸਮੇਂ ਪੰਜਾਬ ਵਰਕਿੰਗ ਕਮੇਟੀ ਦੀ ਚੋਣ ਵਿੱਚ ਸਮਰਾਲਾ ਮੰਡਲ ਤੋਂ ਸਿਕੰਦਰ ਸਿੰਘ ਜਥੇਬੰਦਕ ਸਕੱਤਰ ਚੁਣੇ ਗਏ। ਇਸ ਅਹੁਦੇ ਤੇ ਚੁਣੇ ਜਾਣ ਲਈ ਵਧਾਈ ਦਿੱਤੀ ਗਈ। ਅੱਜ ਦੀ ਮੀਟਿੰਗ ਵਿੱਚ ਸੰਬੋਧਨ ਕਰਨ ਵਾਲਿਆਂ ਵਿੱਚ ਇੰਜ: ਪ੍ਰੇਮ ਸਿੰਘ ਰਿਟਾ: ਐਸ. ਡੀ. ਓ. ਸੀਨੀ: ਮੀਤ ਪ੍ਰਧਾਨ, ਜਗਤਾਰ ਸਿੰਘ ਪ੍ਰੈਸ ਸਕੱਤਰ, ਇੰਜ: ਦਰਸ਼ਨ ਸਿੰਘ ਖਜਾਨਚੀ, ਰਾਜਿੰਦਰਪਾਲ ਵਡੇਰਾ ਡਿਪਟੀ ਸੀ. ਏ. ਓ., ਕੁਲਵੰਤ ਸਿੰਘ ਜੱਗੀ, ਦਰਸ਼ਨ ਸਿੰਘ ਕੋਟਾਲਾ, ਮੁਕੇਸ਼ ਕੁਮਾਰ ਖਮਾਣੋਂ, ਪ੍ਰੇਮ ਕੁਮਾਰ ਸਰਕਲ ਆਗੂ, ਗੁਰਦੇਵ ਸਿੰਘ, ਅਮਰੀਕ ਸਿੰਘ ਮੁਸ਼ਕਾਬਾਦ, ਪ੍ਰੇਮ ਚੰਦ, ਰਾਮ ਸਰੂਪ ਸਭਰਵਾਲ ਆਦਿ ਨੇ ਸੰਬੋਧਨ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਜਗਤਾਰ ਸਿੰਘ ਦੁਆਰਾ ਬਾਖੂਬੀ ਨਿਭਾਈ ਗਈ। ਪੈਨਸ਼ਨਰਾਂ ਦੇ ਕੰਮਾਂ ਸਬੰਧੀ ਆਉਣ ਵਾਲੇ ਸਮੇਂ ਵਿੱਚ ਪੰਜਾਬ ਬਾਡੀ ਜੋ ਸੰਘਰਸ਼ ਉਲੀਕੇਗੀ, ਉਸ ਵਿੱਚ ਸਮਰਾਲਾ ਮੰਡਲ ਦੇ ਪੈਨਸ਼ਨਰ ਪੂਰੀ ਸਰਗਰਮੀ ਨਾਲ ਵੱਧ ਚੜ੍ਹ ਕੇ ਹਿੱਸਾ ਲੈਣਗੇ। ਮੀਟਿੰਗ ਵਿੱਚ ਵੱਡੀ ਗਿਣਤੀ ਔਰਤਾਂ ਅਤੇ ਮਰਦ ਪੈਨਸ਼ਨਰ ਸ਼ਾਮਲ ਹੋਏ, ਅਖੀਰ ਵਿੱਚ ਮੰਡਲ ਪ੍ਰਧਾਨ ਸਿਕੰਦਰ ਸਿੰਘ ਵੱਲੋਂ ਮੀਟਿੰਗ ਵਿੱਚ ਸ਼ਾਮਲ ਸਾਥੀਆਂ ਦਾ ਧੰਨਵਾਦ ਕੀਤਾ।

# ਵਿਮੁਕਤ ਜਾਤੀਆਂ ਦੀਆਂ ਮੰਗਾਂ ਸਬੰਧੀ ਸੂਬਾ ਪੱਧਰੀ ਵਫਦ ਮੁੱਖ ਮੰਤਰੀ ਭਗਵੰਤ ਮਾਨ ਨੂੰ ਮਿਲੇਗਾ - ਬਰਗਾੜੀ, ਡੂੰਮਵਾਲੀ



**ਫਰੀਦਕੋਟ/ਜਸਵਿੰਦਰ ਸਿੰਘ ਬਰਾੜ ਸਾਧਾਂਵਾਲਾ**

ੰਵਿਧਾਨ ਦੀ ਧਾਰਾ 343 ਅਧੀਨ ਵਿਮੁਕਤ ਜਾਤੀਆਂ ਦੇ ਸਰਵਪੱਖੀ ਵਿਕਾਸ ਲਈ ਦਿੱਤੇ ਗਏ ਅਨੁਸੂਚਿਤ ਕਬੀਲੇ ਦੇ ਸਾਢੇ ਸੱਤ ਪ੍ਰਤੀਸਤ ਰਾਖਵੇਂਕਰਨ ਕੋਟੇ ਨੂੰ ਲਾਗੂ ਕਰਨ ਤੇ ਵਿਮੁਕਤ ਜਾਤੀਆਂ ਦੀਆਂ ਮੰਗਾਂ ਕੇਂਦਰ ਸਰਕਾਰ ਤੋਂ ਲਾਗੂ ਕਰਵਾਉਣ ਲਈ ਪੰਜਾਬ ਸਰਕਾਰ ਵਿਧਾਨ ਸਭਾ ਵਿਚ ਮਤਾ ਪਾਸ ਕਰਕੇ ਕੇਂਦਰ ਸਰਕਾਰ ਨੂੰ ਭੇਜੇ ਤੇ ਪਿਛਲੇ ਸਮੇਂ ਬਾਦਲ ਸਰਕਾਰ ਵੱਲੋਂ ਪੰਜਾਬ ਵਿੱਚ ਸਰਕਾਰੀ ਨੌਕਰੀਆਂ ਲਈ ਸਰਤਾਂ ਤਹਿਤ ਦਿੱਤੇ ਗਏ 2 ਪ੍ਰਤੀਸਤ ਕੋਟੇ ਨੂੰ ਸਰਤਾਂ ਰਹਿਤ ਕਰੇ ਤੇ ਕੋਟਾ ਵਧਾ ਕੇ 5 ਪ੍ਰਤੀਸਤ ਕਰੇ। ਜਿਸ ਨਾਲ ਵਿਮੁਕਤ ਜਾਤੀਆਂ ਦੇ ਲੋਕਾਂ ਨੂੰ ਵੀ ਰੁਜਗਾਰ ਦੇ ਮੌਕੇ ਮਿਲ ਸਕਣ। ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਵਿਮੁਕਤ ਕਬੀਲੇ ਬਾਵਰੀਆ ਮਹਾਂ ਸੰਘ ਦੇ ਸੂਬਾ ਕਮੇਟੀ ਆਗੂ ਪਰਮਜੀਤ ਸਿੰਘ ਬਰਗਾੜੀ , ਜਸਵੀਰ ਸਿੰਘ ਡੂੰਮਵਾਲੀ, ਦੌਲਤ ਸਿੰਘ ਬੁੱਕਣ ਵਾਲਾ, ਸੀਨੀਅਰ ਆਗੂ ਵਾਹਿਗੁਰੂ ਸਿੰਘ ਕਾਬਲਵਾਲਾ, ਸਰਬਨ ਸਿੰਘ ਪੰਜਗਰਾਈਂ, ਅਮਰਜੀਤ ਸਿੰਘ ਪਰਮਾਰ, ਰਾਮ ਸਿੰਘ ਰੁਪਾਣਾ, ਮਹਿੰਦਰ ਸਿੰਘ ਜੀਰਾ, ਹਰਜਿੰਦਰ ਸਿੰਘ ਸਾਦਿਕ, ਜਸਪਾਲ ਸਿੰਘ ਪੰਜਗਰਾਈਂ, ਕਰਨੈਲ ਸਿੰਘ ਬਰਗਾੜੀ, ਗੁਰਦੇਵ ਸਿੰਘ ਬਰਗਾੜੀ, ਗੁਰਮੀਤ ਸਿੰਘ ਰਣੀਆਂ ਨੇ ਸਥਾਨਕ ਮਿਉਂਸਪਲ ਪਾਰਕ ਕੋਟਕਪੂਰਾ ਵਿਖੇ ਸੂਬਾ ਪੱਧਰੀ ਮੀਟਿੰਗ ਦੌਰਾਨ ਕੀਤਾ। ਇਸ ਮੌਕੇ ਸਰਬਸੰਮਤੀ ਨਾਲ ਫੈਸਲਾ ਲਿਆ ਗਿਆ ਕਿ 31 ਅਗਸਤ ਦਾ ਅਜਾਦੀ ਦਿਹਾੜਾ ਧੂਮ - ਧਾਮ ਨਾਲ ਮਨਾਇਆ ਜਾਵੇਗਾ। ਅਜਾਦੀ ਦਿਹਾੜੇ ਵਿੱਚ ਸਮਾਜ ਦੇ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਹੁੰਮ - ਹੁੰਮਾ ਕੇ ਪਹੁੰਚਣ ਲਈ ਪੂਰੇ ਪੰਜਾਬ ਦੇ ਪਿੰਡਾਂ ਦੀਆਂ ਕਮੇਟੀਆਂ ਦਾ ਗਠਨ ਕੀਤਾ ਜਾਵੇਗਾ। ਵੱਖ - ਵੱਖ ਹਲਕਿਆਂ ਦੇ ਵਿਧਾਇਕਾਂ ਨੂੰ ਵਿਮੁਕਤ ਜਾਤੀਆਂ ਦੀਆਂ ਮੰਗਾਂ ਬਾਰੇ ਮੰਗ ਪੱਤਰ ਸੌਂਪੇ ਜਾਣਗੇ ਤੇ ਆਉਣ ਵਾਲੇ ਦਿਨਾਂ ਵਿੱਚ ਵਿਮੁਕਤ ਜਾਤੀਆਂ ਦੀਆਂ ਮੰਗਾਂ ਸਬੰਧੀ ਸੂਬਾ ਪੱਧਰੀ ਵਫਦ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਵੀ ਮਿਲੇਗਾ। ਇਸ ਮੌਕੇ ਪੂਰਨ ਸਿੰਘ ਸੰਧਵਾਂ, ਹਰਭਜਨ ਸਿੰਘ ਬੰਗੀ, ਚੰਦ ਸਿੰਘ ਘੁਗਿਆਣਾ, ਸਰਬਨ ਸਿੰਘ ਮਚਾਕੀ, ਛਿੰਦਰ ਸਿੰਘ ਪਟਵਾਰੀ, ਸੰਤ ਸਿੰਘ ਸਾਦਿਕ, ਗੁਰਦਰਸਨ ਸਿੰਘ ਰਾਮੇਆਣਾ, ਮੁਖਤਿਆਰ ਸਿੰਘ ਸੰਧਵਾਂ, ਗੁਰਮੇਲ ਸਿੰਘ ਰਾਮੇਆਣਾ, ਕਰਨੈਲ ਸਿੰਘ ਬਾਹਮਣ ਵਾਲਾ , ਗਗਨਦੀਪ ਸਿੰਘ ਪੰਜਗਰਾਈਂ ਵੀ ਹਾਜਰ ਸਨ।

# ਜੀਓ ਜੀ ਟੀਮ ਨੇ ਕਰਾਇਆ ਪਿੰਡ ਪਿੰਡੀਆ ਦੇ ਛੱਪੜ ਦਾ ਮਸਲਾ ਹੱਲ



**ਖਡੂਰ ਸਾਹਿਬ/ਜੱਜ ਕੰਡਾ**

ਤਹਿਸੀਲ ਖਡੂਰ ਸਾਹਿਬ ਵਿੱਚ ਪੈਂਦੇ ਪਿੰਡ ਪਿੰਡੀਆ ਦੇ ਲੋਕ ਛੱਪੜ ਦੀ ਸਫਾਈ ਨਾ ਹੋਣ ਕਾਰਨ ਕਾਫ਼ੀ ਪ੍ਰੇਸ਼ਾਨ ਰਹਿੰਦੇ ਸਨ ਅਤੇ ਜਦੋਂ ਬਰਸਾਤ ਦਾ ਸਮਾਂ ਆਉਂਦਾ ਸੀ ਤਾਂ ਲੋਕਾਂ ਦੇ ਘਰ ਡੂੰਘੇ ਹੋਣ ਕਾਰਨ ਗੰਦਾ ਪਾਣੀ ਸਕੂਲ ਵਿੱਚ ਤੇ ਘਰਾਂ ਵਿੱਚ ਵੜ ਜਾਂਦਾ ਸੀ ਜਿਸ ਕਾਰਨ ਪਿੰਡ ਵਾਸੀਆਂ ਅਤੇ ਸਕੂਲ ਦੇ ਬੱਚਿਆਂ ਨੂੰ ਬਹੁਤ ਸਾਰੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ ਘਰਾਂ ਅਤੇ ਸਕੂਲਾਂ ਵਿੱਚ ਗੰਦਾ ਪਾਣੀ ਦਾਖ਼ਲ ਹੋਣ ਨਾਲ ਕਈ ਤਰ੍ਹਾਂ ਦੀਆਂ ਬਿਮਾਰੀਆਂ ਫੈਲ ਜਾਂਦੀਆਂ ਸਨ ਅਤੇ ਪਿੰਡ ਵਾਸੀ ਕਾਫੀ ਪ੍ਰੇਸ਼ਾਨ ਸਨ ਉਨ੍ਹਾਂ ਨੇ ਇਹ ਮੁਦਾ ਆਪਣੇ ਆਪਣੇ ਤਹਿਸੀਲ ਹੈੱਡ ਗੁਲਜਾਰ ਸਿੰਘ ਸੁਪਰਵਾਈਜਰ ਲੈਫਟੀਨੈਂਟ ਜਸਬੀਰ ਸਿੰਘ ਦੇ ਧਿਆਨ ਵਿੱਚ ਲਿਆਂਦਾ ਗਿਆ ਪ੍ਰਸ਼ਾਸਨ ਵੱਲੋਂ ਛੱਪੜ ਦੀ ਸਫਾਈ ਦਾ ਕੰਮ ਸ਼ੁਰੂ ਕਰਵਾਇਆ ਗਿਆ ਇਸ ਮੌਕੇ ਸਫਾਈ ਸੁਰੂ ਹੋਣ ਸਮਝੇ ਮੌਕੇ ਰਛਪਾਲ ਸਿੰਘ ਰਾਮਪੁਰ ਜਸਵੰਤ ਸਿੰਘ ਬਿਹਾਰੀਪੁਰ ਚਰਨਜੀਤ ਸਿੰਘ ਹੋਠੀਆਂ ਰਣਬੀਰ ਸਿੰਘ ਪਿੰਡੀਆਂ ਜਸਬੀਰ ਸਿੰਘ ਜੀ ਓ ਜੀ ਪਿੰਡ ਮੀਆਂਵਿੰਡ ਆਦਿ ਹਾਜ਼ਰ ਸਨ।